ਚੜ੍ਹਦੀਕਲਾ ਪੜ੍ਹੋ
ਚੜ੍ਹਦੀਕਲਾ 'ਚ ਰਹੋ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ ਲਈ
ਆਪਣੇ ਅਖਬਾਰ ਏਜੰਟ ਤੋਂ ਚੜ੍ਹਦੀਕਲਾ ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

# ਚੜ੍ਹਦੀਕਲਾ

ਮੁੱਖ ਸੰਪਾਦਕ : ਡਾ. ਜਗਜੀਤ ਸਿੰਘ 'ਦਰਦੀ' DAILY CHARHDIKALA, CHANDIGARH
ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ
ਸੰਪਾਦਕ : ਦਮਨਦੀਪ ਸਿੰਘ

(Friday, 24 April 2026 ) ਚੰਡੀਗੜ੍ਹ, ਸ਼ੁੱਕਰਵਾਰ, 24 ਅਪ੍ਰੈਲ, 2026, 11 ਵੈਸਾਖ ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083

PRGI (RNI) Regd. No. CHPUN/25/A1790 ਸਾਲ (Year) 2 ਅੰਕ ਨੰਬਰ (Volume No.) 112 ਮੁੱਲ : 2.00 ਰੁਪਏ ਫ਼ੋਨ: +91-92168-07500 E-mail: news@charhdikala.com

ਚੜ੍ਹਦੀਕਲਾ
ਦੇ ਪੱਤਰਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੋਈ ਵੀ ਪ੍ਰੈੱਸ ਨੋਟ, ਖ਼ਬਰ ਜਾਂ ਇਸ਼ਤਿਹਾਰ
news@charhdikala.com
ਉੱਤੇ ਹੀ ਭੇਜਿਆ ਜਾਵੇ ਜੀ

## ਚੰਡੀਗੜ੍ਹੀਆਂ ਨੂੰ ਚੁੱਲ੍ਹਾ ਟੈਕਸ ਭਰਨ 'ਚ 31 ਮਈ ਤੱਕ 20 ਫ਼ੀਸਦੀ ਛੋਟ

**ਕਮਲਜੀਤ ਸਿੰਘ ਬਨਵੈਤ**

ਚੰਡੀਗੜ੍ਹ, 23 ਅਪ੍ਰੈਲ: ਚੰਡੀਗੜ੍ਹ ਨਗਰ ਨਿਗਮ ਇੱਕ ਵਾਰ ਫਿਰ ਸ਼ਹਿਰ ਵਾਸੀਆਂ ਉੱਤੇ ਮਿਹਰਬਾਨ ਹੋਇਆ ਹੈ। ਨਗਰ ਨਿਗਮ ਵੱਲੋਂ ਚੁੱਲ੍ਹਾ 31 ਮਈ ਤੱਕ ਟੈਕਸ ਭਰਨ ਵਾਲਿਆਂ ਨੂੰ ਕੁੱਲ ਰਕਮ ਤੇ 20 ਫ਼ੀਸਦੀ ਛੋਟ ਦੇ ਦਿੱਤੀ ਗਈ ਹੈ। ਚੁੱਲ੍ਹਾ ਟੈਕਸ ਭਰਨ ਦੀ ਆਖਰੀ ਤਾਰੀਖ 31 ਮਈ ਸੀ। ਨਗਰ ਨਿਗਮ ਦੇ ਕਮਿਸ਼ਨਰ ਅਮਿਤ ਕੁਮਾਰ ਨੇ ਦੱਸਿਆ ਕਿ ਟੈਕਸ 2026-27 ਲਈ ਮੁਲਾਂਕਣ ਸਾਲ 1 ਅਪ੍ਰੈਲ 2026 ਤੋਂ ਸ਼ੁਰੂ ਹੋ ਚੁੱਕਾ ਹੈ ਅਤੇ ਜਿਹੜੇ ਜਾਇਦਾਦ ਮਾਲਕਾਂ ਨੇ ਮਿੱਥੇ ਸਮੇਂ ਦੌਰਾਨ ਆਪਣਾ ਟੈਕਸ ਜਮ੍ਹਾਂ ਨਹੀਂ ਕਰਵਾਇਆ ਉਹ ਵਿਸ਼ੇਸ਼ ਛੋਟ ਲੈ ਸਕਦੇ ਹਨ। ਫੈਸਲੇ ਅਨੁਸਾਰ ਰਿਹਾਇਸ਼ੀ ਜਾਇਦਾਦਾਂ ਦੇ ਮਾਲਕਾਂ ਨੂੰ 20 ਫ਼ੀਸਦੀ ਅਤੇ ਵਪਾਰਕ ਜਾਇਦਾਦਾਂ ਦੇ ਮਾਲਕਾਂ ਨੂੰ 10 ਫ਼ੀਸਦੀ ਛੋਟ ਦਿੱਤੀ ਜਾ ਰਹੀ ਹੈ। ਇਹ ਛੋਟ ਇਕ ਅਪ੍ਰੈਲ 2026 ਤੋਂ 31 ਮਈ 2026 ਤੱਕ ਟੈਕਸ ਦੀ ਅਦਾਇਗੀ ਕਰਨ ਉੱਤੇ ਲਾਗੂ ਹੋਵੇਗੀ। ਜਦਕਿ ਚੈੱਕ ਅਤੇ ਡਿਮਾਂਡ ਡਰਾਫਟ ਰਾਹੀਂ ਅਦਾਇਗੀ ਸਿਰਫ 26 ਮਈ 2026 ਤੱਕ ਹੀ ਸਵੀਕਾਰ ਕੀਤੀ ਜਾਵੇਗੀ। ਕਮਿਸ਼ਨਰ ਨੇ ਕਿਹਾ ਕਿ ਟੈਕਸ ਅਦਾਇਗੀ ਨਾਲ ਜਿੱਥੇ ਨਾਗਰਿਕਾਂ ਨੂੰ ਵੱਧ ਤੋਂ ਵੱਧ ਛੋਟ ਮਿਲਦੀ ਹੈ ਉੱਥੇ ਹੀ ਨਿਗਮ ਦੇ ਵਿੱਤੀ ਸਰੋਤ ਵੀ ਮਜਬੂਤ ਹੁੰਦੇ ਹਨ। ਟੈਕਸ ਨਿਗਮ ਦੀ ਆਮਦਨ ਦਾ ਇੱਕ ਵੱਡਾ ਸਰੋਤ ਹੈ ਜਿਸ ਦੀ ਵਰਤੋਂ ਸ਼ਹਿਰ ਵਿੱਚ ਸਫਾਈ ਸੜਕਾਂ ਦੀ ਸੰਭਾਲ ਜਲ ਸਪਲਾਈ ਅਤੇ ਸ਼ਹਿਰੀ ਵਿਕਾਸ ਕਾਰਜਾਂ ਵਰਗੀਆਂ ਬੁਨਿਆਦੀ ਸੇਵਾਵਾਂ ਪ੍ਰਦਾਨ ਕਰਨ ਲਈ ਕੀਤੀ ਜਾਂਦੀ ਹੈ। ਲੋਕ ਟੈਕਸ ਜਮ੍ਹਾਂ ਕਰਾਉਣ ਤੋਂ ਪਹਿਲਾਂ ਅਧਾਰਤ ਈ-ਸੰਪਰਕ ਪੋਰਟਲ ਉੱਤੇ ਆਪਣੀ ਮੌਜੂਦਾ ਬਕਾਇਆ ਰਕਮ ਦੀ ਜਾਂਚ ਕਰ ਲੈਣ ਅਤੇ ਇਹ ਯਕੀਨੀ ਬਣਾਉਣ ਕਿ ਛੋਟ ਦਾ ਲਾਭ ਲੈਣ ਲਈ ਸਾਰੇ ਬਕਾਏ ਤਹਿ ਸਮੇਂ ਵਿੱਚ ਕਲੀਅਰ ਕਰ ਦਿੱਤੇ ਜਾਣ।




ਇੱਥੇ ਇਹ ਵੀ ਦੱਸਣਯੋਗ ਹੈ ਕਿ ਸ਼ਹਿਰ ਦੇ ਕਈ ਸਰਕਾਰੀ ਅਦਾਰੇ ਚੁੱਲ੍ਹਾ ਟੈਕਸ ਭਰਨ ਤੋਂ ਟਾਲਾ ਵੱਟਦੇ ਆ ਰਹੇ ਹਨ, ਜਿਸ ਦੇ ਚੱਲਦਿਆਂ ਨਗਰ ਨਿਗਮ ਦੀ ਇਹਨਾਂ ਅਦਾਰਿਆਂ ਵੱਲ ਕਈ ਕਰੋੜ ਦੀ ਰਕਮ ਬਕਾਇਆ ਖੜ੍ਹੀ ਹੈ। ਕਈ ਅਦਾਰੇ ਤਾਂ ਪਾਣੀ ਦਾ ਬਿੱਲ ਭਰਾਉਣ ਦੇ ਵੀ ਡਿਫਾਲਟਰ ਹਨ। ਜਾਣਕਾਰੀ ਅਨੁਸਾਰ ਪੀਜੀਆਈ ਅਤੇ ਪੰਜਾਬ ਯੂਨੀਵਰਸਿਟੀ ਸਿਰ ਕਈ ਕਰੋੜ ਤੋਂ ਵੱਧ ਦੀ ਦੇਣਦਾਰੀ ਖੜ੍ਹੀ ਹੈ। ਚੁੱਲ੍ਹਾ ਟੈਕਸ ਭਰਨ ਵਿੱਚ ਚੰਡੀਗੜ੍ਹ ਇਹ ਨਹੀਂ ਮੋਹਾਲੀ ਵਾਲੇ ਵੀ ਸੁਸਤ ਹਨ।

## ਆਸ਼ਾ ਵਰਕਰਾਂ ਤੇ ਫੈਸਲੀਟੇਟਰਾਂ ਦੇ ਮਾਣ ਭੱਤੇ ਵਧਾਉਣ ਲਈ ਕੇਂਦਰ ਸਰਕਾਰ ਤੱਕ ਪਹੁੰਚ ਕਰਾਂਗੇ : ਚੀਮਾ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਪੰਜਾਬ ਦੇ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਜ਼ਰੂਰੀ ਸਿਹਤ ਸੰਭਾਲ ਕਾਮਿਆਂ ਦੀ ਭਲਾਈ ਲਈ ਇੱਕ ਅਹਿਮ ਕਦਮ ਚੁੱਕਦਿਆਂ, ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਨੂੰ ਦਿੱਤੇ ਜਾਂਦੇ ਮਾਣ ਭੱਤਿਆਂ (ਇਨਸੈਂਟਿਵ) ਵਿੱਚ ਜ਼ਰੂਰੀ ਵਾਧੇ ਦੀ ਵਕਾਲਤ ਕਰਦੇ ਹੋਏ ਕੇਂਦਰ ਸਰਕਾਰ ਨੂੰ ਅਧਿਕਾਰਤ ਤੌਰ 'ਤੇ ਪੱਤਰ ਲਿਖਣ।

ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਨੂੰ ਮੌਜੂਦਾ ਸਕੀਮ ਤਹਿਤ ਇਨਾਂ ਭੁਗਤਾਨਾਂ ਨੂੰ ਵਧਾਉਣ ਲਈ ਅਪੀਲ ਕੀਤੀ ਜਾਣੀ ਚਾਹੀਦੀ ਹੈ, ਜੋ ਕਿ ਕੇਂਦਰ ਅਤੇ ਸੂਬੇ ਦਰਮਿਆਨ 60:40 ਦੇ ਵਿੱਤੀ ਅਨੁਪਾਤ 'ਤੇ ਕੰਮ ਕਰਦੀ ਹੈ ਆਸ਼ਾ ਵਰਕਰਜ਼ ਐਂਡ ਫੈਸਿਲੀਟੇਟਰਜ਼ ਸਾਂਝਾ ਮੋਰਚਾ, ਪਾਵਰਕੌਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਅਤੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਸਮੇਤ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਵਫ਼ਦਾਂ ਨਾਲ ਮੀਟਿੰਗਾਂ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਅਤੇ ਪੰਜਾਬ ਸਟੇਟ ਟ?ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਟੀ.ਸੀ.ਐਲ.) ਨੂੰ ਵੀ ਨਿਰਦੇਸ਼ ਦਿੱਤੇ ਕਿ ਪਾਵਰਕੌਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੀਆਂ ਮੰਗਾਂ ਦੇ ਹੱਲ ਲਈ ਇੱਕ ਠੋਸ ਨੀਤੀ ਬਣਾਈ ਜਾਵੇ। ਆਸ਼ਾ ਵਰਕਰਜ਼ ਐਂਡ ਫੈਸਲੀਟੇਟਰਜ਼ ਸਾਂਝਾ ਮੋਰਚਾ ਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਨਾਂ ਵਰਕਰਾਂ ਦੀ ਤੁਰੰਤ ਸਮਾਜਿਕ ਸੁਰੱਖਿਆ ਨੂੰ ਪਹਿਲ ਦਿੱਤੀ। ਉਨਾਂ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਾਰੀਆਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਲਈ ਜੀਵਨ ਬੀਮਾ ਕਵਰੇਜ ਨੂੰ ਯਕੀਨੀ ਬਣਾਉਣ ਲਈ ਕਿਸੇ ਬੈਂਕਿੰਗ ਸੰਸਥਾ ਨਾਲ ਸਮਝੌਤਾ ਕਰੇ। ਉਨ੍ਹਾਂ ਅੱਗੇ ਕਿਹਾ, 'ਯੂਨੀਅਨ ਵੱਲੋਂ ਉਠਾਈਆਂ ਗਈਆਂ ਜਾਇਜ਼ ਮੰਗਾਂ, ਜੋ ਸਿੱਧੇ ਤੌਰ 'ਤੇ ਵਿਭਾਗੀ ਪੱਧਰ 'ਤੇ ਹੱਲ ਕੀਤੀਆਂ ਜਾ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਪ੍ਰਸ਼ਾਸਨਿਕ ਮੀਟਿੰਗਾਂ ਅਤੇ ਫੈਸਲਾਕੁੰਨ ਕਾਰਵਾਈ ਰਾਹੀਂ ਬਿਨਾਂ ਕਿਸੇ ਦੇਰੀ ਦੇ ਹੱਲ ਕੀਤਾ ਜਾਣਾ ਚਾਹੀਦਾ ਹੈ।' ਸੂਬੇ ਦੇ ਬਿਜਲੀ ਖੇਤਰ ਦੇ ਕਾਮਿਆਂ ਦੀਆਂ ਚਿੰਤਾਵਾਂ ਨੂੰ ਸੰਬੋਧਿਤ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਾਵਰਕੌਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਨਾਲ ਵਿਸਤ੍ਰਿਤ ਮੀਟਿੰਗ ਕੀਤੀ। ਉਨ੍ਹਾਂ ਨੂੰ ਦਰਪੇਸ਼ ਕਾਰਜਸ਼ੀਲ ਮੁਸ਼ਕਲਾਂ ਅਤੇ ਆਊਟਸੋਰਸਡ ਰੁਜ਼ਗਾਰ ਤੋਂ ਸੇਵਾਵਾਂ ਕੰਟਰੈਕਟ ਵਿੱਚ ਤਬਦੀਲ ਕਰਨ ਦੀ ਉਨ੍ਹਾਂ ਦੀ ਮੰਗ ਦਾ ਹਮਦਰਦੀ ਨਾਲ ਜਾਇਜ਼ਾ ਲਿਆ। ਮੰਗਾਂ ਦੇ ਢਾਂਚਾਗਤ ਹੱਲ ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਅਤੇ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਬਸੰਤ ਗਰਗ ਨੂੰ ਸਿੱਧੇ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਉਹ ਇਨਾਂ ਆਊਟਸੋਰਸ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਮੁਕੰਮਲ ਤੌਰ 'ਤੇ ਹੱਲ ਕਰਨ ਲਈ ਕਾਰਪੋਰੇਸ਼ਨ ਪੱਧਰ 'ਤੇ ਤੁਰੰਤ ਠੋਸ ਨੀਤੀ ਤਿਆਰ ਕਰਨ। ਮੁਲਾਜ਼ਮਾਂ ਨਾਲ ਮੀਟਿੰਗਾਂ ਦੀ ਇਸ ਲੜੀ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਮਸਲਿਆਂ ਬਾਰੇ ਭਰੋਸਾ ਦਿਵਾਇਆ। ਉਨ੍ਹਾਂ ਯੂਨੀਅਨ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਸਬੰਧੀ ਠੋਸ ਭਰੋਸਾ ਦਿਵਾਉਂਦਿਆਂ ਦੱਸਿਆ ਕਿ ਸੂਬਾ ਸਰਕਾਰ ਇਨਾਂ 'ਤੇ ਹਮਦਰਦੀ ਨਾਲ ਵਿਚਾਰ ਕਰ ਰਹੀ ਹੈ। ਸਰਕਾਰ ਦੇ ਸਟੈਂਡ ਦੀ ਮੁੜ ਪੁਸ਼ਟੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਮਰਪਿਤ ਅਗਵਾਈ ਹੇਠ, ਤੁਹਾਡੀਆਂ ਮੰਗਾਂ 'ਤੇ ਪੂਰੀ ਗੰਭੀਰਤਾ ਨਾਲ ਵਿਚਾਰ ਕੀਤਾ ਜਾ ਰਿਹਾ ਹੈ ਅਤੇ ਨਿਰਪੱਖ ਹੱਲ ਲਈ ਸਰਗਰਮ ਸਮੀਖਿਆ ਕੀਤੀ ਜਾ ਰਹੀ ਹੈ। ਇਨ੍ਹਾਂ ਮੀਟਿੰਗਾਂ ਦੌਰਾਨ, ਆਸ਼ਾ ਵਰਕਰਜ਼ ਐਂਡ ਫੈਸਿਲੀਟੇਟਰਜ਼ ਸਾਂਝਾ ਮੋਰਚਾ ਵੱਲੋਂ ਅਮਰਜੀਤ ਕੌਰ, ਰਾਣੋ, ਹਰਿੰਦਰ ਕੌਰ ਸ਼ਤਰਾਣਾ ਅਤੇ ਸੰਤੋਸ਼ ਕੁਮਾਰ, ਪਾਵਰਕੌਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਬਲਿਹਾਰ ਸਿੰਘ, ਟੇਕ ਚੰਦ ਅਤੇ ਸ਼ੇਰ ਸਿੰਘ, ਅਤੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਵੱਲੋਂ ਗੁਰਬਾਜ਼ ਸਿੰਘ, ਪਵਨਬੀਰ ਸਿੰਘ ਅਤੇ ਗੁਰਵਿੰਦਰ ਸਿੰਘ ਨੇ ਆਪਣੇ ਮਸਲੇ ਅਤੇ ਮੰਗਾਂ ਪੇਸ਼ ਕੀਤੀਆਂ।



## ਗੋਇਲ ਵੱਲੋਂ ਗ਼ੈਰ-ਕਾਨੂੰਨੀ ਮਾਈਨਿੰਗ ਵਿਰੁੱਧ ਫ਼ਲਾਇੰਗ ਸਕੁਐਡ ਤੇ ਤਕਨੀਕ ਆਧਾਰਤ ਨਿਗਰਾਨੀ ਦੇ ਹੁਕਮ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਪੰਜਾਬ ਦੇ ਜਲ ਸਰੋਤ, ਭੂਮੀ ਤੇ ਜਲ ਸੰਭਾਲ ਅਤੇ ਖਣਨ ਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਤਿੰਨ ਵੱਖ-ਵੱਖ ਵਿਭਾਗਾਂ ਦੀ ਉੱਚ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਸਿੰਚਾਈ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਅਤੇ ਸੂਬੇ ਭਰ ਵਿੱਚ ਹੜ੍ਹ ਰੋਕੂ ਕਾਰਜ ਛੇਤੀ ਤੋਂ ਛੇਤੀ ਮੁਕੰਮਲ ਕਰਨ ਲਈ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿਖੇ ਖਣਨ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਕੈਬਨਿਟ ਮੰਤਰੀ ਨੇ ਗ਼ੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਫ਼ਲਾਇੰਗ ਸਕੁਐਡ ਬਣਾਉਣ ਦੇ ਹੁਕਮ ਦਿੱਤੇ। ਇਸੇ ਤਰਾਂ ਉਨ੍ਹਾਂ ਵੱਧ ਤੋਂ ਵੱਧ ਵਪਾਰਕ ਮਾਈਨਿੰਗ ਸਾਈਟਾਂ ਚਾਲੂ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਲੋਕਾਂ ਨੂੰ ਰੇਤ-ਬਜਰੀ ਜਿਹੇ ਖਣਿਜ ਪਦਾਰਥਾਂ ਦੀ ਸਪਲਾਈ ਵਿੱਚ ਸੁਧਾਰ ਹੋ ਸਕੇ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾ ਸਕੇ। ਆਧੁਨਿਕ ਪ੍ਰਬੰਧਨ ਪ੍ਰਣਾਲੀ ਦੀ ਲੋੜ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਤੁਰੰਤ ਨਿਗਰਾਨੀ ਅਤੇ ਕੰਟਰੋਲ ਲਈ ਆਧੁਨਿਕ ਸਾਫ਼ਟਵੇਅਰ ਦੇ ਉਪਯੋਗ ਦੀ ਹਦਾਇਤ ਵੀ ਦਿੱਤੀ। ਜਲ ਸਰੋਤ ਵਿਭਾਗ ਦੇ ਕਾਰਜਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਹਦਾਇਤ ਕੀਤੀ ਕਿ ਸਾਰੇ ਹੜ੍ਹ ਰੋਕਥਾਮ ਕਾਰਜ 30 ਜੂਨ ਤੋਂ ਪਹਿਲਾਂ ਪੂਰੇ ਕੀਤੇ ਜਾਣ ਤਾਂ ਜੋ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸੰਕਟਕਾਲੀ ਸਥਿਤੀ ਨੂੰ ਟਾਲ਼ਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਹਿਰੀ ਪਾਣੀ ਅਧੀਨ ਸਿੰਜਾਈ ਖੇਤਰ ਦੇ ਮੌਜੂਦਾ 78 ਫ਼ੀਸਦੀ ਘੇਰੇ ਨੂੰ ਹੋਰ ਵਧਾਇਆ ਜਾਵੇ ਤਾਂ ਜੋ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਈ ਜਾ ਸਕੇ। ਕੈਬਨਿਟ ਮੰਤਰੀ ਨੇ ਵਿਭਾਗ ਨੂੰ ਵਾਢੀ ਦੇ ਸੀਜ਼ਨ ਦੇ ਮੱਦੇਨਜ਼ਰ ਚੱਲ ਰਹੇ ਨਹਿਰੀ ਪਾਣੀ ਦੀ ਵਰਤੋਂ ਸਬੰਧੀ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਖੇਤੀਬਾੜੀ ਉਤਪਾਦਨ ਨੂੰ ਵਧਾਉਣ ਅਤੇ ਪਾਣੀ ਦੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਸੇਮ-ਪ੍ਰਭਾਵਿਤ ਜ਼ਮੀਨਾਂ ਦੇ ਸੁਧਾਰ ਸਬੰਧੀ ਪਹਿਲਕਦਮੀਆਂ ਨੂੰ ਸਾਰੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਵਧਾਉਣ 'ਤੇ ਵੀ ਜ਼ੋਰ ਦਿੱਤਾ। ਭੂਮੀ ਅਤੇ ਜਲ ਸੰਭਾਲ ਵਿਭਾਗ ਦੀ ਸਮੀਖਿਆ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੂੰ ਦੱਸਿਆ ਗਿਆ ਕਿ ਨਹਿਰੀ ਪਾਣੀ ਉਪਲਬਧ ਕਰਵਾਉਣ ਲਈ 5253 ਕਿਲੋਮੀਟਰ ਸਿੰਚਾਈ ਪਾਈਪਲਾਈਨ ਵਿਛਾਈ ਗਈ ਹੈ, ਜਿਸ ਨਾਲ 161,000 ਏਕੜ ਤੋਂ ਵੱਧ ਖੇਤੀਬਾੜੀ ਜ਼ਮੀਨ ਨੂੰ ਲਾਭ ਮਿਲਿਆ ਹੈ। ਸੂਬਾ ਸਰਕਾਰ ਦੀਆਂ ਮੁੱਖ ਪਹਿਲਕਦਮੀਆਂ ਗਿਣਾਉਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਤਿੰਨ ਵੱਡੇ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ, ਜਿਨਾਂ ਵਿੱਚ ਪਿੰਡਾਂ ਦੇ ਛੱਪੜਾਂ ਦੀ ਵਰਤੋਂ ਕਰਕੇ ਸੂਰਜੀ ਊਰਜਾ ਨਾਲ ਚੱਲਣ ਵਾਲੇ ਸਿੰਚਾਈ ਬੁਨਿਆਦੀ ਢਾਂਚੇ ਦੀ ਸਿਰਜਣਾ, ਮਿੱਟੀ ਦੇ ਖਿਸਕਾਅ ਨੂੰ ਰੋਕਣ, ਹੜ੍ਹਾਂ ਦੇ ਪ੍ਰਭਾਵ ਨੂੰ ਘਟਾਉਣ ਅਤੇ ਭੂਮੀਗਤ ਪਾਣੀ ਨੂੰ ਰੀਚਾਰਜ ਕਰਨ ਲਈ ਕੰਢੀ ਖੇਤਰ ਵਿੱਚ ਚੈੱਕ ਡੈਮਾਂ ਦਾ ਨਿਰਮਾਣ ਅਤੇ ਫਾਜ਼ਿਲਕਾ ਜ਼ਿਲ੍ਹੇ ਦੇ 29 ਪਿੰਡਾਂ ਵਿੱਚ ਸੇਮਗ੍ਰਸਤ ਜ਼ਮੀਨਾਂ ਦੀ ਮੁੜ-ਪ੍ਰਾਪਤੀ ਲਈ ਇੱਕ ਪ੍ਰਮੁੱਖ ਪ੍ਰਾਜੈਕਟ ਚਲਾਉਣਾ ਸ਼ਾਮਲ ਹੈ।

## ਹਾਈਕੋਰਟ ਵੱਲੋਂ ਤਿੰਨ ਬੰਦੀ ਸਿੰਘਾਂ ਦੀ ਉਮਰ ਕੈਦ ਦੀ ਸਜ਼ਾ ਮੁਅੱਤਲ, ਆਉਣਗੇ ਜੇਲ੍ਹ ਤੋਂ ਬਾਹਰ



ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਇੱਕ ਅਹਿਮ ਫੈਸਲੇ ਵਿੱਚ ਮਈ 2019 ਤੋਂ ਜੇਲ੍ਹ ਵਿੱਚ ਨਜ਼ਰਬੰਦ ਤਿੰਨ ਬੰਦੀ ਸਿੰਘਾਂ—ਹਰਚਰਨ ਸਿੰਘ ਦਿੱਲੀ, ਰਵਿੰਦਰਪਾਲ ਸਿੰਘ ਮਹਿਨਾ ਅਤੇ ਜਗਦੇਵ ਸਿੰਘ ਤਲਾਣੀਆ—ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ (suspension of sentence) ਕਰਦਿਆਂ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ ਹੈ। ਇਹ ਫੈਸਲਾ ਜਸਟਿਸ ਹਰਸਿਮਰਨ ਸਿੰਘ ਸੇਠੀ ਅਤੇ ਜਸਟਿਸ ਦੀਪਕ ਮਨਚੰਦਾ ਦੇ ਡਿਵੀਜ਼ਨ ਬੈਂਚ ਵੱਲੋਂ ਸੁਣਾਇਆ ਗਿਆ ਹੈ। ਇਨ੍ਹਾਂ ਤਿੰਨਾਂ ਨੂੰ ਸਾਲ 2024 ਵਿੱਚ ਐਨਆਈਏ (NIA) ਦੀ ਸਪੈਸ਼ਲ ਕੋਰਟ, ਜਿਸ ਦੀ ਪ੍ਰਧਾਨਗੀ ਜੱਜ ਮਨਜੋਤ ਕੌਰ ਕਰ ਰਹੇ ਸਨ, ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਹਾਈ ਕੋਰਟ ਦੇ ਇਸ ਫੈਸਲੇ ਤੋਂ ਬਾਅਦ ਹੁਣ ਇਨ੍ਹਾਂ ਤਿੰਨਾਂ ਸਿੰਘਾਂ ਦੀ ਰਿਹਾਈ ਦਾ ਰਾਹ ਪੱਧਰਾ ਹੋ ਗਿਆ ਹੈ। ਆਉਣ ਵਾਲੇ ਦਿਨਾਂ ਵਿੱਚ ਜ਼ਮਾਨਤੀ ਮੁਚਲਕੇ ਭਰਨ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਇਹ ਜੇਲ੍ਹ ਤੋਂ ਬਾਹਰ ਆ ਸਕਣਗੇ। ਇਸ ਮਾਮਲੇ ਵਿੱਚ ਅਦਾਲਤ ਵਿੱਚ ਬਚਾਅ ਪੱਖ ਦੇ ਵਕੀਲਾਂ ਨੇ ਅਹਿਮ ਦਲੀਲਾਂ ਪੇਸ਼ ਕੀਤੀਆਂ। ਹਰਚਰਨ ਸਿੰਘ ਲਈ ਐਡਵੋਕੇਟ ਨਵਕਿਰਨ ਸਿੰਘ, ਰਵਿੰਦਰਪਾਲ ਸਿੰਘ ਲਈ ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ ਅਤੇ ਜਗਦੇਵ ਸਿੰਘ ਲਈ ਐਡਵੋਕੇਟ ਬਲਬੀਰ ਸਿੰਘ ਸੇਵਕ ਪੇਸ਼ ਹੋਏ। ਇਸ ਪੂਰੇ ਕੇਸ ਦੀ ਪੈਰਵੀ 'ਸਿੱਖ ਲੀਗਲ ਅਸਿਸਟੈਂਟ ਬੋਰਡ' ਵੱਲੋਂ ਕੀਤੀ ਗਈ ਸੀ।

## ਪੰਜਾਬ ਸਰਕਾਰ ਵੱਲੋਂ ਆਸ਼ਰਿਤ ਬੱਚਿਆਂ ਲਈ 35.50 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ : ਡਾ. ਬਲਜੀਤ ਕੌਰ

### ਵਿੱਤੀ ਸਾਲ 2026-27 ਲਈ 432.78 ਕਰੋੜ ਰੁਪਏ ਦਾ ਬਜਟ ਉਪਬੰਧ, ਨਿਰੰਤਰ ਸਹਾਇਤਾ ਰਹੇਗੀ ਜਾਰੀ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਸ਼ਰਿਤ ਅਤੇ ਨਿਰਭਰ ਬੱਚਿਆਂ ਦੀ ਭਲਾਈ ਅਤੇ ਸਰਵਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸੇ ਸੰਦਰਭ ਵਿੱਚ ਵਿੱਤੀ ਸਾਲ 2026-27 ਦੌਰਾਨ ਮਹੀਨਾ ਮਾਰਚ ਲਈ ਪੰਜਾਬ ਸਰਕਾਰ ਵੱਲੋਂ 35.50 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ, ਜਿਸ ਨਾਲ ਸੂਬੇ ਭਰ ਦੇ ਲੋੜਵੰਦ 2.36 ਲੱਖ ਤੋਂ ਵੱਧ ਬੱਚਿਆਂ ਨੂੰ ਸਕੀਮ ਦਾ ਸਿੱਧਾ ਲਾਭ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਿੱਤੀ ਸਾਲ 2026-27 ਦੌਰਾਨ 432.78 ਕਰੋੜ ਰੁਪਏ ਦਾ ਬਜਟ ਉਪਬੰਧ ਵੀ ਕਰਵਾਇਆ ਗਿਆ ਹੈ, ਤਾਂ ਜੋ ਸੂਬੇ ਦੇ ਵੱਧ ਤੋਂ ਵੱਧ ਆਸ਼ਰਿਤ ਬੱਚਿਆਂ ਨੂੰ ਨਿਰੰਤਰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਸਕੀਮ ਅਧੀਨ ਲੱਖਾਂ ਆਸ਼ਰਿਤ ਬੱਚਿਆਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਿੱਤੀ ਸਹਾਇਤਾ ਦਾ ਉਦੇਸ਼ ਬੱਚਿਆਂ ਦੀ ਸਿੱਖਿਆ, ਸਿਹਤ ਅਤੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਉਣਾ ਹੈ ਤਾਂ ਜੋ ਕੋਈ ਵੀ ਬੱਚਾ ਆਰਥਿਕ ਤੰਗੀ ਕਾਰਨ ਆਪਣੇ ਭਵਿੱਖ ਤੋਂ ਵੰਚਿਤ ਨਾ ਰਹੇ। ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ-ਹਿਤੈਸ਼ੀ ਅਤੇ ਮਨੁੱਖੀ ਸੋਚ ਵਾਲੀਆਂ ਯੋਜਨਾਵਾਂ ਨੂੰ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਸ਼ਰਿਤ ਬੱਚਿਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਸਿਰਫ਼ ਭਲਾਈ ਯੋਜਨਾ ਨਹੀਂ, ਸਗੋਂ ਇਨ੍ਹਾਂ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਵੱਲ ਇੱਕ ਸੰਵੇਦਨਸ਼ੀਲ ਅਤੇ ਮਹੱਤਵਪੂਰਨ ਕਦਮ ਹੈ। ਉਨ੍ਹਾਂ ਹੋਰ ਦੱਸਿਆ ਕਿ ਇਸ ਸਕੀਮ ਅਧੀਨ ਉਹ ਬੱਚੇ ਕਵਰ ਕੀਤੇ ਜਾਂਦੇ ਹਨ ਜਿਨਾਂ ਦੀ ਉਮਰ 21 ਸਾਲ ਤੋਂ ਘੱਟ ਹੋਵੇ ਅਤੇ ਜਿਨਾਂ ਦੇ ਮਾਤਾ-ਪਿਤਾ ਦਾ ਦੇਹਾਂਤ ਹੋ ਚੁੱਕਾ ਹੋਵੇ, ਮਾਤਾ-ਪਿਤਾ ਲਾਪਤਾ ਹੋਣ ਜਾਂ ਮਾਤਾ-ਪਿਤਾ ਸਰੀਰਕ ਜਾਂ ਮਾਨਸਿਕ ਤੌਰ 'ਤੇ ਪਰਿਵਾਰ ਦੀ ਦੇਖਭਾਲ ਕਰਨ ਦੇ ਯੋਗ ਨਾ ਹੋਣ। ਇਸ ਸਕੀਮ ਤਹਿਤ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਨਾਲ ਅਜਿਹੇ ਬੱਚਿਆਂ ਦੀ ਪੜ੍ਹਾਈ ਜਾਰੀ ਰੱਖਣ ਅਤੇ ਜੀਵਨ ਪੱਧਰ ਸੁਧਾਰਨ ਵਿੱਚ ਮਦਦ ਮਿਲਦੀ ਹੈ। ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸਮਾਜਿਕ ਸੁਰੱਖਿਆ ਯੋਜਨਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਨਾਲ ਸਬੰਧਤ ਹਰ ਬੱਚੇ ਦੀ ਦੇਖਭਾਲ, ਸੁਰੱਖਿਆ ਅਤੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਇੱਕ ਸੁਰੱਖਿਅਤ, ਸਮਾਵੇਸ਼ੀ ਅਤੇ ਪ੍ਰਗਤੀਸ਼ੀਲ ਪੰਜਾਬ ਦਾ ਨਿਰਮਾਣ ਕਰਨਾ ਹੈ, ਜਿੱਥੇ ਹਰ ਬੱਚੇ ਨੂੰ ਅੱਗੇ ਵੱਧਣ ਅਤੇ ਆਪਣੇ ਭਵਿੱਖ ਦੇ ਨਿਰਮਾਣ ਲਈ ਬਰਾਬਰ ਦੇ ਮੌਕੇ ਮਿਲਣ।

## ਪੰਜਾਬ 'ਚ 'ਹੀਟ ਵੇਵ' ਦਾ ਅਲਰਟ: ਸਕੂਲਾਂ ਲਈ ਸਖ਼ਤ ਗਾਈਡਲਾਈਨਜ਼ ਜਾਰੀ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.) : ਪੰਜਾਬ ਵਿੱਚ ਗਰਮੀਆਂ ਦੀ ਸ਼ੁਰੂਆਤ ਦੇ ਨਾਲ ਹੀ ਤਾਪਮਾਨ ਵਿੱਚ ਤੇਜ਼ ਵਾਧੇ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਇਸ ਪ੍ਰਸੰਗ ਵਿੱਚ ਸਿੱਖਿਆ ਵਿਭਾਗ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਦੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲਾਂ ਲਈ 'ਹੀਟ ਵੇਵ' ਤੋਂ ਬਚਾਅ ਹਿੱਤ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਅਧਿਕਾਰਤ ਸੂਤਰਾਂ ਅਨੁਸਾਰ ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਵਿਦਿਆਰਥੀਆਂ ਦੀ ਸੁਰੱਖਿਆ ਸਭ ਤੋਂ ਪਹਿਲਾਂ ਹੈ ਅਤੇ ਵਧ ਰਹੀ ਗਰਮੀ ਦੇ ਮੱਦੇਨਜ਼ਰ ਕਿਸੇ ਵੀ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਜਾਰੀ ਕੀਤੇ ਗਏ ਹੁਕਮਾਂ ਅਨੁਸਾਰ, ਬੱਚਿਆਂ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਦੇ ਵਿਚਕਾਰ ਸਿੱਧੀ ਧੁੱਪ ਵਿੱਚ ਜਾਣ ਤੋਂ ਬਚਣ ਦੀ ਸਲਾਹ ਦਿੱਤੀ ਗਈ ਹੈ। ਸਕੂਲਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਜਾਂ ਫਿਜ਼ੀਕਲ ਐਜੂਕੇਸ਼ਨ ਦੇ ਪੀਰੀਅਡ ਦੌਰਾਨ ਗਰਮੀ ਤੋਂ ਬਚਾਅ ਦੇ ਤਰੀਕਿਆਂ ਪ੍ਰਤੀ ਜਾਗਰੂਕ ਕਰਨ। ਇਹ ਵੀ ਕਿਹਾ ਗਿਆ ਹੈ ਕਿ ਛੋਟੇ ਬੱਚੇ, ਗਰਭਵਤੀ ਮਹਿਲਾਵਾਂ ਅਤੇ ਬਜ਼ੁਰਗ ਗਰਮੀ ਨਾਲ ਜਲਦੀ ਪ੍ਰਭਾਵਿਤ ਹੁੰਦੇ ਹਨ, ਇਸ ਲਈ ਉਨ੍ਹਾਂ ਦੀ ਵਿਸ਼ੇਸ਼ ਦੇਖਭਾਲ ਕੀਤੀ ਜਾਵੇ। ਜੇ ਕਿਸੇ ਨੂੰ ਚੱਕਰ ਆਉਣ, ਉਲਟੀ ਜਾਂ ਬੇਹੋਸ਼ੀ ਵਰਗੇ ਲੱਛਣ ਮਹਿਸੂਸ ਹੋਣ, ਤਾਂ ਤੁਰੰਤ ਉਸਨੂੰ ਨਜ਼ਦੀਕੀ ਸਿਹਤ ਕੇਂਦਰ ਪਹੁੰਚਾਇਆ ਜਾਵੇ। ਪਸ਼ੂ ਪਾਲਕਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਆਪਣੇ ਪਸ਼ੂਆਂ ਨੂੰ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਕੰਮ 'ਤੇ ਨਾ ਲਗਾਉਣ। ਪਸ਼ੂਆਂ ਨੂੰ ਠੰਢੇ ਪਾਣੀ ਦੀ ਪ੍ਰਚੁਰ ਮਾਤਰਾ ਅਤੇ ਛਾਂ ਵਾਲੀ ਥਾਂ ਉਪਲਬਧ ਕਰਵਾਈ ਜਾਵੇ ਤਾਂ ਜੋ ਉਹ ਗਰਮੀ ਦੇ ਪ੍ਰਭਾਵ ਤੋਂ ਬਚ ਸਕਣ।

## ਪੰਜਾਬ 'ਚ ਬੇਅਦਬੀ ਵਿਰੋਧੀ ਕਾਨੂੰਨ ਲਾਗੂ ਕਰਨ ਲਈ ਸਪੀਕਰ ਸੰਧਵਾਂ ਦਾ ਵਿਸ਼ੇਸ਼ ਸਨਮਾਨ

### ਸਪੀਕਰ ਸੰਧਵਾਂ ਦੀ ਸ਼ਖਸੀਅਤ ਅਤੇ ਨਿਮਰ ਸੁਭਾਅ ਨੇ ਸਾਰਿਆਂ ਨੂੰ ਕੀਤਾ ਪ੍ਰਭਾਵਿਤ: ਚਾਣਕੀਆ



ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਕੋਟਕਪੂਰਾ ਦੇ ਨਿਹੰਗ ਸਿੰਘਾਂ ਦੇ ਮੁੱਖ ਸੇਵਾਦਾਰ ਬਾਬਾ ਕੁਲਵੰਤ ਸਿੰਘ ਚਾਣਕੀਆ ਨੇ ਅੱਜ ਕੋਟਕਪੂਰਾ ਵਿਖੇ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਦੇ ਸੁਹਿਰਦ ਯਤਨਾਂ ਸਦਕਾ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026 ਲਾਗੂ ਹੋ ਗਿਆ ਹੈ, ਜਿਸ ਨਾਲ ਵਿਸ਼ਵ ਭਰ ਵਿੱਚ ਸੰਗਤ ਨੇ ਖੁਸ਼ੀ ਮਨਾਈ ਹੈ। ਸੁਖਮਨੀ ਸਾਹਿਬ ਦਾ ਪਾਠ, ਨਿਤਨੇਮ ਬਾਣੀਆਂ, ਅਰਦਾਸ ਅਤੇ ਪਾਵਨ ਹੁਕਮਨਾਮੇ ਉਪਰੰਤ ਬਾਬਾ ਕੁਲਵੰਤ ਸਿੰਘ ਚਾਣਕੀਆ ਨੇ ਕਿਹਾ ਕਿ ਸਪੀਕਰ ਸੰਧਵਾਂ ਦੀ ਸ਼ਖਸੀਅਤ ਅਤੇ ਨਿਮਰ ਸੁਭਾਅ ਨੇ ਸਭਨਾਂ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ। ਸਪੀਕਰ ਸੰਧਵਾਂ ਨੇ ਜਥੇਦਾਰ ਬਾਬਾ ਕੁਲਵੰਤ ਸਿੰਘ ਚਾਣਕਿਆ ਸਮੇਤ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਭ ਸੰਗਤ ਦੇ ਸਹਿਯੋਗ ਅਤੇ ਗੁਰੂ ਜੀ ਦੇ ਆਸ਼ੀਰਵਾਦ ਨਾਲ ਹੀ ਸੰਭਵ ਹੋਇਆ ਹੈ। ਉਨਾਂ ਦਾਅਵਾ ਕੀਤਾ ਕਿ ਇਸ ਕਾਰਜ ਨੂੰ ਵੱਖ-ਵੱਖ ਰਵਾਇਤੀ ਪਾਰਟੀਆਂ ਦੇ ਆਗੂ ਅਤੇ ਪ੍ਰਭਾਵੀ ਸੰਗਠਨਾਂ ਦੇ ਨੁਮਾਇੰਦੇ ਸੱਤਾ ਵਿੱਚ ਹੋਣ ਦੇ ਬਾਵਜੂਦ ਵੀ ਅਮਲ ਵਿੱਚ ਨਹੀਂ ਲਿਆ ਸਕੇ। ਹੁਣ ਉਹ ਬੇਬੁਨਿਆਦ ਅਤੇ ਬੇਲੋੜੇ ਬਿਆਨ ਦੇ ਕੇ ਸਮਾਜ ਵਿੱਚ ਭੰਬਲਭੂਸਾ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਸਪੀਕਰ ਸੰਧਵਾਂ ਨੇ ਕਿਹਾ ਕਿ ਇਸ ਸਖ਼ਤ ਸਜ਼ਾ ਕਾਨੂੰਨ ਦੇ ਲਾਗੂ ਹੋਣ ਨਾਲ ਹੁਣ ਤੋਂ ਕੋਈ ਵੀ ਵਿਅਕਤੀ ਘਿਨਾਉਣੇ ਅਪਰਾਧ ਨੂੰ ਕਰਨ ਤੋਂ ਪਰਹੇਜ਼ ਕਰੇਗਾ। ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਤੋਂ ਇਕੱਠੀ ਹੋਈ ਸੰਗਤ ਨੇ ਇਸ ਮਿਸਾਲੀ ਕਾਰਜ ਲਈ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਦਾ ਧੰਨਵਾਦ ਕੀਤਾ।

## ਸਕੂਲਾਂ 'ਚ ਮਹਿੰਗੀਆਂ ਪੁਸਤਕਾਂ ਲਾਉਣ ਦਾ ਮਨੁੱਖੀ ਅਧਿਕਾਰ ਕਮਿਸ਼ਨ ਨੇ ਲਿਆ ਨੋਟਿਸ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਨੇ ਦੇਸ਼ ਭਰ ਦੇ ਸਕੂਲਾਂ ਵਿੱਚ ਮਹਿੰਗੀਆਂ ਪੁਸਤਕਾਂ ਲਾਉਣ ਦਾ ਨੋਟਿਸ ਲਿਆ ਹੈ। ਕਮਿਸ਼ਨ ਨੇ ਪੁਸਤਕਾਂ ਦੀਆਂ ਸੂਚੀਆਂ ਦਾ 30 ਦਿਨਾਂ ਦੇ ਅੰਦਰ ਆਡਿਟ ਕਰਨ ਦਾ ਹੁਕਮ ਦਿੱਤਾ ਹੈ। ਕਮਿਸ਼ਨ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਇਸ ਸਬੰਧੀ ਰਿਪੋਰਟ ਮੰਗੀ ਹੈ। ਇਸ ਦੇ ਨਾਲ ਹੀ ਸਿੱਖਿਆ ਮੰਤਰਾਲੇ ਅਤੇ ਸੀ.ਬੀ.ਐੱਸ.ਈ. (CBSE) ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਗਿਆ ਹੈ ਕਿ ਨਿੱਜੀ ਸਕੂਲਾਂ ਵੱਲੋਂ ਮਹਿੰਗੀਆਂ ਕਿਤਾਬਾਂ ਲਗਾਉਣ ਵਿਰੁੱਧ ਕੀ ਕਾਰਵਾਈ ਕੀਤੀ ਗਈ ਹੈ। ਕਮਿਸ਼ਨ ਨੇ ਇਸ ਦੌਰਾਨ ਕੇਂਦਰ ਨੂੰ 15 ਦਿਨਾਂ ਵਿੱਚ ਐਨ.ਸੀ.ਈ.ਆਰ.ਟੀ. (NCERT) ਦੇ ਨਿਯਮਾਂ ਬਾਰੇ ਸਥਿਤੀ ਸਪਸ਼ਟ ਕਰਨ ਲਈ ਕਿਹਾ ਗਿਆ ਹੈ। ਇਸ ਸਬੰਧੀ ਪੰਜਾਬ, ਚੰਡੀਗੜ੍ਹ ਤੋਂ ਇਲਾਵਾ ਹੋਰ ਸੂਬਿਆਂ ਦੇ ਵੱਡੀ ਗਿਣਤੀ ਵਿਦਿਆਰਥੀਆਂ ਦੇ ਮਾਪਿਆਂ ਨੇ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਸੀ ਕਿ ਕਈ ਪ੍ਰਾਈਵੇਟ ਸਕੂਲ ਐਨ.ਸੀ.ਈ.ਆਰ.ਟੀ. ਦੀਆਂ ਸਸਤੀਆਂ ਕਿਤਾਬਾਂ ਦੀ ਥਾਂ ਨਿੱਜੀ ਪ੍ਰਕਾਸ਼ਕਾਂ ਦੀਆਂ ਮਹਿੰਗੀਆਂ ਕਿਤਾਬਾਂ ਲਗਾ ਰਹੇ ਹਨ। ਉਨ੍ਹਾਂ ਤਰਕ ਦਿੱਤਾ ਕਿ ਜਿੱਥੇ ਸਰਕਾਰੀ ਕਿਤਾਬਾਂ ਦੀ ਕੀਮਤ ਸੈਂਕੜਿਆਂ ਵਿੱਚ ਹੁੰਦੀ ਹੈ, ਉੱਥੇ ਪ੍ਰਾਈਵੇਟ ਕਿਤਾਬਾਂ ਦੇ ਸੈੱਟ ਹਜ਼ਾਰਾਂ ਰੁਪਏ ਵਿੱਚ ਵੇਚੇ ਜਾ ਰਹੇ ਹਨ। ਕਮਿਸ਼ਨ ਨੇ ਕਿਹਾ ਕਿ ਅਜਿਹੀ ਲੁੱਟ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ 'ਤੇ ਭਾਰੀ ਬੋਝ ਪਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਵਿੱਚ ਅਜਿਹਾ ਵਪਾਰੀਕਰਨ ਬੱਚਿਆਂ ਦੇ ਬਰਾਬਰ ਸਿੱਖਿਆ ਦੇ ਅਧਿਕਾਰ ਨੂੰ ਨੁਕਸਾਨ ਪਹੁੰਚਾ ਰਿਹਾ ਹੈ।

## ਪੰਜਾਬ ਨੈਸ਼ਨਲ ਬੈਂਕ ਦੇ ਲਾਕਰ 'ਚੋਂ ਗਹਿਣੇ ਗਾਇਬ ਖਪਤਕਾਰ ਫੋਰਮ ਨੇ ਕੀਤਾ ਬੈਂਕ ਨੂੰ 1 ਕਰੋੜ ਦਾ ਹਰਜਾਨਾ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਜ਼ਿਲ੍ਹਾ ਖਪਤਕਾਰ ਵਿਵਾਦ ਨਿਵਾਰਣ ਕਮਿਸ਼ਨ ਚੰਡੀਗੜ੍ਹ ਨੇ ਪੰਜਾਬ ਨੈਸ਼ਨਲ ਬੈਂਕ ਨੂੰ ਸੇਵਾਵਾਂ ਵਿੱਚ ਵੱਡੀ ਕੋਤਾਹੀ ਦਾ ਦੋਸ਼ੀ ਪਾਉਂਦਿਆਂ ਇੱਕ ਸ਼ਹਿਰ ਨਿਵਾਸੀ ਮਹਿਲਾ ਨੂੰ ਇੱਕ ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦਾ ਇਤਿਹਾਸਕ ਫੈਸਲਾ ਸੁਣਾਇਆ ਹੈ। ਕਮਿਸ਼ਨ ਨੇ ਬੈਂਕ ਨੂੰ ਲਾਕਰ ਵਿੱਚੋਂ ਗਾਇਬ ਹੋਏ ਗਹਿਣਿਆਂ ਦੀ ਕੀਮਤ ਵਜੋਂ ਇਹ ਰਾਸ਼ੀ ਅਦਾ ਕਰਨ ਦੇ ਨਾਲ-ਨਾਲ ਸ਼ਿਕਾਇਤਕਰਤਾ ਨੂੰ ਹੋਈ ਮਾਨਸਿਕ ਪ੍ਰੇਸ਼ਾਨੀ ਅਤੇ ਕਾਨੂੰਨੀ ਖਰਚੇ ਵਜੋਂ ਇੱਕ ਲੱਖ ਰੁਪਏ ਵਾਧੂ ਦੇਣ ਦੇ ਨਿਰਦੇਸ਼ ਦਿੱਤੇ ਹਨ। ਸੈਕਟਰ 9-ਬੀ ਦੀ ਰਹਿਣ ਵਾਲੀ ਸ਼ਿਕਾਇਤਕਰਤਾ ਬੇਲਾ ਪ੍ਰਸਾਦ ਨੇ ਦੱਸਿਆ ਕਿ ਉਸ ਦਾ ਸੈਕਟਰ-17 ਸਥਿਤ ਪੀ.ਐਨ.ਬੀ. ਦੀ ਬ੍ਰਾਂਚ ਵਿੱਚ ਆਪਣੀ ਮਾਤਾ ਨਾਲ ਸਾਂਝਾ ਖਾਤਾ ਅਤੇ ਦੋ ਲਾਕਰ (ਨੰਬਰ 37 ਅਤੇ 38) ਸਨ। ਬ੍ਰਾਂਚ ਦੇ ਸੈਕਟਰ-9 ਵਿੱਚ ਵਿਲੀਨ ਹੋਣ ਤੋਂ ਬਾਅਦ ਉਸ ਨੇ ਆਪਣੀ ਮਾਤਾ ਦੀ ਮੌਤ ਪਿੱਛੋਂ ਲਾਕਰ ਨੰਬਰ 38 ਸਰੈਂਡਰ ਕਰ ਦਿੱਤਾ ਸੀ ਅਤੇ ਸਾਰਾ ਕੀਮਤੀ ਸਾਮਾਨ ਲਾਕਰ ਨੰਬਰ 37 ਵਿੱਚ ਤਬਦੀਲ ਕਰ ਦਿੱਤਾ ਸੀ। ਸਾਲ 2020 ਵਿੱਚ ਜਦੋਂ ਉਹ ਲਾਕਰ ਚਲਾਉਣ ਬੈਂਕ ਗਈ ਤਾਂ ਇਹ ਦੇਖ ਕੇ ਹੈਰਾਨ ਰਹਿ ਗਈ ਕਿ ਬੈਂਕ ਅਧਿਕਾਰੀਆਂ ਨੇ ਉਸ ਦਾ ਲਾਕਰ ਤੋੜ ਕੇ ਕਿਸੇ ਹੋਰ ਨੂੰ ਅਲਾਟ ਕਰ ਦਿੱਤਾ ਸੀ।

ਬੈਂਕ ਨੇ ਦਲੀਲ ਦਿੱਤੀ ਕਿ ਰਿਕਾਰਡ ਮੁਤਾਬਕ ਇਹ ਲਾਕਰ 2013 ਵਿੱਚ ਹੀ ਸਰੈਂਡਰ ਕਰ ਦਿੱਤਾ ਗਿਆ ਸੀ। ਹਾਲਾਂਕਿ, ਕਮਿਸ਼ਨ ਨੇ ਬੈਂਕ ਦੀ ਇਸ ਦਲੀਲ ਨੂੰ ਖਾਰਜ ਕਰਦਿਆਂ ਕਿਹਾ ਕਿ ਬੈਂਕ ਕੋਈ ਵੀ ਅਜਿਹਾ ਠੋਸ ਦਸਤਾਵੇਜ਼ ਪੇਸ਼ ਨਹੀਂ ਕਰ ਸਕਿਆ ਜਿਸ ਨਾਲ ਇਹ ਸਾਬਤ ਹੋਵੇ ਕਿ ਲਾਕਰ ਤੋੜਨ ਵੇਲੇ ਤੈਅ ਪ੍ਰਕਿਰਿਆ ਦਾ ਪਾਲਣ ਕੀਤਾ ਗਿਆ ਸੀ ਜਾਂ ਗਾਹਕ ਨੂੰ ਕੋਈ ਨੋਟਿਸ ਦਿੱਤਾ ਗਿਆ ਸੀ। ਮਹਿਲਾ ਕੋਲ ਅਜੇ ਵੀ ਲਾਕਰ ਦੀ ਅਸਲ ਚਾਬੀ ਮੌਜੂਦ ਹੋਣਾ ਬੈਂਕ ਦੇ ਦਾਅਵਿਆਂ ਨੂੰ ਝੂਠਾ ਸਾਬਤ ਕਰਨ ਲਈ ਕਾਫੀ ਸੀ।

ਕਮਿਸ਼ਨ ਨੇ ਆਪਣੇ ਫੈਸਲੇ ਵਿੱਚ ਸਪੱਸ਼ਟ ਕੀਤਾ ਕਿ ਲਾਕਰਾਂ ਦੀ ਸੁਰੱਖਿਆ ਦੇ ਮਾਮਲੇ ਵਿੱਚ ਬੈਂਕ ਦੀ ਜ਼ਿੰਮੇਵਾਰੀ ਸਭ ਤੋਂ ਉੱਪਰ ਹੁੰਦੀ ਹੈ। ਪਾਰਦਰਸ਼ਤਾ ਦੀ ਘਾਟ ਅਤੇ ਨਿਯਮਾਂ ਦੀ ਉਲੰਘਣਾ ਕਰਕੇ ਗਾਹਕ ਦਾ ਕੀਮਤੀ ਸਾਮਾਨ ਗੁਆਉਣਾ ਸੇਵਾਵਾਂ ਵਿੱਚ ਵੱਡੀ ਘਾਟ ਹੈ। ਕਮਿਸ਼ਨ ਨੇ ਬੈਂਕ ਨੂੰ ਹੁਕਮ ਦਿੱਤਾ ਹੈ ਕਿ ਉਹ ਤੁਰੰਤ ਸ਼ਿਕਾਇਤਕਰਤਾ ਦੇ ਨੁਕਸਾਨ ਦੀ ਭਰਪਾਈ ਕਰੇ।

## ਪੰਜਾਬ ਸਰਕਾਰ ਦਾ 'ਯੁੱਧ ਨਸ਼ਿਆਂ ਵਿਰੁੱਧ' : ਤਹਿਤ ਕਾਰਵਾਈ ਹੋਈ ਤੇਜ਼, ਐਨ. ਡੀ.ਪੀ.ਐਸ. ਕੇਸਾਂ 'ਚ 40 ਫੀਸਦੀ ਵਾਧਾ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਕਾਰਗਰ, ਤੇਜ਼ ਅਤੇ ਪ੍ਰਭਾਵੀ ਨਤੀਜੇ ਸਾਹਮਣੇ ਆ ਰਹੇ ਹਨ । ਤਾਜ਼ਾ ਅੰਕੜੇ ਦਰਸਾਉਂਦੇ ਹਨ ਕਿ ਨਸ਼ਿਆਂ ਵਿਰੁੱਧ ਕਾਰਵਾਈ ਵਿੱਚ ਵੱਡਾ ਵਾਧਾ ਹੋਇਆ ਹੈ, ਨਸ਼ਾ ਤਸਕਰੀ ਨੈੱਟਵਰਕਾਂ ਨੂੰ ਵੱਡੇ ਪੱਧਰ 'ਤੇ ਬੇਅਸਰ ਕੀਤਾ ਗਿਆ ਹੈ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਤਹਿਤ ਦੋਸ਼ੀਆਂ ਲਈ ਸਜ਼ਾ ਦਰ ਵਿੱਚ ਵੀ ਮਹੱਤਵਪੂਰਨ ਸੁਧਾਰ ਆਇਆ ਹੈ। ਅੰਕੜਿਆਂ ਅਨੁਸਾਰ 2022 ਤੋਂ 2026 (ਹੁਣ ਤੱਕ) ਦਰਮਿਆਨ 73,541 ਐਨਡੀਪੀਐਸ ਕੇਸ ਦਰਜ ਕੀਤੇ ਗਏ ਹਨ, ਜੋ ਕਿ 2017-21 ਦੇ 52,255 ਕੇਸਾਂ ਨਾਲੋਂ 40 ਫੀਸਦੀ ਤੋਂ ਵੱਧ ਵਾਧਾ ਦਰਸਾਉਂਦੇ ਹਨ। ਗ੍ਰਿਫ਼ਤਾਰੀਆਂ ਦੀ ਗਿਣਤੀ ਵੀ ਕਾਫੀ ਵਧੀ ਹੈ, ਜੋ 68,064 ਤੋਂ ਵੱਧ ਕੇ 98,596 ਹੋ ਗਈ ਹੈ, ਜਿਸ ਨਾਲ ਸੂਬੇ ਭਰ ਵਿੱਚ ਨਸ਼ਾ ਤਸਕਰੀ ਨੈੱਟਵਰਕਾਂ ਖ਼ਿਲਾਫ਼ ਲਗਾਤਾਰ ਅਤੇ ਵੱਡੇ ਪੱਧਰ 'ਤੇ ਕਾਰਵਾਈ ਦਾ ਪਤਾ ਲੱਗਦਾ ਹੈ। ਜ਼ਬਤੀਆਂ ਦੇ ਅੰਕੜੇ ਇਸ ਕਾਰਵਾਈ ਦੀ ਕਾਮਯਾਬੀ ਨੂੰ ਹੋਰ ਸਪਸ਼ਟ ਕਰਦੇ ਹਨ, ਜੋ ਸਪਲਾਈ ਚੇਨਾਂ ਵਿੱਚ ਗਹਿਰੀ ਪਹੁੰਚ ਦਰਸਾਉਂਦੇ ਹਨ। ਹੈਰੋਇਨ ਦੀ ਬਰਾਮਦਗੀ ਵਿੱਚ 148% ਦਾ ਵਾਧਾ ਹੋਇਆ ਹੈ—2022 ਤੋਂ ਹੁਣ ਤੱਕ 5,979 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਗਈ, ਜਦਕਿ 2017-21 ਵਿੱਚ ਇਹ ਮਾਤਰਾ 2,412 ਕਿਲੋਗ੍ਰਾਮ ਸੀ। ਅਫੀਮ ਦੀ ਜ਼ਬਤੀ ਵਿੱਚ ਵੀ 43% ਤੋਂ ਵੱਧ ਵਾਧਾ ਹੋ ਕੇ 3,583 ਕਿਲੋਗ੍ਰਾਮ ਹੋਇਆ ਹੈ, ਜੋ ਜ਼ਮੀਨੀ ਪੱਧਰ 'ਤੇ ਕਾਰਵਾਈ ਦੇ ਤੇਜ਼ ਹੋਣ ਨੂੰ ਦਰਸਾਉਂਦਾ ਹੈ। ਸਿੰਥੈਟਿਕ ਨਸ਼ਿਆਂ ਖ਼ਿਲਾਫ਼ ਕਾਰਵਾਈ ਵਿੱਚ ਖਾਸ ਤੌਰ 'ਤੇ ਵੱਡਾ ਉਛਾਲ ਦੇਖਿਆ ਗਿਆ ਹੈ। ਆਈਸ (ਕ੍ਰਿਸਟਲ ਮੈਥਐਮਫੈਟਾਮਾਈਨ) ਦੀ ਜ਼ਬਤੀ 17 ਕਿਲੋਗ੍ਰਾਮ ਤੋਂ ਵੱਧ ਕੇ 93 ਕਿਲੋਗ੍ਰਾਮ ਹੋ ਗਈ ਹੈ, ਜੋ ਕਿ 447% ਦਾ ਵਾਧਾ ਹੈ। ਕੋਕੇਨ ਦੀ ਜ਼ਬਤੀ 6,064 ਕਿਲੋਗ੍ਰਾਮ ਰਹੀ, ਜੋ ਕਿ ਪਹਿਲਾਂ ਦਰਜ 6,852 ਕਿਲੋਗ੍ਰਾਮ ਦੇ ਲਗਭਗ ਬਰਾਬਰ ਹੈ। ਇਸ ਮੁਹਿੰਮ ਦੀ ਪਕੜ ਹੁਣ ਦਵਾਈਆਂ ਦੇ ਗਲਤ ਇਸਤੇਮਾਲ ਤੱਕ ਵੀ ਪਹੁੰਚ ਗਈ ਹੈ। 2022-26 ਦੇ ਦੌਰਾਨ 8.7 ਕਰੋੜ ਗੋਲੀਆਂ ਅਤੇ ਕੈਪਸੂਲ ਜ਼ਬਤ ਕੀਤੇ ਗਏ ਹਨ, ਜੋ ਨੌਜਵਾਨਾਂ ਵਿੱਚ ਫੈਲ੍ਹ ਰਹੀ ਲਤ ਨੂੰ ਰੋਕਣ ਲਈ ਸਪਲਾਈ ਚੇਨਾਂ 'ਤੇ ਵੱਡਾ ਵਾਰ ਦਰਸਾਉਂਦਾ ਹੈ। ਸਭ ਤੋਂ ਅਹਿਮ ਗੱਲ ਇਹ ਹੈ ਕਿ ਇਹ ਕਾਰਵਾਈ ਨਿਆਂ ਪ੍ਰਣਾਲੀ ਵਿੱਚ ਵੀ ਨਤੀਜੇ ਦੇ ਰਹੀ ਹੈ। ਦੋਸ਼ੀਆਂ ਲਈ ਸਜ਼ਾ ਦਰ 89% ਤੱਕ ਪਹੁੰਚ ਗਈ ਹੈ, ਜੋ ਮਜ਼ਬੂਤ ਜਾਂਚ, ਸੁਚੱਜਤਾ ਨਾਲ ਸਬੂਤ ਜੁਟਾਉਣ ਅਤੇ ਪ੍ਰਭਾਵਸ਼ਾਲੀ ਮੁਕੱਦਮੇਬਾਜ਼ੀ ਨੂੰ ਦਰਸਾਉਂਦੀ ਹੈ। ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਕਿਹਾ, "ਇਹ ਸਿਰਫ਼ ਕਾਰਵਾਈ ਵਿੱਚ ਵਾਧਾ ਨਹੀਂ, ਸਗੋਂ ਨਸ਼ਿਆਂ ਦੇ ਖ਼ਤਰੇ ਨਾਲ ਨਜਿੱਠਣ ਦੇ ਢੰਗ ਵਿੱਚ ਇਕ ਬੁਨਿਆਦੀ ਬਦਲਾਅ ਹੈ। ਕੇਸਾਂ ਅਤੇ ਜ਼ਬਤੀਆਂ ਵਿੱਚ ਵਾਧਾ ਇੰਟੈਲੀਜੈਂਸ ਅਧਾਰਿਤ ਕਾਰਵਾਈ ਨੂੰ ਦਰਸਾਉਂਦਾ ਹੈ, ਜਦਕਿ ਵਧਦੀ ਸਜ਼ਾ ਦਰ ਦਿਖਾਉਂਦੀ ਹੈ ਕਿ ਕੇਸ ਸਿੱਟਾ ਪੂਰਨ ਪੜਾਅ ਤੱਕ ਲਿਜਾਏ ਜਾ ਰਹੇ ਹਨ। ਸਪਲਾਇਰ ਤੋਂ ਲੈ ਕੇ ਡਿਸਟਰੀਬਿਊਟਰ ਤੱਕ ਪੂਰੀ ਲੜੀ 'ਤੇ ਲਗਾਤਾਰ ਦਬਾਅ ਬਣਾਇਆ ਗਿਆ ਹੈ। ਡੀ ਜੀ ਪੀ ਨੇ ਦੱਸਿਆ ਕਿ ਇਸ ਕਾਰਵਾਈ ਦੀ ਵਿਆਪਕਤਾ ਅਤੇ ਲਗਾਤਾਰਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਪੱਸ਼ਟ ਰਣਨੀਤਿਕ ਸਮਝ ਦਾ ਨਤੀਜਾ ਹੈ, ਜਿਸ ਦੇ ਤਹਿਤ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਪੰਜਾਬ ਭਰ ਵਿੱਚ ਸਰਗਰਮ ਕਾਰਵਾਈ ਅਹਿਮ ਹਿੱਸਾ ਬਣ ਚੁੱਕੀ ਹੈ। ਹਾਲਾਂਕਿ ਜ਼ਬਤੀਆਂ ਵਿੱਚ ਵਾਧਾ ਜ਼ਮੀਨੀ ਕਾਰਵਾਈ ਵਿਚ ਤੇਜ਼ੀ ਨੂੰ ਦਰਸਾਉਂਦਾ ਹੈ, ਪਰ ਮਾਨ ਸਰਕਾਰ ਨੇ ਦੁਹਰਾਇਆ ਹੈ ਕਿ ਮੁੱਖ ਟੀਚਾ ਨਸ਼ਾ ਨੈੱਟਵਰਕ ਨੂੰ ਤੋੜਨਾ ਅਤੇ ਨਸ਼ਿਆਂ ਦੀ ਉਪਲਬਧਤਾ ਨੂੰ ਘਟਾਉਣਾ ਹੈ, ਤਾਂ ਜੋ ਇਹ ਕਾਰਵਾਈ ਸਥਾਈ ਪ੍ਰਭਾਵ ਵਿੱਚ ਬਦਲੇ।

# 25 ਗ੍ਰਾਮ ਨਸ਼ੀਲਾ ਪਾਊਡਰ ਅਤੇ 25 ਹਜ਼ਾਰ ਰੁਪਏ ਡਰੱਗ ਮਨੀ ਸਮੇਤ ਚਾਰ ਕਾਬੂ

ਸ੍ਰੀ ਅਨੰਦਪੁਰ ਸਾਹਿਬ, 23 ਅਪ੍ਰੈਲ (ਤਰਲੋਚਨ ਸਿੰਘ): ਸਥਾਨਕ ਪੁਲਿਸ ਨੇ 25 ਗ੍ਰਾਮ ਨਸ਼ੀਲਾ ਪਾਊਡਰ, 25 ਹਜ਼ਾਰ ਰੁਪਏ ਡਰੱਗ ਮਨੀ ਅਤੇ ਇੱਕ ਕਾਰ ਸਮੇਤ ਚਾਰ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਡੀਐਸਪੀ ਜਸ਼ਨਦੀਪ ਸਿੰਘ ਮਾਨ ਅਤੇ ਥਾਣਾ ਮੁਖੀ ਇੰਸਪੈਕਟਰ ਦਾਨਿਸ਼ ਵੀਰ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੇ ਕੱਲ੍ਹ ਚੌਕੀ ਇੰਚਾਰਜ ਐਸ ਆਈ ਸਰਤਾਜ ਸਿੰਘ ਸਮੇਤ ਪੁਲਿਸ ਪਾਰਟੀ ਪੰਜ ਪਿਆਰਾ ਚੌਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੌਜੂਦ ਸੀ, ਜਿੱਥੇ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕਿ ਅਕੈਡਮੀ ਰੋਡ ਵਿਖੇ ਇਕ ਰਾਇਲ ਗੈਸਟ ਹਾਊਸ ਤੇ ਕੁਝ ਨਸ਼ਾ ਤਸਕਰ ਨਸ਼ਾ ਵੇਚਣ ਦਾ ਧੰਦਾ ਕਰ ਰਹੇ ਹਨ ਅਤੇ 8 ਗਾਹਕਾਂ ਨੂੰ ਸਪਲਾਈ ਕਰਨ ਲਈ ਉਥੇ ਮੌਜੂਦ ਹਨ। ਸੂਚਨਾ ਦੇ ਆਧਾਰ 'ਤੇ ਪੁਲਿਸ ਨੇ ਮੁਕੱਦਮਾ ਦਰਜ ਕਰਕੇ ਰਾਇਲ ਗੈਸਟ ਹਾਊਸ 'ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਤਜਿੰਦਰ ਕੁਮਾਰ ਉਰਫ ਰਵੀ, ਹਰਦੀਪ ਸਿੰਘ ਉਰਫ ਹੈਪੀ, ਸੁਰਿੰਦਰ ਸ਼ਰਮਾ ਉਰਫ ਮੰਨੂ ਅਤੇ ਰਵੀ ਕੁਮਾਰ ਉਰਫ ਰਵੀ ਹੰਸ ਨੂੰ ਮੌਕੇ 'ਤੇ ਕਾਬੂ ਕਰ ਲਿਆ ਗਿਆ। ਪੁਲਿਸ ਨੇ ਮੌਕੇ 'ਤੇ ਦੋਸ਼ੀਆਂ ਕੋਲੋਂ 25 ਗ੍ਰਾਮ ਨਸ਼ੀਲਾ ਪਾਊਡਰ, 25 ਹਜ਼ਾਰ ਰੁਪਏ ਡਰੱਗ ਮਨੀ ਅਤੇ ਇੱਕ ਕਾਰ ਨੰਬਰ ਪੀਬੀ-16ਐਚ-9896 ਬਰਾਮਦ ਕੀਤੀ ਹੈ। ਪੁੱਛਗਿੱਛ ਦੌਰਾਨ ਜਰਨੈਲ ਸਿੰਘ ਵਾਸੀ ਮੀਆਂਪੁਰ ਦਾ ਨਾਮ ਵੀ ਸਾਹਮਣੇ ਆਇਆ ਹੈ, ਜਿਸ ਨੂੰ ਮਾਮਲੇ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰਨ ਲਈ ਵੱਖ-ਵੱਖ ਟੀਮਾਂ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਡੀਐਸਪੀ ਨੇ ਦੱਸਿਆ ਕਿ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਦੋ ਦਿਨ ਦਾ ਪੁਲਿਸ ਰਿਮਾਂਡ ਮਿਲਿਆ ਹੈ ਅਤੇ ਲੋੜ ਪੈਣ 'ਤੇ ਹੋਰ ਰਿਮਾਂਡ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਦੋਸ਼ੀਆਂ ਦੇ ਮੋਬਾਈਲ ਫੋਨਾਂ ਅਤੇ ਹੋਰ ਇਲੈਕਟ੍ਰਾਨਿਕ ਡਿਵਾਈਸਾਂ ਦੀ ਫੋਰੈਂਸਿਕ ਜਾਂਚ ਕਰਵਾਈ ਜਾਵੇਗੀ ਤਾਂ ਜੋ ਨਸ਼ਾ ਸਪਲਾਈ ਦੀ ਪੂਰੀ ਚੇਨ ਦਾ ਪਤਾ ਲਗਾਇਆ ਜਾ ਸਕੇ। ਪੁਲਿਸ ਅਨੁਸਾਰ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਦੋਸ਼ੀ ਪਹਿਲਾਂ ਵੀ ਗੈਰ-ਕਾਨੂੰਨੀ ਸ਼ਰਾਬ ਦੇ ਕਾਰੋਬਾਰ ਨਾਲ ਜੁੜੇ ਰਹੇ ਹਨ ਅਤੇ ਉਨ੍ਹਾਂ ਦੇ ਪੁਰਾਣੇ ਅਪਰਾਧਿਕ ਰਿਕਾਰਡ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਡੀਐਸਪੀ ਨੇ ਕਿਹਾ ਕਿ ਨਸ਼ਾ ਤਸਕਰਾਂ ਦੇ ਬੈਕਵਰਡ ਅਤੇ ਫਾਰਵਰਡ ਲਿੰਕ ਖੰਗਾਲੇ ਜਾ ਰਹੇ ਹਨ ਅਤੇ ਜੋ ਵੀ ਵਿਅਕਤੀ ਇਸ ਰੈਕਟ ਨਾਲ ਜੁੜਿਆ ਮਿਲੇਗਾ, ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮਿਲੀ ਜਾਣਕਾਰੀ ਮੁਤਾਬਕ ਪੁਲਿਸ ਵੱਲੋਂ ਫੜੇ ਗਏ ਇਸ ਨਸ਼ੀਲੇ ਪਦਾਰਥਾਂ ਦੇ ਮਾਮਲੇ ਵਿੱਚ ਸ੍ਰੀ ਨੈਣਾ ਦੇਵੀ ਮੁੱਖ ਮਾਰਗ 'ਤੇ ਸਥਿਤ ਇੱਕ ਪਹਿਲਾਂ ਤੋਂ ਹੀ ਬਦਨਾਮ ਰਹੇ ਹੋਟਲ ਦਾ ਨਾਮ ਵੀ ਜੁੜ ਰਿਹਾ ਦੱਸਿਆ ਗਿਆ ਹੈ ਪ੍ਰੰਤੂ ਪੁਲਿਸ ਵੱਲੋਂ ਇਸ ਸਬੰਧੀ ਪੁਸ਼ਟੀ ਨਹੀਂ ਕੀਤੀ ਗਈ।



# ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਵਿਸ਼ੇਸ਼ ਕੀਰਤਨ ਸਮਾਗਮ ਭਲਕੇ

ਲੁਧਿਆਣਾ, 23 ਅਪ੍ਰੈਲ (ਕਰਨੈਲ ਸਿੰਘ ਐੱਮ.ਏ.): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੋਕਲ ਪੁਆਇੰਟ, ਜਮਾਲਪੁਰ, ਲੁਧਿਆਣਾ ਵਿਖੇ ਤੀਸਰੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਵਿਸ਼ੇਸ਼ ਕੀਰਤਨ ਸਮਾਗਮ 25 ਅਪ੍ਰੈਲ ਦਿਨ ਸ਼ਨੀਵਾਰ ਨੂੰ ਸ਼ਾਮ 7.30 ਵਜੇ ਤੋਂ ਰਾਤ 9 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਭਾਈ ਗੁਰਮਿੰਦਰਪਾਲ ਸਿੰਘ (ਲਾਲ ਵੀਰ ਜੀ) ਲੁਧਿਆਣੇ ਵਾਲੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਦੇਵ ਸਿੰਘ ਵੱਲੋਂ ਸਰਬੱਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਵੱਧ ਤੋਂ ਵੱਧ ਹਾਜ਼ਰੀ ਭਰ ਕੇ ਤਨ, ਮਨ, ਧੰਨ ਨਾਲ ਸੇਵਾ ਕਰਕੇ ਆਪਣਾ ਜੀਵਨ ਸਫ਼ਲ ਕਰਨ ਲਈ ਬੇਨਤੀ ਕੀਤੀ।

# 10 ਮਈ ਨੂੰ ਬੀ.ਸੀ.ਵਿੰਗ ਵੱਲੋਂ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਦਿਹਾੜਾ : ਗਾਬੜੀਆ

ਲੁਧਿਆਣਾ, 23 ਅਪ੍ਰੈਲ (ਕਰਨੈਲ ਸਿੰਘ ਐੱਮ.ਏ.): ਸ਼੍ਰੋਮਣੀ ਅਕਾਲੀ ਦਲ ਬੀ.ਸੀ.ਵਿੰਗ ਦੇ ਕੌਮੀ ਪ੍ਰਧਾਨ ਜੱਥੇਦਾਰ ਹੀਰਾ ਸਿੰਘ ਗਾਬੜੀਆ ਦੀ ਪ੍ਰਧਾਨਗੀ ਹੇਠ ਜਨਤਾ ਨਗਰ, ਗਿੱਲ ਰੋਡ ਵਿਖੇ ਪੂਰੇ ਪੰਜਾਬ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 10 ਮਈ ਨੂੰ ਮਨਾਏ ਜਾਣ ਵਾਲੇ ਸਮਾਗਮ ਸੰਬੰਧੀ ਹੋਈ। ਜਿਸ ਨੂੰ ਸੰਬੋਧਨ ਕਰਦਿਆਂ ਜੱਥੇਦਾਰ ਹੀਰਾ ਸਿੰਘ ਗਾਬੜੀਆ ਨੇ ਕਿਹਾ ਕਿ 18ਵੀਂ ਸਦੀ ਦੇ ਮਹਾਨ ਯੋਧੇ, ਰਾਮਗੜ੍ਹੀਆ ਮਿਸਲ ਦੇ ਬਾਨੀ, ਲਾਲ ਕਿਲ੍ਹੇ ਦੇ ਜੇਤੂ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 303ਵੇਂ ਜਨਮ-ਦਿਨ ਨੂੰ ਦੁਪਹਿਰ 2 ਵਜੇ ਦਾਨਾ ਮੰਡੀ, ਗਿੱਲ ਰੋਡ, ਨੇੜੇ ਅਰੋੜਾ ਪੈਲੇਸ ਲੁਧਿਆਣਾ ਵਿਖੇ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਮੁੱਖ ਮਹਿਮਾਨ ਵਜੋਂ ਸਿਰਕਤ ਕਰਨਗੇ। ਜੱਥੇਦਾਰ ਗਾਬੜੀਆ ਨੇ ਕਿਹਾ ਕਿ ਮੀਟਿੰਗ ਵਿੱਚ ਪੰਜਾਬ ਭਰ ਦੇ ਅਹੁਦੇਦਾਰਾਂ, ਜ਼ਿਲ੍ਹਾ ਪ੍ਰਧਾਨਾਂ ਅਤੇ ਸਮੂਹ ਅਹੁਦੇਦਾਰਾਂ ਨੂੰ ਆ ਰਹੀਆਂ ਨਗਰ ਕੌਂਸਲ ਚੋਣਾਂ ਸੰਬੰਧੀ ਵਿਚਾਰਾਂ ਕੀਤੀਆਂ ਗਈਆਂ ਵੋਟਰ ਲਿਸਟਾਂ ਸੰਬੰਧੀ ਵਿਚਾਰ ਸਾਂਝੇ ਕੀਤੇ ਗਏ ਜਥੇਦਾਰ ਗਾਬੜੀਆ ਨੇ 10 ਮਈ ਦਿਨ ਐਤਵਾਰ ਨੂੰ ਵੱਡੀ ਪੱਧਰ 'ਤੇ ਮਨਾਏ ਜਾ ਰਹੇ ਸਮਾਗਮ ਸਬੰਧੀ ਸਾਰਿਆਂ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ। ਸਾਰਿਆਂ ਨੂੰ ਆਪਣੇ-ਆਪਣੇ ਸਾਥੀਆਂ ਸਮੇਤ ਪਹੁੰਚਣ ਲਈ ਕਿਹਾ ਕਿ ਇਸ ਸਮਾਗਮ ਵਿੱਚ ਸਾਰਿਆਂ ਦਾ ਸਮੇਂ ਸਿਰ ਪਹੁੰਚਣਾ ਜ਼ਰੂਰੀ ਹੋਵੇਗਾ। ਮੀਟਿੰਗ ਵਿੱਚ ਹਾਜ਼ਰ ਬੀ.ਸੀ. ਵਿੰਗ ਦੇ ਸਮੂਹ ਅਹੁਦੇਦਾਰਾਂ ਦਾ ਗੁਰਮੀਤ ਸਿੰਘ ਕੁਲਾਰ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਸਮੇਂ ਵਿਸ਼ੇਸ਼ ਤੌਰ ਤੇ ਗੁਰਦੀਪ ਸਿੰਘ ਸ਼ੇਖੂਪੂਰਾ, ਗੁਰਚਰਨ ਸਿੰਘ ਗੁਰੂ ਮੀਡੀਆ ਇੰਚਾਰਜ, ਭੁਪਿੰਦਰ ਪਾਲ ਸਿੰਘ ਜਾਗੜਾ, ਦਵਿੰਦਰ ਸਿੰਘ ਕਲਸੀ, ਗੁਰਦੀਪ ਸਿੰਘ ਲੀਲ, ਜਸਦੀਪ ਸਿੰਘ ਕਾਉਂਕੇ, ਚਰਨਜੀਤ ਸਿੰਘ ਚੰਨੀ, ਹਰਦਿਆਲ ਸਿੰਘ ਭੱਟੀ ਪਟਿਆਲਾ, ਹਰੀਸ਼ ਕੁਮਾਰ ਪਠਾਨਕੋਟ, ਨਰਿੰਦਰ ਸਿੰਘ ਸੇਖਵਾਂ, ਇੰਦਰਜੀਤ ਸਿੰਘ ਪੰਡੋਰੀ ਅੰਮ੍ਰਿਤਸਰ, ਚਮਕੌਰ ਸਿੰਘ ਉੱਭੀ, ਸੁਰਿੰਦਰ ਸਿੰਘ ਸੈਣੀ ਪਠਾਨਕੋਟ, ਸਿਰਾਜ ਮੁਹੰਮਦ, ਮਨਜਿੰਦਰ ਸਿੰਘ ਤਰਨਤਾਰਨ, ਸੁਰਜੀਤ ਸਿੰਘ ਕੈਰੇ ਹੁਸ਼ਿਆਰਪੁਰ, ਮਲਕੀਤ ਸਿੰਘ ਸਸਰਾਲੀ, ਰਛਪਾਲ ਸਿੰਘ ਫੌਜੀ, ਸਵਰਨ ਸਿੰਘ ਮਹੌਲੀ, ਨਰਿੰਦਰਪਾਲ ਸਿੰਘ ਮੋਗਾ, ਜਸਪਿੰਦਰ ਸਿੰਘ ਫਤਹਿਗੜ੍ਹ ਸਾਹਿਬ, ਪਰਮਿੰਦਰ ਸਿੰਘ ਜੰਡੂ ਫਗਵਾੜਾ, ਅਜੈਬ ਸਿੰਘ ਹਰਬੰਸਪੁਰ, ਜਸਬੀਰ ਸਿੰਘ ਮੰਗਲੀ ਅਤੇ ਅਵਤਾਰ ਸਿੰਘ ਸੁਲਤਾਨਪੁਰ ਲੋਧੀ ਹਾਜ਼ਰ ਸਨ।



# ਮੇਰੇ ਖਿਲਾਫ਼ ਲਾਇਆ ਧਰਨਾ ਤੇ ਕੀਤੀ ਨਾਅਰੇਬਾਜ਼ੀ ਸਿਆਸਤ ਤੋਂ ਪ੍ਰੇਰਿਤ : ਦੀਪਕ ਸੂਦ

ਰਾਜਪੁਰਾ 23 ਅਪ੍ਰੈਲ (ਸੰਜੀਵ ਕੁਮਾਰ): ਅੱਜ ਆੜ੍ਹਤੀ ਐਸੋਸੀਏਸ਼ਨ ਵੱਲੋਂ ਮੇਰੇ ਦਫ਼ਤਰ ਦੇ ਬਾਹਰ ਮੇਰੇ ਖਿਲਾਫ ਮੁਜ਼ਾਹਰਾ ਕਰਕੇ ਜੋ ਨਾਅਰੇਬਾਜ਼ੀ ਕੀਤੀ ਗਈ ਹੈ। ਇਹ ਸਭ ਕੁਝ ਇੱਕ ਸਿਆਸੀ ਪਰਿਵਾਰ ਦੀ ਸ਼ਹਿ 'ਤੇ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕਿਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਨੇ ਅੱਜ ਆਪਣੇ ਦਫ਼ਤਰ ਦੇ ਬਾਹਰ ਉਨ੍ਹਾਂ ਦੇ ਖਿਲਾਫ ਆੜ੍ਹਤੀਆਂ ਵੱਲੋਂ ਕੀਤੀ ਗਈ ਨਾਅਰੇਬਾਜ਼ੀ ਸਬੰਧੀ ਬਿਆਨ ਜਾਰੀ ਕਰਦਿਆਂ ਕੀਤਾ। ਚੇਅਰਮੈਨ ਦੀਪਕ ਸੂਦ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਉਨ੍ਹਾਂ ਨੇ ਦੋ ਮਹੀਨੇ ਪਹਿਲਾਂ ਇੱਕ ਯੂ ਟਿਯੂਬਰ ਨਾਲ ਪੌਡਕਾਸਟ ਕੀਤਾ ਸੀ, ਜਿਸ ਨੂੰ ਆਧਾਰ ਬਣਾ ਕੇ ਆੜ੍ਹਤੀਆਂ ਵੱਲੋਂ ਅੱਜ ਉਨ੍ਹਾਂ ਦੇ ਖਿਲਾਫ ਉਹਨਾਂ ਦੇ ਦਫ਼ਤਰ ਦੇ ਬਾਹਰ ਨਾਅਰੇਬਾਜ਼ੀ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਉਹਨਾਂ ਨੂੰ ਸੂਚਨਾ ਮਿਲੀ ਸੀ ਕਿ ਮੰਡੀ ਵਿੱਚ ਕਿਸਾਨਾਂ ਦੀ ਕਣਕ ਵੱਧ ਤੋਲ ਕੇ ਉਹਨਾਂ ਨੂੰ ਆਰਥਿਕ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ। ਜਿਸ ਕਾਰਨ ਉਹ ਅੱਜ ਸਵੇਰੇ ਮੰਡੀ ਵਿੱਚ ਗਏ ਤਾਂ ਕੱਟਿਆਂ ਵਿੱਚ ਵੱਧ ਤੋਲ ਪਾਇਆ ਗਿਆ। ਜਿਸ ਤੋਂ ਬਾਅਦ ਆੜ੍ਹਤੀਆਂ ਵੱਲੋਂ ਇੱਕ ਸਿਆਸੀ ਪਰਿਵਾਰ ਦੀ ਸ਼ਹਿ ਤੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਦਵਿੰਦਰ ਸਿੰਘ ਬੈਦਵਾਨ ਦੀ ਅਗਵਾਈ ਵਿੱਚ ਉਹਨਾਂ ਦੇ ਦਫ਼ਤਰ ਦੇ ਬਾਹਰ ਮੁਜ਼ਾਹਰਾ ਕਰਕੇ ਨਾਅਰੇਬਾਜ਼ੀ ਕੀਤੀ ਗਈ ਜੋ ਕਿ ਨਿਰੋਲ ਸਿਆਸਤ ਤੋਂ ਪ੍ਰੇਰਿਤ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪਿਛਲੇ ਸਾਲ ਵੀ ਆੜ੍ਹਤੀ ਐਸੋਸੀਏਸ਼ਨ ਵੱਲੋਂ ਤੋਲ ਚੈੱਕ ਕਰਨ ਕਰਕੇ ਤੋਲ ਵੱਧ ਪਾਏ ਜਾਣ ਕਾਰਨ ਉਨ੍ਹਾਂ ਦੇ ਖਿਲਾਫ ਉਹਨਾਂ ਦੇ ਦਫ਼ਤਰ ਦੇ ਬਾਹਰ ਨਾਅਰੇਬਾਜ਼ੀ ਕੀਤੀ ਗਈ ਸੀ, ਜਿਸ ਕਾਰਨ ਉਹਨਾਂ ਨੇ ਮੌਜੂਦਾ ਪ੍ਰਧਾਨ ਦਾ ਲਾਇਸੈਂਸ ਵੀ ਰੱਦ ਕੀਤਾ ਸੀ ਅਤੇ ਹੁਣ ਮੌਜੂਦਾ ਪ੍ਰਧਾਨ ਇਸੇ ਰੰਜਿਸ਼ਬਾਜ਼ੀ ਦੇ ਕਾਰਨ ਇੱਕ ਸਿਆਸੀ ਪਰਿਵਾਰ ਦੀ ਸ਼ਹਿ 'ਤੇ ਉਨ੍ਹਾਂ ਦੇ ਖਿਲਾਫ ਗੋਂਦਾਂ ਗੁੰਦ ਰਿਹਾ, ਜੋ ਕਿ ਇੱਕੋ ਪਾਰਟੀ ਵਿੱਚ ਹੋਣ ਦੇ ਬਾਵਜੂਦ ਬਹੁਤ ਹੀ ਮਾੜੀ ਗੱਲ ਹੈ। ਉਨ੍ਹਾਂ ਕਿਹਾ ਕਿ ਉਹ ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕ ਵਿੱਚ ਸੀ, ਹਨ ਅਤੇ ਰਹਿਣਗੇ ਅਤੇ ਇਸੇ ਤਰ੍ਹਾਂ ਬਤੌਰ ਚੇਅਰਮੈਨ ਆਪਣੀ ਸਰਗਰਮੀ ਜਾਰੀ ਰੱਖਦੇ ਰਹਿਣਗੇ ਅਤੇ ਕਿਸੇ ਨੂੰ ਵੀ ਕਿਸਾਨਾਂ ਮਜ਼ਦੂਰਾਂ ਨਾਲ ਧੱਕਾ ਨਹੀਂ ਕਰਨ ਦੇਣਗੇ।



# ਪੁਲਿਸ ਨੇ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀ ਕਰਕੇ 7 ਜੁਗਾੜੂ ਰੇਹੜੀਆਂ ਕੀਤੀਆਂ ਜ਼ਬਤ

ਰਾਜਪੁਰਾ, 23 ਅਪ੍ਰੈਲ (ਸੰਜੀਵ ਕੁਮਾਰ): ਟਰੈਫਿਕ ਪੁਲਿਸ ਰਾਜਪੁਰਾ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਦੇ ਤਹਿਤ ਐਸਐਸਪੀ ਪਟਿਆਲਾ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸਪੀ ਟਰੈਫਿਕ ਹਰਿੰਦਰ ਸਿੰਘ ਮਾਨ, ਡੀਐਸਪੀ ਟਰੈਫਿਕ ਪੁਨੀਤ ਸਿੰਘ ਚਹਿਲ ਦੀ ਅਗਵਾਈ ਹੇਠ ਦੋ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀ ਕਰਕੇ 7 ਜੁਗਾੜੂ ਰੇਹੜੀਆਂ ਨੂੰ ਜਬਤ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਟਰੈਫਿਕ ਪੁਲਿਸ ਰਾਜਪੁਰਾ ਦੇ ਇੰਚਾਰਜ ਥਾਣੇਦਾਰ ਗੁਰਬਚਨ ਸਿੰਘ ਨੇ ਦੱਸਿਆ ਕਿ ਉਹਨਾਂ ਵੱਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਦੇ ਅਨੁਸਾਰ ਕਾਰਵਾਈ ਕਰਦਿਆਂ ਹੋਇਆਂ ਏਐਸਆਈ ਸਤੀਸ਼ ਕੁਮਾਰ, ਏਐਸਆਈ ਤਜਿੰਦਰਪਾਲ ਅਤੇ ਹੌਲਦਾਰ ਨਰਿੰਦਰ ਸਿੰਘ ਦੇ ਨਾਲ ਰਾਜਪੁਰਾ ਦੇ ਗਗਨ ਚੌਂਕ ਅਤੇ ਅਨਾਜ ਮੰਡੀ ਦੇ ਨੇੜੇ ਨਾਕਾਬੰਦੀ ਕਰਕੇ 7 ਜੁਗਾੜੂ (ਮੋਡੀਫਾਈ ਕੀਤੀਆਂ) ਰੇਹੜੀਆਂ ਨੂੰ ਜਬਤ ਕੀਤਾ ਗਿਆ। ਜੁਗਾੜੂ ਰੇਹੜੀਆਂ ਦੇ ਮਾਲਕ ਆਪਣੇ ਕੋਲ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਕਾਗਜ਼ਾਤ ਵੀ ਨਹੀਂ ਦਿਖਾ ਸਕੇ। ਟਰੈਫਿਕ ਇੰਚਾਰਜ ਗੁਰਬਚਨ ਸਿੰਘ ਨੇ ਦੱਸਿਆ ਕਿ ਮਾਨਯੋਗ ਅਦਾਲਤ ਦੇ ਹੁਕਮਾਂ ਦੇ ਤਹਿਤ ਰਾਜਪੁਰਾ ਸ਼ਹਿਰ ਦੀਆਂ ਸੜਕਾਂ ਉੱਤੇ ਕਿਸੇ ਵੀ ਤਰ੍ਹਾਂ ਦੀ ਜੁਗਾੜੂ ਰੇਹੜੀ ਨੂੰ ਚਲਾਉਣ ਅਤੇ ਹੋਰ ਕਿਸੇ ਵੀ ਤਰ੍ਹਾਂ ਦਾ ਮਾਲ ਦੀ ਢੋਆ ਢੁਆਈ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਪਰ ਇਸ ਮਨਾਹੀ ਦੇ ਬਾਵਜੂਦ ਵੀ ਦੇਖਿਆ ਗਿਆ ਕਿ ਜੁਗਾੜੂ ਰੇਹੜੀਆਂ ਸੜਕਾਂ ਉੱਤੇ ਸ਼ਰ੍ਹੇਆਮ ਚਲਦੀਆਂ ਹੋਣ ਕਾਰਨ ਜਿੱਥੇ ਆਵਾਜਾਈ ਦੇ ਵਿੱਚ ਵਿਘਨ ਪਾਉਂਦੀਆਂ ਹਨ, ਉੱਥੇ ਆਮ ਲੋਕਾਂ ਦੇ ਜਾਨ ਵੀ ਖਤਰੇ ਵਿੱਚ ਪਾਉਂਦੀਆਂ ਹਨ। ਉਹਨਾਂ ਦੱਸਿਆ ਕਿ ਕੋਈ ਵੀ ਵਿਅਕਤੀ ਜੁਗਾੜੂ ਰੇਹੜੀ ਨੂੰ ਸੜਕਾਂ ਦੇ ਉੱਤੇ ਨਹੀਂ ਘੁਮਾ ਸਕਦਾ। ਜੇਕਰ ਆਉਂਦੇ ਦਿਨਾਂ ਦੇ ਵਿੱਚ ਫਿਰ ਵੀ ਕੋਈ ਵਿਅਕਤੀ ਜੁਗਾੜੂ ਰੇਹੜੀ ਦੇ ਨਾਲ ਸਮਾਨ ਦੀ ਢੋਆ-ਢੁਆਈ ਅਤੇ ਚਲਾਉਂਦਾ ਪਾਇਆ ਗਿਆ ਤਾਂ ਉਸ ਦੇ ਖਿਲਾਫ ਟਰੈਫਿਕ ਨਿਯਮਾਂ ਦੇ ਤਹਿਤ ਬਣਦੀ ਕਾਰਵਾਈ ਅਮਲ ਦੇ ਵਿੱਚ ਲਿਆਂਦੀ ਜਾਵੇਗੀ।



# ਸਾਬਕਾ ਸੈਨਿਕਾਂ ਦੀ ਭਲਾਈ ਦੇ ਮਾਮਲੇ 'ਚ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਮੋਹਿੰਦਰ ਭਗਤ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅੱਜ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਸਾਬਕਾ ਸੈਨਿਕਾਂ ਅਤੇ ਉਨਾਂ ਦੇ ਪਰਿਵਾਰਾਂ ਨਾਲ ਸਬੰਧਤ ਸਾਰੇ ਲੰਬਿਤ ਮਾਮਲਿਆਂ ਦੀ ਇੱਕ ਵਿਸਤ੍ਰਿਤ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ। ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨਾਲ ਸਬੰਧਤ ਕਾਰਜਾਂ ਵਿੱਚ ਕੋਈ ਵੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸ੍ਰੀ ਭਗਤ ਨੇ ਜ਼ੋਰ ਦੇ ਕੇ ਕਿਹਾ ਕਿ ਲੰਬਿਤ ਮਾਮਲਿਆਂ ਦੇ ਤਰੁੰਤ, ਵਧੇਰੇ ਕੁਸ਼ਲ ਅਤੇ ਪੂਰੀ ਪਾਰਦਰਸ਼ਤਾ ਨਾਲ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਹਰੇਕ ਕੇਸ ਦੀ ਸਥਿਤੀ ਬਾਰੇ ਸੂਚੀ ਵਿੱਚ ਸਪੱਸ਼ਟ ਅਤੇ ਸਹੀ ਢੰਗ ਨਾਲ ਜਾਣਕਾਰੀ ਦਰਜ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਸਰਕਾਰ ਹਰ ਜ਼ਰੂਰੀ ਕਦਮ ਚੁੱਕ ਰਹੀ ਹੈ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਵਿਭਾਗ 'ਚ ਖਾਲੀ ਅਸਾਮੀਆਂ 'ਤੇ ਭਰਤੀ ਅਤੇ ਬਜਟ ਨਾਲ ਸਬੰਧਤ ਮਾਮਲਿਆਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਦੇਸ਼ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਬਹਾਦਰ ਜਵਾਨਾਂ ਪ੍ਰਤੀ ਪੂਰਾ ਸਤਿਕਾਰ ਰੱਖਦੀ ਹੈ।

## ਮੋਗਾ 'ਚ ਸ਼ਰਾਬ ਦੇ ਰੇਟ ਟੁੱਟੇ ਲੋਕਾਂ ਨੂੰ ਲੱਗੀਆਂ ਮੌਜਾਂ

ਮੋਗਾ, 23 ਅਪ੍ਰੈਲ (ਨਿਸ਼ੀ ਮਨਚੰਦਾ): ਮੋਗਾ ਦੇ ਵਿੱਚ ਸ਼ਰਾਬ ਦੇ ਰੇਟਾਂ ਨੂੰ ਲੈ ਕੇ ਲੋਕਾਂ ਨੂੰ ਮੌਜਾ ਲੱਗ ਗਈਆਂ, ਕਿਉਂਕਿ ਮੋਗਾ ਦੇ ਵਿੱਚ ਮੋਗਾ 1 ਅਤੇ ਮੋਗਾ 2 ਗਰੁੱਪ ਵੱਲੋਂ ਸ਼ਰਾਬ ਦੇ ਰੇਟ ਅੱਧੇ ਕਰ ਦਿੱਤੇ ਗਏ ਹਨ, ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਠੇਕੇਦਾਰਾਂ ਨੇ ਕਿਹਾ ਹੈ ਜੋ ਸ਼ਰਾਬ ਦੀ ਬੋਤਲ 3000 ਵਿੱਚ ਵਿਕਦੀ ਸੀ ਉਸ ਦੀ ਉਸ ਦੀ ਕੀਮਤ 1500 ਕਰ ਦਿੱਤੀ ਗਈ ਹੈ ਉਹ ਅਤੇ ਜੋ ਬੋਤਲ 1400 ਦੇ ਵਿੱਚ ਵਿਕਦੀ ਸੀ ਉਸ ਦੀ ਕੀਮਤ 700 ਕਰ ਦਿੱਤੀ ਹੈ, ਉਹਨਾਂ ਨੇ ਕਿਹਾ ਇਹ ਰੇਟ ਉੱਤੇ ਸ਼ਰਾਬ ਸਿਰਫ ਸਾਡੇ ਹੀ ਠੇਕਿਆਂ ਉੱਤੇ ਮਿਲੇਗੀ ਅਤੇ ਲੋਕਾਂ ਨੂੰ ਮਹਿੰਗੀ ਸ਼ਰਾਬ ਦੇ ਰੇਟਾਂ ਤੋਂ ਨਿਜਾਤ ਮਿਲੇਗੀ, ਉਹਨਾਂ ਨੇ ਕਿਹਾ ਕਿ ਮੋਗਾ ਦੇ ਵਿੱਚ ਕਈ ਗਰੁੱਪਾਂ ਵੱਲੋਂ ਬਹੁਤ ਮਹਿੰਗੇ ਰੇਟ ਉੱਤੇ ਸ਼ਰਾਬ ਵੇਚੀ ਜਾਂਦੀ ਹੈ, ਪਰ ਸਾਡੇ ਗਰੁੱਪ ਨੇ ਫੈਸਲਾ ਕੀਤਾ ਹੈ ਕਿ ਅਸੀਂ ਮੋਗਾ ਦੇ ਵਿੱਚ ਸਸਤੇ ਰੇਟ ਉੱਤੇ ਸ਼ਰਾਬ ਵੇਚਾਂਗੇ, ਤਾਂ ਕਿ ਕਿਸੇ ਵੀ ਪੀਣ ਵਾਲੇ ਨੂੰ ਸ਼ਰਾਬ ਮਹਿੰਗੀ ਨਾ ਲੱਗੇ, ਉਹਨਾਂ ਨੇ ਕਿਹਾ ਕਿ ਅਸੀਂ ਇੱਕ ਬੋਤਲ ਵੀ ਪੇਟੀ ਦੇ ਹਿਸਾਬ ਨਾਲ ਵੇਚ ਰਹੇ ਹਾਂ, ਅਤੇ ਇਸ ਟਾਇਮ 31 ਮਾਰਚ ਵਾਲੇ ਰੇਟ ਅਸੀਂ ਕੀਤੇ ਹੋਏ ਹੈ ਪਰ ਸਾਡੇ ਆਲੇ-ਦੁਆਲੇ ਇਹੀ ਸ਼ਰਾਬ ਦੂਜੇ ਗਰੁੱਪਾਂ ਵੱਲੋਂ ਡਬਲ ਰੇਟ 'ਤੇ ਵੇਚੀ ਜਾ ਰਹੀ ਹੈ।

# ਮੀਨਾ ਸੈਣੀ ਨੇ ਪੁਲਿਸ ਥਾਣਾ ਕੀਰਤਪੁਰ ਸਾਹਿਬ ਵਿਖੇ ਮੁੱਖ ਮੁਨਸ਼ੀ ਦਾ ਅਹੁਦਾ ਸੰਭਾਲਿਆ

ਕੀਰਤਪੁਰ ਸਾਹਿਬ, 23 ਅਪ੍ਰੈਲ (ਬੀ ਐਸ ਰਾਣਾ): ਮਹਿਲਾ ਹੌਲਦਾਰ ਮੀਨਾ ਸੈਣੀ ਵੱਲੋਂ ਥਾਣਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਮੁੱਖ ਮੁਨਸ਼ੀ ਦਾ ਅਹੁਦਾ ਸੰਭਾਲ ਲਿਆ ਗਿਆ ਹੈ। ਉਨ੍ਹਾਂ ਦੇ ਅਹੁਦਾ ਸੰਭਾਲਣ ਨਾਲ ਥਾਣੇ ਦੀ ਪ੍ਰਸ਼ਾਸਨਿਕ ਵਿਵਸਥਾ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ। ਮੀਨਾ ਸੈਣੀ ਇਸ ਤੋਂ ਪਹਿਲਾਂ ਸਦਰ ਪੁਲਿਸ ਥਾਣਾ ਰੂਪਨਗਰ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ, ਜਿੱਥੇ ਉਨ੍ਹਾਂ ਨੇ ਆਪਣੀ ਮਿਹਨਤ ਅਤੇ ਇਮਾਨਦਾਰੀ ਨਾਲ ਵਿਭਾਗ ਵਿੱਚ ਚੰਗੀ ਪਛਾਣ ਬਣਾਈ। ਮੀਨਾ ਸੈਣੀ ਨੇ ਕਈ ਮਹੱਤਵਪੂਰਨ ਜ਼ਿੰਮੇਵਾਰੀਆਂ ਨੂੰ ਬਖ਼ੂਬੀ ਨਿਭਾਇਆ ਹੈ। ਉਨ੍ਹਾਂ ਦੇ ਅਨੁਭਵ ਅਤੇ ਪ੍ਰਸ਼ਾਸਨਿਕ ਕਾਬਲੀਆਂ ਦੇ ਕਾਰਨ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਸਹਿਕਰਮੀਆਂ ਵੱਲੋਂ ਵੀ ਉਨ੍ਹਾਂ ਦੇ ਕੰਮ ਕਰਨ ਦੇ ਢੰਗ ਅਤੇ ਸਮਰਪਣ ਦੀ ਸਰਾਹਨਾ ਕੀਤੀ ਜਾਂਦੀ ਹੈ। ਅਹੁਦਾ ਸੰਭਾਲਣ ਮੌਕੇ ਗੱਲਬਾਤ ਕਰਦੇ ਹੋਏ ਮੀਨਾ ਸੈਣੀ ਨੇ ਕਿਹਾ ਕਿ ਉਹ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਨਿਭਾਉਣਗੇ ਅਤੇ ਲੋਕਾਂ ਨੂੰ ਵਧੀਆ ਪੁਲਿਸ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹਨ। ਉਨ੍ਹਾਂ ਨੇ ਕਿਹਾ ਕਿ ਲੋਕਾਂ ਨਾਲ ਮਿਲਜੁਲ ਕੇ ਕੰਮ ਕਰਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਉਨ੍ਹਾਂ ਦੀ ਪਹਿਲ ਹੋਵੇਗੀ। ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਸਟਾਫ ਵੱਲੋਂ ਵੀ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਇਲਾਕੇ ਦੇ ਲੋਕਾਂ ਨੇ ਵੀ ਉਨ੍ਹਾਂ ਦੀ ਨਿਯੁਕਤੀ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਤੋਂ ਨਿਰਪੱਖ ਅਤੇ ਪ੍ਰਭਾਵਸ਼ਾਲੀ ਪੁਲਿਸ ਸੇਵਾਵਾਂ ਦੀ ਆਸ ਜਤਾਈ ਹੈ।

# ਕਵਿੱਤਰੀ ਸੁਖਵਿੰਦਰ ਅੰਮ੍ਰਿਤ, ਮਾਤਾ ਸਾਹਿਬ ਕੌਰ ਪਬਲਿਕ ਸਕੂਲ ਸਵਾੜਾ ਦੇ ਵਿਦਿਆਰਥੀਆਂ ਤੇ ਸਟਾਫ਼ ਨਾਲ ਹੋਏ ਰੂਬਰੂ

ਐਸ ਏ ਐੱਸ ਨਗਰ, 23 ਅਪ੍ਰੈਲ (ਭੁਪਿੰਦਰ ਸਿੰਘ ਗਰੇਵਾਲ): ਮਾਤਾ ਸਾਹਿਬ ਕੌਰ ਪਬਲਿਕ ਸਕੂਲ ਸਵਾੜਾ ਬਿਖੇ ਪੰਜਾਬ ਦੀ ਸਿਰਮੌਰ ਕਵਿਤਰੀ ਸੁਖਵਿੰਦਰ ਅੰਮ੍ਰਿਤ ਦੇ ਸਨਮਾਨ ਲਈ ਵਿਸ਼ਾਲ ਸਨਮਾਨ ਸਮਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਤੋਂ ਬਿਨਾਂ ਵੱਡੀ ਗਿਣਤੀ ਵਿੱਚ ਮਾਪੇ ਅਤੇ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਰੂਬਰੂ ਕਰਵਾਉਂਦਿਆਂ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੁਖਵਿੰਦਰ ਸਿੰਘ ਢਿੱਲੋਂ ਅਤੇ ਵਾਈਸ ਪ੍ਰਿੰਸੀਪਲ ਸੰਤੋਸ਼ ਕੁਮਾਰੀ ਨੇ ਪੰਜਾਬ ਦੀ ਮਹਾਨ ਕਵਿੱਤਰੀ ਸੁਖਵਿੰਦਰ ਅੰਮ੍ਰਿਤ ਨੂੰ ਜੀ ਆਇਆਂ ਆਖਿਆ ਤੇ ਆਪਣੇ ਜੀਵਨ ਦੇ ਸੰਘਰਸ਼ ਅਤੇ ਸਾਹਿਤਕ ਸਫਰ ਨੂੰ ਹਾਜ਼ਰ ਵਿਦਿਆਰਥੀਆਂ ਮਾਪਿਆਂ ਅਤੇ ਅਧਿਆਪਕਾਂ ਨਾਲ ਸਾਂਝਾ ਕਰਨ ਲਈ ਮੰਚ ਤੇ ਸੱਦਾ ਦਿੱਤਾ ਗਿਆ। ਇਸ ਮੌਕੇ 'ਤੇ ਸੁਖਵਿੰਦਰ ਅੰਮ੍ਰਿਤ ਨੇ ਭਾਵਨਾਤਮਿਕ ਸ਼ਬਦਾਂ ਨਾਲ ਆਪਣੇ ਜੀਵਨ ਦੇ ਸੰਘਰਸ਼ ਸਾਹਿਤਕ ਸਫਰ ਅਤੇ ਹਾਸਲ ਕੀਤੀਆਂ ਉਪਲਬਧੀਆਂ ਨੂੰ ਸਾਰਿਆਂ ਨਾਲ ਸਾਂਝਾ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਅਧਿਆਪਕਾਂ ਤੇ ਮਾਪਿਆਂ ਜਿਸ ਸਵਾਲਾਂ ਦੇ ਸੰਤੋਸ਼ ਜਨਕ ਜਵਾਬ ਦਿੰਦਿਆਂ ਉਨ੍ਹਾਂ ਵੱਲੋਂ ਜ਼ਿੰਦਗੀ ਵਿੱਚ ਮੁਸ਼ਕਿਲਾਂ ਨੂੰ ਖਿੜੇ ਮੱਥੇ ਸਵੀਕਾਰ ਕਰਨ ਅਤੇ ਮਾਤ ਭਾਸ਼ਾ ਦੀ ਸੇਵਾ ਕਰਨ ਲਈ ਰਚਨਾਵਾਂ ਲਿਖਣ ਲਈ ਵੀ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਸੁਖਵਿੰਦਰ ਸਿੰਘ ਢਿੱਲੋਂ ਨੇ ਸਮਰੋਹ ਦੌਰਾਨ ਦੱਸਿਆ ਕਿ ਸਕੂਲ ਲਈ ਇਹ ਮਾਣ ਵਾਲੀ ਗੱਲ ਹੈ ਕਿ ਪੰਜਾਬੀ ਦੀ ਲੈਕਚਰਾਰ ਡਾ. ਹਰਪਿੰਦਰ ਕੌਰ ਨੇ ਮਰਹੂਮ ਸੁਰਜੀਤ ਪਾਤਰ ਦੀ ਅਗਵਾਈ ਹੇਠ ਸੁਖਵਿੰਦਰ ਅੰਮ੍ਰਿਤ ਦੇ ਜੀਵਨ ਤੇ ਹੀ ਡਾਕਟਰੇਟ ਦੀ ਡਿਗਰੀ ਪੀਐਚਡੀ ਕਰਨ ਦਾ ਮਾਣ ਪ੍ਰਾਪਤ ਕੀਤਾ ਹੈ। ਸਮਰੋਹ ਦੀ ਸਮਾਪਤੀ ਤੇ ਪ੍ਰਿੰਸੀਪਲ ਡਾ. ਸੁਖਵਿੰਦਰ ਸਿੰਘ ਢਿੱਲੋਂ ਅਤੇ ਵਾਈਸ ਪ੍ਰਿੰਸੀਪਲ ਸੰਤੋਸ਼ ਕੁਮਾਰ ਦੀ ਅਗਵਾਈ ਹੇਠ ਸਕੂਲ ਅਧਿਆਪਕਾਂ ਵੱਲੋਂ ਮਹਾਨ ਕਵਿਤਰੀ ਸੁਖਵਿੰਦਰ ਅੰਮ੍ਰਿਤ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਸੁਖਵਿੰਦਰ ਅੰਮ੍ਰਿਤ ਦੀਆਂ ਕਾਵ ਸੰਗ੍ਰਹਿ ਦੀਆਂ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ ਜਿੱਥੇ ਬਹੁਤ ਸਾਰੇ ਵਿਦਿਆਰਥੀਆਂ ਵੱਲੋਂ ਪੁਸਤਕਾਂ ਖਰੀਦ ਕੇ ਸੁਖਵਿੰਦਰ ਅੰਮ੍ਰਿਤ ਦੇ ਆਟੋਗ੍ਰਾਫ ਲਏ ਗਏ।



ਦਮਨਦੀਪ ਸਿੰਘ ਪ੍ਰਿੰਟਰ, ਪਬਲਿਸ਼ਰ ਅਤੇ ਐਡੀਟਰ ਨੇ ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ, 593, ਐਸ.ਐਸ.ਟੀ. ਨਗਰ, ਪਟਿਆਲਾ ਦੇ ਕੀਪਰ ਪਰਮਜੀਤ ਸਿੰਘ ਤੋਂ ਛਪਵਾ ਕੇ ਦਫ਼ਤਰ 'ਰੋਜ਼ਾਨਾ ਚੜ੍ਹਦੀਕਲਾ', 3205 ਸੈਕਟਰ 44-ਡੀ, ਚੰਡੀਗੜ੍ਹ ਤੋਂ ਪ੍ਰਕਾਸ਼ਿਤ ਕੀਤਾ। ਮਾਲਕ: ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ, ਪ੍ਰਾਈਵੇਟ ਲਿਮਟਿਡ।

PRGI (RNI) Regd. No. CHPUN/25/A1790

Printed, Published & Edited by Damandeep Singh on behalf of Charhdikala Printing Press Pvt. Ltd. Printed at Charhdikala Printing Press, 593, SST Nagar, Patiala keeper Paramjit Singh, Published at Office Daily Charhdikala, 3205, Sector 44-D, Chandigarh.

PRGI (RNI) Regd. No. CHPUN/25/A1790

# ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਮੌਕੇ ਹੋਣ ਵਾਲੇ ਸਮਾਗਮ ਸਬੰਧੀ ਪ੍ਰਸ਼ਾਸਨ ਦੇ ਪ੍ਰਬੰਧ ਨਾ-ਮਾਤਰ

## ਗੰਦੇ ਨਾਲੇ ਦੀ ਸਫਾਈ, ਪੁਲ ਦੀ ਸਾਈਡ 'ਤੇ ਪੱਕਾ ਰੈਂਪ ਬਣਾਉਣ, ਭਾਖੜਾ ਨਹਿਰ ਦੀ ਪਟੜੀ ਉੱਪਰ ਸਟਰੀਟ ਲਾਈਟਾਂ ਦਾ ਕੰਮ ਅਧੂਰਾ







ਸ੍ਰੀ ਕੀਰਤਪੁਰ ਸਾਹਿਬ, 23 ਅਪ੍ਰੈਲ (ਬੀ ਐਸ ਰਾਣਾ): ਸ੍ਰੀ ਕੀਰਤਪੁਰ ਸਾਹਿਬ ਦਾ 400 ਸਾਲਾ ਸਥਾਪਨਾ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 29 ਅਪ੍ਰੈਲ ਤੋਂ ਲੈ ਕੇ ਇੱਕ ਮਈ ਤੱਕ ਬੜੀ ਧੂਮ ਧਾਮ ਨਾਲ ਮਨਾਇਆ ਜਾਵੇਗਾ। ਜਿੱਥੇ ਇਸ ਮੌਕੇ ਬਾਹਰੋਂ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ, ਉੱਥੇ ਹੀ ਪ੍ਰਸ਼ਾਸਨ ਵੱਲੋਂ ਸ੍ਰੀ ਕੀਰਤਪੁਰ ਸਾਹਿਬ ਵਿਖੇ ਕੁਝ ਥਾਵਾਂ 'ਤੇ ਕੀਤੀ ਜਾ ਰਹੀ ਸਾਫ-ਸਫਾਈ ਨੂੰ ਛੱਡ ਕੇ ਹੁਣ ਤੱਕ ਕਗੰਦੇ ਨਾਲੇ ਦੀ ਸਫਾਈ, ਪੁਲ ਦੀ ਸਾਈਡ 'ਤੇ ਪੱਕਾ ਰੈਂਪ ਬਣਾਉਣ, ਭਾਖੜਾ ਨਹਿਰ ਦੀ ਪਟੜੀ ਉੱਪਰ ਸਟਰੀਟ ਲਾਈਟਾਂ ਦਾ ਕੰਮ ਪਿਆ ਹੈ ਅਧੂਰੋਈ ਵੀ ਯੋਗ ਪ੍ਰਬੰਧ ਨਹੀਂ ਕੀਤੇ ਗਏ ਹਨ। ਇਸ ਸਬੰਧੀ ਪਹਿਲਾਂ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਬੁਲਾਰੇ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਪ੍ਰਸ਼ਾਸਨ 'ਤੇ ਯੋਗ ਪ੍ਰਬੰਧ ਨਾ ਕੀਤੇ ਜਾਣ ਦੇ ਦੋਸ਼ ਲਗਾ ਚੁੱਕੇ ਹਨ। ਅੱਜ ਪੱਤਰਕਾਰਾਂ ਦੀ ਟੀਮ ਵੱਲੋਂ ਜਦੋਂ ਕੀਰਤਪੁਰ ਸਾਹਿਬ ਦੀਆਂ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ ਗਿਆ ਤਾਂ ਪ੍ਰਸ਼ਾਸਨ ਵੱਲੋਂ ਕੋਈ ਵੀ ਪ੍ਰਬੰਧ ਕੀਤਾ ਨਜ਼ਰ ਨਹੀਂ ਆਇਆ।

**ਨਹਿਰ ਦੀ ਲਿੰਕ ਸੜਕ ਉੱਪਰ ਪੈਚ ਵਰਕ ਕਰਵਾਉਣ ਦੀ ਲੋੜ-**

ਭਾਖੜਾ ਨਹਿਰ ਉੱਪਰ ਬਣੇ ਨਵੇਂ ਸਟੀਲ ਵਾਲੇ ਪੁਲ ਤੋਂ ਗੁਰਦੁਆਰਾ ਚਰਨ ਕੰਵਲ ਸਾਹਿਬ ਅਤੇ ਥਾਣਾ ਸ੍ਰੀ ਕੀਰਤਪੁਰ ਸਾਹਿਬ ਵੱਲ ਨੂੰ ਜਾਂਦੀ ਭਾਖੜਾ ਨਹਿਰ ਦੀ ਲਿੰਕ ਸੜਕ ਉੱਪਰ ਨਵੰਬਰ 2025 ਨੂੰ ਲੁੱਕ ਬਜਰੀ ਪਾਈ ਗਈ ਸੀ ਜਿਹੜੀ ਕਿ ਹੁਣ ਕਈ ਥਾਵਾਂ ਤੋਂ ਟੁੱਟ ਚੁੱਕੀ ਹੈ। ਜਿਸ ਸਬੰਧੀ ਪਹਿਲਾਂ ਵੀ ਖਬਰ ਪ੍ਰਕਾਸ਼ਿਤ ਕੀਤੀ ਜਾ ਚੁੱਕੀ ਹੈ ਪਰ ਲੋਕ ਨਿਰਮਾਣ ਵਿਭਾਗ ਵੱਲੋਂ ਹੁਣ ਤੱਕ ਵੀ ਇਸ ਲਿੰਕ ਸੜਕ ਉੱਪਰ ਪਏ ਹੋਏ ਖੱਡਿਆਂ ਨੂੰ ਭਰਨ ਲਈ ਕੋਈ ਪੈਚ ਵਰਕ ਨਹੀਂ ਕਰਵਾਇਆ ਹੈ। ਸ੍ਰੀ ਕੀਰਤਪੁਰ ਸਾਹਿਬ ਦੇ ਸਥਾਪਨਾ ਦਿਵਸ ਸਮਾਗਮਾਂ ਨੂੰ ਸਿਰਫ ਪੰਜ ਦਿਨ ਵਿਚਕਾਰ ਰਹਿ ਗਏ ਹਨ ਪਰ ਪ੍ਰਬੰਧਾਂ ਨੂੰ ਲੈ ਕੇ ਪ੍ਰਸ਼ਾਸਨ ਦੀ ਕੋਈ ਵੀ ਗਤੀਵਿਧੀ ਸ੍ਰੀ ਕੀਰਤਪੁਰ ਸਾਹਿਬ ਵਿੱਚ ਹੁਣ ਤੱਕ ਦਿਖਾਈ ਨਹੀਂ ਦਿੱਤੀ ਹੈ। ਲਿੰਕ ਸੜਕ ਵਿੱਚ ਪਏ ਹੋਏ ਖੱਡਿਆਂ ਕਾਰਨ ਬਾਹਰੋਂ ਸਮਾਗਮ ਵਿੱਚ ਭਾਗ ਲੈਣ ਲਈ ਆਉਣ ਵਾਲੀ ਸੰਗਤ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਇਸ ਤੋਂ ਇਲਾਵਾ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਦੀ ਸਾਈਡ ਅਨੰਦਪੁਰ ਸਾਹਿਬ ਹਾਈਡਲ ਚੈਨਲ ਨਹਿਰ ਵਾਲੇ ਪਾਸੇ ਤੋਂ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਵੱਲ ਨੂੰ ਆਉਂਦੀ ਲਿੰਕ ਸੜਕ ਜਿਸ ਨੂੰ ਕਿ ਨਗਰ ਪੰਚਾਇਤ ਵੱਲੋਂ ਇੰਟਰਲਾਕ ਟਾਈਲਾਂ ਲਗਾ ਕੇ ਬਣਾਇਆ ਗਿਆ ਹੈ ਵੀ ਕੁਝ ਥਾਵਾਂ ਤੋਂ ਮਾੜੀ ਮੋਟੀ ਨੁਕਸਾਨੀ ਹੋਈ ਹੈ ਜਿਸ ਦੀ ਮੁਰੰਮਤ ਕਰਨ ਦੀ ਲੋੜ ਹੈ।

**ਭਾਖੜਾ ਨਹਿਰ ਦੇ ਨਵੇਂ ਬਣੇ ਪੁਲ ਦੇ ਨਾਲ ਬਣੇ ਰੈਂਪ ਨੂੰ ਪੱਕਾ ਕਰਨ ਦੀ ਮੰਗ-**

ਬਾਹੱਦ ਪਿੰਡ ਭਟੋਲੀ ਭਾਖੜਾ ਨਹਿਰ ਉੱਪਰ ਨਵੇਂ ਬਣੇ ਸਟੀਲ ਵਾਲੇ ਪੁਲ ਦੀ ਮੁੱਖ ਸੜਕ ਵਾਲੇ ਪਾਸੇ ਭਾਖੜਾ ਨਹਿਰ ਦੀ ਲਿੰਕ ਸੜਕ ਉੱਪਰ ਬਣਾਏ ਗਏ ਰੈਂਪ ਉੱਪਰ ਲੋਕ ਨਿਰਮਾਣ ਵਿਭਾਗ ਵੱਲੋਂ ਗਟਕਾ ਬਜਰੀ ਤਾਂ ਕਈ ਮਹੀਨੇ ਪਹਿਲਾਂ ਵਿਛਾ ਦਿੱਤਾ ਗਿਆ ਸੀ ਪਰ ਹੁਣ ਤੱਕ ਇਸ ਉੱਪਰ ਲੁੱਕ ਬਜਰੀ ਨਹੀਂ ਪਾਈ ਗਈ ਹੈ। ਜਿਸ ਕਾਰਨ ਇਸ ਰੈਂਪ ਤੋਂ ਜਦੋਂ ਕੋਈ ਦੋ ਪਹੀਆ ਵਾਹਨ ਆਉਂਦਾ ਹੈ ਤਾਂ ਉਸ ਦਾ ਚਾਲਕ ਜਦੋਂ ਉਸ ਨੂੰ ਰੋਕਣ ਲਈ ਬਰੇਕ ਲਗਾਉਂਦਾ ਹੈ ਤਾਂ ਦੋ ਪਹੀਆ ਵਾਹਨ ਸਲਿਪ ਹੋ ਜਾਂਦਾ ਹੈ ਜਿਸ ਨਾਲ ਹੁਣ ਤੱਕ ਬਾਹਰੋਂ ਆਉਣ ਵਾਲੇ ਕਈ ਅਣਜਾਣ ਵਿਅਕਤੀਆਂ ਦੇ ਸਲਿਪ ਹੋ ਕੇ ਡਿੱਗਣ ਕਾਰਨ ਸੱਟਾਂ ਵੀ ਲੱਗ ਚੁੱਕੀਆਂ ਹਨ।

ਇਸ ਤੋਂ ਇਲਾਵਾ ਭਾਖੜਾ ਨਹਿਰ ਦੀ ਪਟੜੀ ਤੋਂ ਮੁੱਖ ਸੜਕ ਨੂੰ ਜਾਣ ਲਈ ਬਣਾਏ ਗਏ ਰੈਂਪ ਉੱਪਰ ਵੀ ਹੁਣ ਤੱਕ ਲੁੱਕ ਬੱਜਰੀ ਨਹੀਂ ਪਾਈ ਗਈ ਹੈ।

ਸ਼ਹਿਰ ਦੇ ਮੁਹਤਬਰ ਵਿਅਕਤੀਆਂ ਨੇ ਡਿਪਟੀ ਕਮਿਸ਼ਨਰ ਰੂਪਨਗਰ ਲੋਕ ਨਿਰਮਾਣ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਨੂੰ ਸਮਰਪਿਤ 29 ਅਪ੍ਰੈਲ ਤੋਂ ਹੋਣ ਵਾਲੇ ਸਮਾਗਮਾਂ ਤੋਂ ਪਹਿਲਾਂ ਪਹਿਲਾਂ ਇਹਨਾਂ ਰੈਂਪਾਂ ਉੱਪਰ ਲੁੱਕ ਬੱਜਰੀ ਪਾ ਕੇ ਇਹਨਾਂ ਨੂੰ ਲੋਕਾਂ ਲਈ ਚੱਲਣ ਯੋਗ ਬਣਾਇਆ ਜਾਵੇ।

**ਸਕੂਲ ਤੇ ਹਸਪਤਾਲ਼ ਨਜ਼ਦੀਕ ਗੰਦੇ ਨਾਲੇ ਦੀ ਸਫਾਈ ਦੀ ਮੰਗ-**

ਸ਼ਹਿਰ ਦੇ ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮੁੱਢਲਾ ਸਿਹਤ ਕੇਂਦਰ, ਐਸਓਈ ਸਕੂਲ ਕੀਰਤਪੁਰ ਸਾਹਿਬ ਅਤੇ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਦੇ ਨਜ਼ਦੀਕ ਤੋਂ ਲੰਘਦੇ ਗੰਦੇ ਨਾਲੇ ਦੀ ਸਫਾਈ ਵੀ ਕਰਵਾਈ ਜਾਵੇ ਕਿਉਂਕਿ ਇਸ ਵਿੱਚ ਖੜ੍ਹੇ ਬਦਬੂਦਾਰ ਪਾਣੀ ਕਾਰਨ ਇਸ ਦੇ ਨਜ਼ਦੀਕ ਤੋਂ ਲੰਘਣ ਵਾਲੇ ਲੋਕਾਂ ਨੂੰ ਅਤੇ ਸੰਗਤ ਨੂੰ ਕਾਫੀ ਪ੍ਰੇਸ਼ਾਨੀ ਆਉਂਦੀ ਹੈ ਇਸ ਤੋਂ ਇਲਾਵਾ ਇਸ ਵਿੱਚ ਖੜ੍ਹੇ ਪਾਣੀ ਵਿੱਚ ਜ਼ਹਿਰੀਲਾ ਮੱਛਰ ਪਣਪ ਰਿਹਾ ਹੈ ਜੋ ਕਿ ਸਥਾਨਕ ਲੋਕਾਂ ਤੋਂ ਇਲਾਵਾ ਹਸਪਤਾਲ ਤੋਂ ਦਵਾਈ ਲੈਣ ਲਈ ਆਉਣ ਵਾਲੇ ਲੋਕਾਂ ਅਤੇ ਸਕੂਲ ਵਿੱਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਲਈ ਬਹੁਤ ਘਾਤਕ ਹੈ। ਇਸ ਲਈ ਪ੍ਰਸ਼ਾਸਨ ਇਸ ਦੀ ਜਲਦ ਤੋਂ ਜਲਦ ਸਾਫ ਸਫਾਈ ਕਰਵਾਵੇ।

ਇਸ ਤੋਂ ਇਲਾਵਾ ਗੁਰਦੁਆਰਾ ਚਰਨ ਕੰਵਲ ਸਾਹਿਬ ਦੇ ਅੱਗੇ ਤੋਂ ਵਗਦੇ ਗੰਦੇ ਨਾਲੇ ਜਿਸ ਉੱਪਰ ਸਲੈਬ ਪਾ ਕੇ ਇਸ ਨੂੰ ਪਾਰਕਿੰਗ ਬਣਾ ਦਿੱਤਾ ਗਿਆ ਹੈ, ਦੇ ਨਹਿਰ ਵਾਲੇ ਪਾਸੇ ਜਿੱਥੇ ਭਾਖੜਾ ਨਹਿਰ ਦੀ ਪਟੜੀ ਉੱਪਰ ਲੋਕਾਂ ਵੱਲੋਂ ਖੋਖੇ ਰੱਖੇ ਹੋਏ ਹਨ ਦੇ ਨਜ਼ਦੀਕ ਆਦਮ ਕੱਦ ਤੋਂ ਵੀ ਵੱਡੇ ਕੱਦ ਵਾਲੀ ਗਾਜਰ ਬੂਟੀ ਤੇ ਭੰਗ ਬੂਟੀ ਉੱਗੀ ਹੋਈ ਹੈ ਜਿਸ ਦੀ ਸਫਾਈ ਕਰਵਾਉਣ ਦੀ ਬਹੁਤ ਲੋੜ ਹੈ।

**ਨਵੇਂ ਪੁੱਲ ਨਜ਼ਦੀਕ ਸਟਰੀਟ ਲਾਈਟਾਂ ਲਗਾਉਣ ਦੀ ਮੰਗ-**

ਨਵੇਂ ਬਣੇ ਸਟੀਲ ਵਾਲੇ ਪੁਲ ਨਜ਼ਦੀਕ ਭਾਖੜਾ ਨਹਿਰ ਦੀ ਪਟੜੀ ਉੱਪਰ ਸਟਰੀਟ ਲਾਈਟਾਂ ਨਾ ਲੱਗੀਆਂ ਹੋਣ ਕਾਰਨ ਰਾਤ ਨੂੰ ਇਸ ਪੁਲ ਤੋਂ ਆਉਣ ਜਾਣ ਵਾਲੇ ਲੋਕਾਂ ਨੂੰ ਕਾਫੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ, ਕਿਉਂਕਿ ਇਸ ਵੱਡੇ ਪੁੱਲ ਤੋਂ ਪਿੰਡ ਭਟੋਲੀ, ਜਿਓਵਾਲ, ਕੀਰਤਪੁਰ ਸਾਹਿਬ ਪਿੰਡ ਭਗਵਾਲਾ ਦੇ ਵਸਨੀਕ ਅਤੇ ਬਾਹਰੋਂ ਸ੍ਰੀ ਕੀਰਤਪੁਰ ਸਾਹਿਬ ਦੇ ਦਰਸ਼ਨ ਕਰਨ ਆਉਣ ਵਾਲੀ ਸੰਗਤ ਆਉਂਦੀ ਜਾਂਦੀ ਹੈ। ਇਸ ਲਈ ਇਸ ਪੁੱਲ ਦੇ ਸੱਜੇ-ਖੱਬੇ ਪਾਸੇ ਭਾਖੜਾ ਨਹਿਰ ਦੀ ਪਟੜੀ ਉੱਪਰ ਸਟਰੀਟ ਲਾਈਟਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਸਥਾਨਕ ਲੋਕਾਂ ਨਾਲ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਪੁੱਲ ਦੇ ਮੁੱਖ ਸੜਕ ਵਾਲੇ ਪਾਸੇ ਸਟਰੀਟ ਲਾਈਟਾਂ ਲਗਾਈਆਂ ਜਾਣ ਤਾਂ ਜੋ ਰਾਤ ਸਮੇਂ ਇਸ ਪੁੱਲ ਤੋਂ ਲੰਘਣ ਵਾਲੇ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਾ ਹੋਵੇ।

**ਭਾਖੜਾ ਨਹਿਰ ਦੀਆਂ ਪਟੜੀਆਂ ਦੀ ਸਫਾਈ ਦੀ ਮੰਗ-**

ਸ਼ਹਿਰ ਦੇ ਵਸਨੀਕਾਂ ਨੇ ਪੁਰਾਣਾ ਬੱਸ ਅੱਡਾ ਤੋਂ ਨਵੇਂ ਪੁਲ ਵਾਲੇ ਪਾਸੇ ਨੂੰ ਜਾਂਦੀ ਭਾਖੜਾ ਨਹਿਰ ਦੀ ਲਿੰਕ ਸੜਕ ਦੀ ਸਫਾਈ ਕਰਵਾਉਣ ਦੀ ਮੰਗ ਕੀਤੀ ਹੈ ਇਸ ਦੇ ਸਾਈਡਾਂ ਉੱਪਰ ਕਾਫੀ ਭੰਗ ਬੂਟੀ ਖੜ੍ਹੀ ਹੈ। ਜਿਸ ਵਿੱਚ ਸਥਾਨਕ ਸਬਜ਼ੀ ਮੰਡੀ ਵਿੱਚ ਕੰਮ ਕਰਦੇ ਮਜ਼ਦੂਰ ਅਤੇ ਸਬਜ਼ੀ ਖਰੀਦਣ ਵਾਲੇ ਤੇ ਵੇਚਣ ਵਾਲੇ ਲੋਕ ਦੇਰ ਸਵੇਰ ਪਖਾਨਾ ਕਰਨ ਬੈਠ ਜਾਂਦੇ ਹਨ ਜਿਸ ਦੀ ਬਦਬੂ ਕਾਰਨ ਇਸ ਨਹਿਰ ਦੀ ਪਟੜੀ ਤੋਂ ਪੈਦਲ ਲੱਗਣਾ ਬਹੁਤ ਔਖਾ ਹੋ ਜਾਂਦਾ ਹੈ। ਸਥਾਨਕ ਲੋਕਾਂ ਨਾਲ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਨਹਿਰ ਦੀਆਂ ਪਟੜੀਆਂ ਦੀ ਸਾਫ-ਸਫਾਈ ਕਰਵਾਈ ਜਾਵੇ।

**ਕੀ ਕਹਿਣਾ ਹੈ ਲੋਕ ਨਿਰਮਾਣ ਵਿਭਾਗ ਦੇ ਜੇਈ ਦਾ-**

ਇਸ ਬਾਰੇ ਜਦੋਂ ਲੋਕ ਨਿਰਮਾਣ ਵਿਭਾਗ ਦੇ ਜੇਈ ਇੰਜੀਨੀਅਰ ਸੁਖਬੀਰ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਨੇ ਕਿਹਾ ਕਿ ਮੇਰੀ ਠੇਕੇਦਾਰ ਨਾਲ ਗੱਲ ਚੱਲ ਰਹੀ ਹੈ ਕੱਲ੍ਹ ਨੂੰ ਪੂਰੀ ਕੋਸ਼ਿਸ਼ ਹੈ ਕਿ ਭਾਖੜਾ ਨਹਿਰ ਦੀ ਲਿੰਕ ਸੜਕ ਉੱਪਰ ਪੈਚ ਵਰਕ ਕਰਵਾ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਸਟੀਲ ਵਾਲੇ ਪੁਲ ਨਜ਼ਦੀਕ ਰੈਂਪ ਦਾ ਕੰਮ 400 ਸਾਲਾ ਸ਼ਤਾਬਦੀ ਸਮਾਗਮ ਤੋਂ ਪਹਿਲਾਂ ਵੀ ਹੋ ਸਕਦਾ ਹੈ ਜਾਂ ਬਾਅਦ ਵਿੱਚ। ਇਸ ਬਾਰੇ ਉਹ ਪੱਕਾ ਨਹੀਂ ਕਹਿ ਸਕਦੇ ਕਿ ਇਹ ਕੰਮ ਕਦੋਂ ਹੋਵੇਗਾ। ਪਰ ਉਹ ਰੈਂਪ ਉੱਪਰ ਰੋਲਰ ਜ਼ਰੂਰ ਮਰਵਾ ਦੇਣਗੇ ਤਾਂ ਜੋ ਇਹ ਚੱਲਣ ਯੋਗ ਹੋ ਜਾਵੇ। ਉਹਨਾਂ ਕਿਹਾ ਕਿ ਭਾਖੜਾ ਨਹਿਰ ਦੀ ਲਿੰਕ ਸੜਕ ਉੱਪਰ ਸਟਰੀਟ ਲਾਈਟਾਂ ਲਾਉਣ ਦਾ ਕੰਮ ਨਗਰ ਪੰਚਾਇਤ ਕੀਰਤਪੁਰ ਸਾਹਿਬ ਦਾ ਹੈ।

**ਕੀ ਕਹਿਣਾ ਹੈ ਨਗਰ ਪੰਚਾਇਤ ਦੇ ਕਾਰਜ ਸਾਧਕ ਅਫਸਰ ਦਾ -**

ਇਸ ਬਾਰੇ ਜਦੋਂ ਨਗਰ ਪੰਚਾਇਤ ਸ੍ਰੀ ਕੀਰਤਪੁਰ ਸਾਹਿਬ ਦੇ ਕਾਰਜ ਸਾਧਕ ਅਫਸਰ ਗੁਰਬਖ਼ਸ਼ੀਸ਼ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਭਾਖੜਾ ਨਹਿਰ ਸਟੀਲ ਵਾਲੇ ਪੁਲ ਨਜ਼ਦੀਕ ਭਾਖੜਾ ਨਹਿਰ ਦੀ ਪੱਟੜੀ ਉੱਪਰ ਸਟਰੀਟ ਲਾਈਟਾਂ ਦਾ ਏਰੀਆ ਉਨ੍ਹਾਂ ਕੋਲ ਹੈ ਜਾਂ ਲੋਕ ਨਿਰਮਾਣ ਵਿਭਾਗ ਕੋਲ ਇਸ ਬਾਰੇ ਉਹ ਪਤਾ ਕਰਵਾ ਲੈਂਦੇ ਹਨ ਜੇਕਰ ਇਹ ਏਰੀਆ ਸਾਡੇ ਕੋਲ ਹੈ ਤਾਂ ਇਸ ਸਮੇਂ ਨਵੀਆਂ ਸਟਰੀਟ ਲਾਈਟਾਂ ਲਗਾਉਣਾ ਅਸੰਭਵ ਹੈ। ਜੋ ਖਰਾਬ ਲਾਈਟਾਂ ਹਨ ਉਨ੍ਹਾਂ ਨੂੰ ਉਹ ਠੀਕ ਕਰਵਾ ਦੇਣਗੇ। ਦੂਸਰਾ ਸਾਡੇ ਸਫਾਈ ਕਰਮਚਾਰੀ ਵੱਖ-ਵੱਖ ਥਾਵਾਂ 'ਤੇ ਸਫਾਈ ਕਰਨ ਲੱਗੇ ਹੋਏ ਹਨ। ਉਨ੍ਹਾਂ ਨੂੰ ਸਕੂਲ ਦੇ ਨਾਲ ਗੰਦੇ ਨਾਲੇ ਦੀ ਸਫਾਈ ਅਤੇ ਗੁਰਦੁਆਰਾ ਚਰਨ ਕੰਵਲ ਸਾਹਿਬ ਦੇ ਆਲੇ-ਦੁਆਲੇ ਦੀ ਸਾਫ ਸਫਾਈ ਕਰਨ ਬਾਰੇ ਵੀ ਕਹਿ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੁਝ ਏਰੀਆ ਬੀਬੀਐਮਬੀ ਦੇ ਅਧੀਨ ਆਉਂਦਾ ਹੈ ਜਿੱਥੇ ਉਨ੍ਹਾਂ ਵੱਲੋਂ ਸਾਫ ਸਫਾਈ ਕਰਵਾਈ ਜਾਣੀ ਬਣਦੀ ਹੈ ਹੈ ਬਣਦੀ ਹੈ।

# ਹਾਈਕੋਰਟ ਨੇ ਸੂਬੇ 'ਚ ਵਧ ਰਹੀਆਂ ਸੁਰੱਖਿਆ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਤੋਂ ਮੰਗੀ ਵਿਸਥਾਰਤ ਨੀਤੀ ਰਿਪੋਰਟ

ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸੂਬੇ ਵਿੱਚ ਲਗਾਤਾਰ ਵਧ ਰਹੀਆਂ ਸੁਰੱਖਿਆ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਸਰਕਾਰ ਤੋਂ ਉਸ ਦੀ ਸਮੁੱਚੀ ਸੁਰੱਖਿਆ ਨੀਤੀ 'ਤੇ ਜਵਾਬ ਤਲਬ ਕੀਤਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਵਾਰ-ਵਾਰ ਦਾਇਰ ਹੋ ਰਹੀਆਂ ਪਟੀਸ਼ਨਾਂ ਇਸ ਗੱਲ ਦਾ ਸੰਕੇਤ ਹਨ ਕਿ ਸੁਰੱਖਿਆ ਪ੍ਰਦਾਨ ਕਰਨ ਦੀ ਨੀਤੀ ਦੀ ਵਿਆਪਕ ਸਮੀਖਿਆ ਜ਼ਰੂਰੀ ਹੋ ਗਈ ਹੈ। ਮਾਮਲੇ ਦੀ ਸੁਣਵਾਈ ਦੌਰਾਨ ਜਸਟਿਸ ਜਗਮੋਹਨ ਬੰਸਲ ਨੇ ਪੰਜਾਬ ਪੁਲਿਸ ਦੇ ਏ.ਡੀ.ਜੀ.ਪੀ. (ਸੁਰੱਖਿਆ) ਨੂੰ ਨਿਰਦੇਸ਼ ਦਿੱਤੇ ਕਿ ਉਹ ਹਲਫ਼ਨਾਮਾ ਦਾਇਰ ਕਰਕੇ ਇਹ ਸਪੱਸ਼ਟ ਕਰਨ ਕਿ ਸੂਬੇ ਵਿੱਚ ਸੁਰੱਖਿਆ ਪ੍ਰਦਾਨ ਕਰਨ ਦੇ ਕੀ ਮਾਪਦੰਡ ਹਨ। ਨਾਲ ਹੀ ਇਹ ਵੀ ਦੱਸਿਆ ਜਾਵੇ ਕਿ ਸੂਬੇ ਦੇ ਅੰਦਰ ਅਤੇ ਬਾਹਰ ਕਿੰਨੇ ਵਿਅਕਤੀਆਂ ਨੂੰ ਸੁਰੱਖਿਆ ਦਿੱਤੀ ਗਈ ਹੈ ਅਤੇ ਉਨ੍ਹਾਂ ਲਈ ਕਿੰਨੇ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਅਦਾਲਤ ਨੇ ਅਗਲੀ ਸੁਣਵਾਈ ਲਈ 12 ਮਈ ਦੀ ਤਰੀਕ ਤੈਅ ਕੀਤੀ ਹੈ। ਕੋਰਟ ਨੇ ਇਹ ਨਿਰਦੇਸ਼ ਕਪੂਰਥਲਾ ਦੇ ਜ਼ਿਲ੍ਹਾ ਪ੍ਰੀਸ਼ਦ ਉਪ-ਪ੍ਰਧਾਨ ਅਤੇ ਸਰਕਾਰੀ ਟ੍ਰਾਂਸਪੋਰਟ ਤੇ ਲੇਬਰ ਠੇਕੇਦਾਰ ਹਰਜਿੰਦਰ ਸਿੰਘ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਜਾਰੀ ਕੀਤੇ। ਪਟੀਸ਼ਨਕਰਤਾ ਨੇ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੂੰ ਬਦਨਾਮ 'ਜੱਗਾ ਫੁੱਕੀਵਾਲ' ਗੈਂਗ ਤੋਂ ਲਗਾਤਾਰ ਜਾਨ ਦਾ ਖ਼ਤਰਾ ਬਣਿਆ ਹੋਇਆ ਹੈ। 1 ਨਵੰਬਰ 2025 ਨੂੰ ਮੋਟਰਸਾਈਕਲ ਸਵਾਰ




ਬਦਮਾਸ਼ਾਂ ਨੇ ਉਨ੍ਹਾਂ 'ਤੇ ਫਾਇਰਿੰਗ ਕੀਤੀ ਸੀ, ਜਿਸ ਵਿੱਚ ਪੁਲਿਸ ਨੇ ਮੌਕੇ ਤੋਂ ਛੇ ਖਾਲੀ ਕਾਰਤੂਸ ਬਰਾਮਦ ਕੀਤੇ ਸਨ। ਇਸ ਸਬੰਧੀ ਥਾਣਾ ਸੁਲਤਾਨਪੁਰ ਲੋਧੀ ਵਿੱਚ ਐਫ.ਆਈ.ਆਰ. ਦਰਜ ਹੋਈ ਸੀ ਅਤੇ ਗੈਂਗ ਦੇ ਸਰਗਨਾ ਜਗਦੀਪ ਸਿੰਘ ਉਰਫ ਜੱਗਾ ਫੁੱਕੀਵਾਲ ਨੇ ਘਟਨਾ ਦੀ ਜ਼ਿੰਮੇਵਾਰੀ ਵੀ ਲਈ ਸੀ। ਕੁਝ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਹੋਈ, ਪਰ ਕਈ ਅਜੇ ਵੀ ਫਰਾਰ ਹਨ। ਪਟੀਸ਼ਨਕਰਤਾ ਵੱਲੋਂ ਅਦਾਲਤ ਨੂੰ ਦੱਸਿਆ ਗਿਆ ਕਿ ਇਹ ਮਾਮਲਾ ਦੂਜੀ ਵਾਰ ਅਦਾਲਤ ਦੇ ਸਾਹਮਣੇ ਆਇਆ ਹੈ।

ਅਦਾਲਤ ਨੂੰ ਇਹ ਵੀ ਦੱਸਿਆ ਗਿਆ ਕਿ ਕੁਝ ਮੁਲਜ਼ਮ ਫੜੇ ਜਾ ਚੁੱਕੇ ਹਨ, ਜਦਕਿ ਬਾਕੀ ਫਰਾਰ ਹਨ। ਨਾਲ ਹੀ ਪੁਲਿਸ ਡਾਇਰੈਕਟਰ ਜਨਰਲ ਵੱਲੋਂ ਜਾਰੀ ਪ੍ਰੈੱਸ ਬਿਆਨ ਦਾ ਹਵਾਲਾ ਦਿੰਦਿਆਂ ਦੱਸਿਆ ਗਿਆ ਕਿ ਇੱਕ ਕਥਿਤ ਫਿਰੌਤੀ ਗਿਰੋਹ ਦੇ ਮੈਂਬਰ ਨੂੰ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ। ਪਟੀਸ਼ਨਕਰਤਾ ਨੇ ਇਹ ਵੀ ਦਲੀਲ ਦਿੱਤੀ ਕਿ ਪਹਿਲਾਂ ਅਦਾਲਤ ਦੇ ਨਿਰਦੇਸ਼ਾਂ 'ਤੇ ਉਨ੍ਹਾਂ ਨੂੰ ਦੋ ਏ.ਐਸ.ਆਈ. ਦੀ ਸੁਰੱਖਿਆ ਦਿੱਤੀ ਗਈ ਸੀ, ਪਰ ਇੱਕ ਮਹੀਨੇ ਬਾਅਦ ਇੱਕ ਏ.ਐਸ.ਆਈ. ਹਟਾ ਲਿਆ ਗਿਆ ਅਤੇ ਮੌਜੂਦਾ ਸਮੇਂ ਵਿੱਚ ਕੇਵਲ ਇੱਕ ਏ.ਐਸ.ਆਈ. ਦਿਨ ਦੇ ਸਮੇਂ ਹੀ ਤਾਇਨਾਤ ਹੈ। ਇਸ ਦੇ ਬਾਵਜੂਦ ਲਗਾਤਾਰ ਮਿਲ ਰਹੀਆਂ ਧਮਕੀਆਂ ਦਰਮਿਆਨ ਸੁਰੱਖਿਆ ਵਧਾਉਣ ਲਈ 9 ਫਰਵਰੀ ਅਤੇ 12 ਮਾਰਚ ਨੂੰ ਦਿੱਤੀਆਂ ਗਈਆਂ ਅਰਜ਼ੀਆਂ 'ਤੇ ਕੋਈ ਕਾਰਵਾਈ ਨਹੀਂ ਹੋਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਹਾਈ ਕੋਰਟ ਨੇ ਇਸ ਨੂੰ ਸਿਰਫ਼ ਨਿੱਜੀ ਪਟੀਸ਼ਨ ਤੱਕ ਸੀਮਤ ਨਾ ਰੱਖਦਿਆਂ ਪੂਰੇ ਸੂਬੇ ਦੀ ਸੁਰੱਖਿਆ ਨੀਤੀ ਦੀ ਸਮੀਖਿਆ ਦਾ ਦਾਇਰਾ ਵਧਾ ਦਿੱਤਾ ਹੈ।

# ਮਾਲਵਾ ਖੇਤਰ ਦੇ ਪਾਣੀ 'ਚ ਯੂਰੇਨੀਅਮ ਕਾਰਨ ਵੱਧ ਰਿਹੈ ਕੈਂਸਰ ਦਾ ਖਤਰਾ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਕੇਂਦਰੀ ਭੂਮੀਗਤ ਜਲ ਬੋਰਡ (ਸੀ.ਜੀ.ਬੀ.) ਨੂੰ ਪੰਜਾਬ ਦੇ ਮਾਲਵਾ ਖੇਤਰ ਦੇ ਪਾਣੀ ਵਿਚ ਯੂਰੇਨੀਅਮ ਦੀ ਮੌਜੂਦਗੀ ਅਤੇ ਇਸ ਨਾਲ ਫੈਲਣ ਵਾਲੇ ਕੈਂਸਰ ਵਿਰੁੱਧ ਜਨਤਕ ਹਿੱਤ ਪਟੀਸ਼ਨ (ਪੀ.ਆਈ.ਐਲ.) ਉੱਤੇ ਹਰਿਆਣਾ ਅਤੇ ਪੰਜਾਬ ਸਰਕਾਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਪ੍ਰਸ਼ਾਸਨ ਨੂੰ ਸਥਿਤੀ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿਤੇ ਹਨ।



ਅਦਾਲਤ ਨੇ ਕਿਹਾ ਕਿ ਲੰਮੇ ਸਮੇਂ ਤੋਂ ਇਸ ਮਾਮਲੇ 'ਚ ਕੋਈ ਰਿਪੋਰਟ ਦਾਇਰ ਨਹੀਂ ਕੀਤੀ ਗਈ ਹੈ। ਅਜਿਹੀ ਸਥਿਤੀ 'ਚ, ਮੌਜੂਦਾ ਸਥਿਤੀ ਨੂੰ ਜਾਣਨ ਤੋਂ ਬਾਅਦ ਹੀ ਅਗਲੇਰੇ ਹੁਕਮ ਜਾਰੀ ਕੀਤੇ ਜਾ ਸਕਦੇ ਹਨ। ਪੰਜਾਬ 'ਚ ਸੰਕਟ ਹੋਰ ਡੂੰਘੇ ਹੁੰਦੇ ਵੇਖਦਿਆਂ ਅਦਾਲਤ ਨੇ ਹਰਿਆਣਾ ਅਤੇ ਚੰਡੀਗੜ੍ਹ 'ਚ ਧਰਤੀ ਹੇਠਲੇ ਪਾਣੀ ਦੀ ਜਾਂਚ ਦੇ ਹੁਕਮ ਦਿੱਤੇ ਸਨ।

ਸਾਲ 2010 'ਚ ਮੋਹਾਲੀ ਦੇ ਵਸਨੀਕ ਬ੍ਰਿਜੇਂਦਰ ਸਿੰਘ ਲੰਬਾ ਨੇ ਮਾਲਵਾ ਖੇਤਰ 'ਚ ਧਰਤੀ ਹੇਠਲੇ ਪਾਣੀ 'ਚ ਯੂਰੇਨੀਅਮ ਦੀ ਮੌਜੂਦਗੀ ਅਤੇ ਕੈਂਸਰ ਦੇ ਵੱਧ ਰਹੇ ਮਾਮਲਿਆਂ ਦਾ ਮੁੱਦਾ ਉਠਾਉਂਦੇ ਹੋਏ ਹਾਈਕੋਰਟ 'ਚ ਪਟੀਸ਼ਨ ਦਾਇਰ ਕੀਤੀ ਸੀ। ਹਾਈਕੋਰਟ ਦੇ ਹੁਕਮਾਂ ਉੱਤੇ ਭਾਭਾ ਪ੍ਰਮਾਣੂ ਖੋਜ ਕੇਂਦਰ (ਬੀ.ਏ.ਆਰ.ਸੀ.) ਨੇ ਮਾਲਵਾ ਖੇਤਰ ਦੇ ਪਾਣੀ ਵਿਚ ਯੂਰੇਨੀਅਮ ਦੀ ਜਾਂਚ ਕਰਨ ਲਈ ਬਠਿੰਡਾ, ਫਿਰੋਜ਼ਪੁਰ, ਫਰੀਦਕੋਟ ਅਤੇ ਮਾਨਸਾ ਵਿਚ 1500 ਪਾਣੀ ਦੇ ਨਮੂਨੇ ਲਏ ਸਨ। ਇਨ੍ਹਾਂ ਨਮੂਨਿਆਂ 'ਚੋਂ 35 ਫੀ ਸਦੀ ਨਮੂਨਿਆਂ ਵਿਚ ਯੂਰੇਨੀਅਮ ਨਿਰਧਾਰਤ ਮਾਪਦੰਡਾਂ ਤੋਂ ਉੱਪਰ ਪਾਇਆ ਗਿਆ, ਜਿਸ ਵਿਚ ਬਠਿੰਡਾ ਜ਼ਿਲ੍ਹਾ ਸੱਭ ਤੋਂ ਵੱਧ ਪ੍ਰਭਾਵਤ ਹੋਇਆ ਹੈ।

ਪ੍ਰਮਾਣੂ ਊਰਜਾ ਰੈਗੂਲੇਟਰੀ ਬੋਰਡ ਦੇ ਅਨੁਸਾਰ, ਪੀਣ ਵਾਲੇ ਪਾਣੀ ਵਿਚ ਯੂਰੇਨੀਅਮ ਦੀ ਮਾਤਰਾ 60 ਪੀਪੀਬੀ ਤੋਂ ਵੱਧ ਨਹੀਂ ਹੋਣੀ ਚਾਹੀਦੀ। ਪਰ ਬਠਿੰਡਾ ਜ਼ਿਲ੍ਹੇ ਦੇ ਪਾਣੀ ਵਿਚ ਇਹ ਮਾਤਰਾ 684 ਪੀਪੀਬੀ ਹੋਣ ਦਾ ਅਨੁਮਾਨ ਲਗਾਇਆ ਗਿਆ ਸੀ, ਜੋ ਕਿ 10 ਗੁਣਾ ਤੋਂ ਵੀ ਵੱਧ ਸੀ। ਇਸ ਮਾਮਲੇ ਵਿਚ ਹਾਈ ਕੋਰਟ ਨੇ ਮੁੱਖ ਸਕੱਤਰ ਨੂੰ ਮਾਲਵੇ ਅਤੇ ਖਾਸ ਕਰ ਕੇ ਬਠਿੰਡਾ ਦੇ ਧਰਤੀ ਹੇਠਲੇ ਪਾਣੀ ਵਿਚ ਯੂਰੇਨੀਅਮ ਦੀ ਮੌਜੂਦਗੀ ਅਤੇ ਵਧ ਰਹੇ ਕੈਂਸਰ ਦੇ ਮਾਮਲਿਆਂ ਸਬੰਧੀ 14 ਸਾਲਾਂ ਤੋਂ ਲਟਕ ਰਹੀ ਪਟੀਸ਼ਨ ਉਤੇ ਸਾਵਧਾਨੀ ਵਜੋਂ ਪੂਰੇ ਸੂਬੇ ਦੇ ਧਰਤੀ ਹੇਠਲੇ ਪਾਣੀ ਦੀ ਮੁੜ ਜਾਂਚ ਕਰਨ ਦੇ ਹੁਕਮ ਦਿੱਤੇ ਸਨ।

ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਕਿਹਾ ਕਿ ਪੂਰੇ ਪੰਜਾਬ ਤੋਂ 4406 ਨਮੂਨੇ ਲਏ ਗਏ ਜਿਨ੍ਹਾਂ 'ਚੋਂ 108 ਵਿਚ ਨਿਰਧਾਰਤ ਮਾਪਦੰਡਾਂ ਤੋਂ ਵੱਧ ਯੂਰੇਨੀਅਮ ਦੀ ਮਾਤਰਾ ਪਾਏ ਗਏ। ਅਦਾਲਤ ਨੇ ਹੁਣ ਸਾਰੀਆਂ ਧਿਰਾਂ ਨੂੰ ਇਸ ਮਾਮਲੇ ਵਿਚ ਮੌਜੂਦਾ ਸਥਿਤੀ ਰਿਪੋਰਟ ਪੇਸ਼ ਕਰਨ ਦਾ ਹੁਕਮ ਦਿੱਤਾ ਹੈ।

# ਪਾਕਿਸਤਾਨ 'ਚ ਹਿੰਦੂ ਕੁੜੀ ਨੂੰ ਅਗਵਾ ਕਰਕੇ, ਜ਼ਬਰਦਸਤੀ ਧਰਮ ਪਰਿਵਰਤਨ ਕਰਵਾਇਆ

ਚੰਡੀਗੜ੍ਹ, 23 ਅਪ੍ਰੈਲ (ਚ. ਨ. ਸ.): ਪਾਕਿਸਤਾਨ ਵਿਚ ਘੱਟ ਗਿਣਤੀ ਹਿੰਦੂ ਭਾਈਚਾਰੇ ਦੀਆਂ ਕੁੜੀਆਂ ਬਿਲਕੁੱਲ ਵੀ ਸੁਰੱਖਿਅਤ ਨਹੀਂ ਹਨ। ਨਾਬਾਲਗ ਹਿੰਦੂ ਕੁੜੀਆਂ ਨੂੰ ਅਗਵਾ ਕਰਨ, ਜ਼ਬਰਦਸਤੀ ਇਸਲਾਮ ਕਬੂਲ ਕਰਵਾਉਣ ਅਤੇ ਫਿਰ ਮੁਸਲਿਮ ਸ਼ਖਸ ਨਾਲ ਵਿਆਹ ਕਰਾਉਣ ਦੀਆਂ ਘਟਨਾਵਾਂ ਆਮ ਹੋ ਗਈਆਂ ਹਨ। ਤਾਜ਼ਾ ਮਾਮਲਾ ਪਾਕਿਸਤਾਨ ਦੇ ਸਿੰਧ ਸੂਬੇ ਦਾ ਹੀ ਹੈ। ਇੱਥੇ ਇੱਕ ਨਾਬਾਲਗ ਹਿੰਦੂ ਕੁੜੀ ਨੂੰ ਅਗਵਾ ਕਰਕੇ, ਜ਼ਬਰਦਸਤੀ ਧਰਮ ਪਰਿਵਰਤਨ ਕਰਾ ਕੇ ਅਤੇ ਵਿਆਹ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਘੱਟ ਗਿਣਤੀ ਅਧਿਕਾਰ ਸੰਗਠਨ ਵਾਇਸ ਆਫ ਪਾਕਿਸਤਾਨ ਮਾਈਨੋਰਿਟੀ ਨੇ ਇਸ ਘਟਨਾ ਦੀ ਨਿੰਦਾ ਕੀਤੀ ਹੈ। ਦੇਸ਼ ਵਿੱਚ ਘੱਟ ਗਿਣਤੀਆਂ ਦੀ ਸੁਰੱਖਿਆ 'ਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹੋਏ, ਸੰਗਠਨ ਨੇ ਕਿਹਾ ਕਿ ਹਿੰਦੂ ਕੁੜੀਆਂ ਨਾਲ ਜੁੜੀਆਂ ਅਜਿਹੀਆਂ ਘਟਨਾਵਾਂ ਜਾਰੀ ਹਨ। ਉਨ੍ਹਾਂ ਨੇ ਪਾਰਦਰਸ਼ੀ ਜਾਂਚ, ਪੀੜਤਾਂ ਲਈ ਸਖ਼ਤ ਸੁਰੱਖਿਆ ਉਪਾਅ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ।

ਸੰਗਠਨ ਦੇ ਅਨੁਸਾਰ 9ਵੀਂ ਜਮਾਤ ਦੀ ਵਿਦਿਆਰਥਣ ਪੂਜਾ ਨੂੰ ਕਥਿਤ ਤੌਰ @ਤੇ ਅਗਵਾ ਕਰਕੇ ਇਸਲਾਮ ਧਰਮ ਅਪਣਾਉਣ ਲਈ ਮਜਬੂਰ ਕੀਤਾ ਗਿਆ। ਉਸਦਾ ਨਾਮ ਬਦਲ ਕੇ ਦੁਆ ਫਾਤਿਮਾ ਕਰ ਦਿੱਤਾ ਗਿਆ ਅਤੇ ਉਸਦਾ ਵਿਆਹ ਇਮਰਾਨ ਅਲੀ ਨਾਲ ਕਰਾ ਦਿੱਤਾ ਗਿਆ। ਸੰਗਠਨ ਨੇ ਇਸ ਕਾਰਵਾਈ ਨੂੰ 'ਬੇਰਹਿਮੀ' ਦੱਸਿਆ, ਕਿਹਾ ਕਿ ਇਸਨੇ ਕੁੜੀ ਤੋਂ ਉਸਦੀ ਪਛਾਣ ਖੋਹ ਲਈ ਅਤੇ ਉਸਨੂੰ ਅਜਿਹੀ ਜ਼ਿੰਦਗੀ ਜਿਉਣ ਲਈ ਮਜਬੂਰ ਕੀਤਾ ਜੋ ਉਸਨੇ ਕਦੇ ਨਹੀਂ ਚੁਣੀ। ਰਿਪੋਰਟ ਦੇ ਅਨੁਸਾਰ, ਪਰਿਵਾਰ ਦੇ ਦੁੱਖ ਨੂੰ ਵੱਖ-ਵੱਖ ਘੱਟ ਗਿਣਤੀ ਸੰਗਠਨਾਂ ਵਿੱਚ ਸਾਂਝਾ ਕੀਤਾ ਗਿਆ ਹੈ, ਜਿਸ ਨਾਲ ਸਿੰਧ ਵਿੱਚ ਹਿੰਦੂ ਕੁੜੀਆਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਵਧੀਆਂ ਹਨ। ਵਾਇਸ ਆਫ ਪਾਕਿਸਤਾਨ ਮਾਈਨੋਰਿਟੀ ਨੇ ਕਿਹਾ ਕਿ ਜ਼ਬਰਦਸਤੀ ਧਰਮ ਪਰਿਵਰਤਨ ਦੀਆਂ ਘਟਨਾਵਾਂ ਪਾਕਿਸਤਾਨ ਵਿੱਚ ਇਕੱਲੀਆਂ ਘਟਨਾਵਾਂ ਨਹੀਂ ਹਨ। ਇਹ ਇੱਕ ਗੰਭੀਰ ਅਤੇ ਸਥਾਈ ਸਮੱਸਿਆ ਹੈ, ਖਾਸ ਕਰਕੇ ਸਿੰਧ ਵਿੱਚ, ਜਿੱਥੇ ਹਿੰਦੂ ਪਰਿਵਾਰ ਆਪਣੀਆਂ ਧੀਆਂ ਦੀ ਸੁਰੱਖਿਆ ਲਈ ਲਗਾਤਾਰ ਡਰ ਵਿੱਚ ਰਹਿੰਦੇ ਹਨ।

ਸੰਗਠਨ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਅਕਸਰ ਵਿਰੋਧੀ ਬਿਆਨ ਸਾਹਮਣੇ ਆਉਂਦੇ ਹਨ, ਜਿਸ ਨਾਲ ਨਿਆਂਇਕ ਪ੍ਰਕਿਰਿਆ ਵਿੱਚ ਰੁਕਾਵਟ ਪੈਂਦੀ ਹੈ। ਅਦਾਲਤਾਂ ਵਿੱਚ, ਕੁੜੀਆਂ 'ਸਵੈ-ਇੱਛਤ ਧਰਮ ਪਰਿਵਰਤਨ' ਦਾ ਦਾਅਵਾ ਕਰਦੀਆਂ ਹਨ, ਜਦੋਂ ਕਿ ਪਰਿਵਾਰ ਅਗਵਾ ਅਤੇ ਜ਼ਬਰਦਸਤੀ ਦਾ ਦੋਸ਼ ਲਗਾਉਂਦੇ ਹਨ। ਹਾਲਾਂਕਿ, ਇਸ ਮਾਮਲੇ ਵਿੱਚ ਪੁਲਿਸ ਜਾਂ ਅਦਾਲਤ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ।

# ਸਰਹੱਦ ਪਾਰੋਂ ਚੱਲ ਰਹੇ ਨਸ਼ਿਆਂ ਤੇ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼
# 900 ਗ੍ਰਾਮ ਆਈਸੀਈ ਤੇ 5 ਪਿਸਤੌਲਾਂ ਸਮੇਤ ਤਿੰਨ ਮੁਲਜ਼ਮ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ
## ਨਸ਼ਿਆਂ ਤੇ ਹਥਿਆਰਾਂ ਦੀ ਸਪਲਾਈ ਲਈ ਸਥਾਨਕ ਹੈਂਡਲਰਾਂ ਵਜੋਂ ਕੰਮ ਕਰ ਰਹੇ ਸਨ ਮੁਲਜ਼ਮ: ਗੌਰਵ ਯਾਦਵ

ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.) : ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਮੁਲਜ਼ਮਾਂ ਨੂੰ 915 ਗ੍ਰਾਮ ਆਈ.ਸੀ.ਈ. (ਮੈਥਾਮਫੇਟਾਮਾਈਨ) ਅਤੇ ਪੰਜ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।




ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਸੁਖਵਿੰਦਰ ਸਿੰਘ ਉਰਫ਼ ਸੁੱਖਾ (21), ਸੋਲਾ ਸਿੰਘ ਉਰਫ਼ ਸੋਨੂੰ (29) ਅਤੇ ਕਰਨ ਸਿੰਘ (22) ਵਜੋਂ ਹੋਈ ਹੈ, ਜੋ ਸਾਰੇ ਫਿਰੋਜ਼ਪੁਰ ਦੇ ਪਿੰਡ ਸਾਹਾਂਕੇ ਦੇ ਰਹਿਣ ਵਾਲੇ ਹਨ। ਬਰਾਮਦ ਪਿਸਤੌਲਾਂ ਵਿੱਚ ਦੋ 9 ਐਮਐਮ ਗਲੌਕ ਅਤੇ ਤਿੰਨ .30 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਸ਼ਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ ਅਤੇ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀਆਂ ਜਾਂਦੀਆਂ ਨਸ਼ਿਆਂ/ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਮੁਲਜ਼ਮ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਲਈ ਸਥਾਨਕ ਹੈਂਡਲਰ ਵਜੋਂ ਕੰਮ ਕਰ ਰਹੇ ਸਨ। ਡੀਜੀਪੀ ਨੇ ਕਿਹਾ ਕਿ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕਰਨ ਵਾਸਤੇ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਚਲਾਏ ਗਏ ਟੀਚਾਗਤ ਆਪ੍ਰੇਸ਼ਨ ਵਿੱਚ ਪੁਲਿਸ ਟੀਮਾਂ ਨੇ ਸ਼ੱਕੀ ਸੁਖਵਿੰਦਰ ਸਿੰਘ ਉਰਫ ਸੁੱਖਾ, ਸੋਲਾ ਸਿੰਘ ਉਰਫ ਸੋਨੂੰ ਅਤੇ ਕਰਨ ਸਿੰਘ ਨੂੰ ਗ੍ਰਿਫਤਾਰ ਕਰ ਲਿਆ।

ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਦੌਰਾਨ ਮੁਲਜ਼ਮਾਂ ਤੋਂ ਪਹਿਲਾਂ ਸਿਰਫ਼ .30 ਬੋਰ ਪਿਸਤੌਲ ਬਰਾਮਦ ਹੋਇਆ ਸੀ ਅਤੇ ਮੁਲਜ਼ਮਾਂ ਦੀ ਪੁੱਛਗਿੱਛ ਦੌਰਾਨ ਹੋਏ ਖੁਲਾਸਿਆਂ ਦੇ ਆਧਾਰ 'ਤੇ ਉਨ੍ਹਾਂ ਕੋਲੋਂ 915 ਗ੍ਰਾਮ ਆਈ.ਸੀ.ਈ. ਅਤੇ ਚਾਰ ਹੋਰ ਪਿਸਤੌਲ ਬਰਾਮਦ ਕੀਤੇ ਗਏ।

ਪੁਲਿਸ ਕਮਿਸ਼ਨਰ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਫਿਰੋਜ਼ਪੁਰ ਸੈਕਟਰ ਦੇ ਸੰਘਣੇ ਜੰਗਲੀ ਇਲਾਕੇ ਵਿੱਚ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਖੇਪ ਸੁੱਟੀ ਜਾ ਰਹੀ ਸੀ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਮੁਲਜ਼ਮ ਅਜਿਹੇ ਸਥਾਨਾਂ ਤੋਂ ਹੀ ਇਹ ਖੇਪਾਂ ਪ੍ਰਾਪਤ ਕਰਕੇ ਫਿਰ ਵੱਖ-ਵੱਖ ਖੇਤਰਾਂ ਵਿੱਚ ਇਸਦੀ ਸਪਲਾਈ ਕਰਦੇ ਸਨ। ਇਸ ਸਬੰਧੀ ਦੇ ਪੁਲਿਸ ਥਾਣਾ ਗੇਟ ਹਕੀਮਾ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 22-ਸੀ ਅਤੇ ਅਸਲਾ ਐਕਟ ਦੀ ਧਾਰਾ 25 (6, 7(iii) ਅਤੇ 8) ਤਹਿਤ ਐਫਆਈਆਰ ਨੰ. 105 ਮਿਤੀ 15-04-2026 ਨੂੰ ਦਰਜ ਕੀਤੀ ਗਈ ਹੈ।

# ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਲਈ ਰੋਜ਼ਾਨਾ ਤਿਆਰ ਹੁੰਦੈ 2 ਕੁਇੰਟਲ ਪਤਾਸਿਆਂ ਦਾ ਪ੍ਰਸ਼ਾਦਿ

ਅੰਮ੍ਰਿਤਸਰ, 23 ਅਪ੍ਰੈਲ (ਚ.ਨ.ਸ): ਸ੍ਰੀ ਹਰਿਮੰਦਰ ਸਾਹਿਬ ਵਿਖੇ ਜਿਥੇ ਕੜਾਹ ਪ੍ਰਸ਼ਾਦਿ ਸੰਗਤ ਭੇਟ ਕਰਵਾਉਂਦੀਆਂ ਹਨ, ਉਥੇ ਹੀ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਪਤਾਸਿਆਂ ਦਾ ਪ੍ਰਸ਼ਾਦਿ ਵੀ ਭੇਟਾ ਰਹਿਤ ਦਿੱਤਾ ਜਾਂਦਾ ਹੈ, ਜੋ ਆਪਣੇ ਪਰਿਵਾਰਕ ਮੈਂਬਰਾਂ ਲਈ ਨਾਲ ਲੈ ਕੇ ਜਾਂਦੀਆਂ ਹਨ। ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਪਤਾਸਿਆਂ ਦਾ ਪ੍ਰਸ਼ਾਦਿ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਸੰਗਤ ਨੂੰ ਅਰਦਾਸ ਕਰਵਾਉਣ ਸਮੇਂ ਅਰਦਾਸੀਏ ਸਿੰਘ, ਚੌਰਬਰਦਾਰ ਜਾਂ ਸੇਵਾਦਾਰ ਦਿੰਦੇ ਹਨ। ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਵਾਲੀਆਂ ਸੰਗਤਾਂ ਸ਼ਰਧਾ ਨਾਲ ਅਰਦਾਸ ਕਰਵਾਉਂਦੀਆਂ ਹਨ। ਅਰਦਾਸ ਕਰਵਾਉਣ ਸਮੇਂ ਸੰਗਤ ਵੱਲੋਂ ਕਈ



ਪ੍ਰਕਾਰ ਦੀ ਭੇਟਾ ਵੀ ਗੁਰੂ ਸਾਹਿਬ ਨੂੰ ਅਰਪਿਤ ਕੀਤੀਆਂ ਜਾਂਦੀ ਹੈ ਪਰ ਅਰਦਾਸ ਕਰਵਾਉਣ ਸਮੇਂ ਅਰਦਾਸੀਏ ਸਿੰਘ, ਚੌਰਬਰਦਾਰ ਸਿੰਘ ਜਾਂ ਸੇਵਾਦਾਰ ਬਖਸ਼ਿਸ਼ ਰੂਪੀ ਪਤਾਸਿਆਂ ਦਾ ਪ੍ਰਸ਼ਾਦਿ ਸੰਗਤਾਂ ਨੂੰ ਦਿੰਦੇ ਹਨ। ਉਨ੍ਹਾਂ ਦੱਸਿਆ ਕਿ ਜਿਵੇਂ ਕੜਾਹ ਪ੍ਰਸ਼ਾਦਿ ਪ੍ਰਬੰਧਕਾਂ ਵੱਲੋਂ ਮਰਿਆਦਾ ਨਾਲ ਤਿਆਰ ਹੁੰਦਾ ਹੈ, ਉਸੇ ਤਰ੍ਹਾਂ ਪਤਾਸਿਆਂ ਦਾ ਪ੍ਰਸ਼ਾਦਿ ਵੀ ਵਿਸ਼ੇਸ਼ ਪ੍ਰਬੰਧ ਤੇ ਮਰਿਆਦਾ ਤੇ ਸਾਫ-ਸਫਾਈ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਜਾਂਦਾ ਹੈ। ਪਤਾਸੇ ਤਿਆਰ ਕਰਨ ਲਈ ਵਿਸ਼ੇਸ਼ ਕਾਰੀਗਰ ਲਗਾਏ ਗਏ ਹਨ। ਕਾਰੀਗਰ ਇੱਕ ਦਿਨ ਵਿੱਚ 2 ਕੁਇੰਟਲ ਦੇ ਕਰੀਬ ਪਤਾਸੇ ਤਿਆਰ ਕਰਦੇ ਹਨ, ਜੋ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਨੂੰ ਨਤਮਸਤਕ ਹੋਣ ਸਮੇਂ ਅਰਦਾਸ ਕਰਵਾਉਣ ਮੌਕੇ ਬਖਸ਼ਿਸ਼ ਰੂਪ ਵਿੱਚ ਦਿੱਤਾ ਜਾਂਦਾ ਹੈ। ਇਹ ਪ੍ਰਸ਼ਾਦਿ ਲੰਬੇ ਸਮੇਂ ਤੱਕ ਰੱਖ ਕੇ ਸੇਵਨ ਕੀਤਾ ਜਾ ਸਕਦਾ ਹੈ ਤਾਂ ਜੋ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਪਰਿਵਾਰਕ ਮੈਂਬਰਾਂ ਲਈ ਵੀ ਇਹ ਪ੍ਰਸ਼ਾਦਿ ਲੈ ਕੇ ਜਾ ਸਕੇ। ਇਸ ਤੋਂ ਇਲਾਵਾ ਪਿੰਨੀ ਪ੍ਰਸ਼ਾਦਿ ਵੀ ਸੰਗਤ ਲਈ ਉਪਲਬਧ ਹੈ।

# ਦਿੱਲੀ 'ਚ ਤਾਪਮਾਨ 42 ਡਿਗਰੀ ਦੇ ਪਾਰ, ਅੱਜ ਲੂ ਚੱਲਣ ਦਾ ਅਲਰਟ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ): ਵੱਧਦੇ ਤਾਪਮਾਨ ਦੇ ਵਿੱਚਕਾਰ ਰਾਜਧਾਨੀ ਦੇ ਵਸਨੀਕਾਂ ਨੇ ਬੁੱਧਵਾਰ ਨੂੰ ਦਿਨ ਭਰ ਗਰਮ ਹਵਾਵਾਂ ਦੇ ਝੱਖੜਾਂ ਨਾਲ ਜੂਝਦੇ ਹੋਏ ਬਿਤਾਇਆ। ਤੇਜ਼ ਧੁੱਪ ਤੇ ਖੁਸ਼ਕ ਹਵਾਵਾਂ ਕਾਰਨ ਲੋਕਾਂ ਨੂੰ ਹੁਣ ਭਿਆਨਕ ਗਰਮੀ ਨਾਲ ਜੂਝਣਾ ਪੈ ਰਿਹਾ ਹੈ। ਹਾਲਾਂਕਿ, ਇਹ ਤੱਥ ਬਣਿਆ ਹੋਇਆ ਹੈ ਕਿ ਮੌਸਮ ਵਿਭਾਗ ਦੀ ਭਵਿੱਖਬਾਣੀ ਲਗਾਤਾਰ ਦੂਜੇ ਦਿਨ ਗਲਤ ਸਾਬਤ ਹੋਈ। ਕੋਈ ਹੀਟਵੇਵ ਨਹੀਂ ਆਈ ਤੇ ਯੈਲੋ ਅਲਰਟ ਵਾਪਸ ਲੈਣਾ ਪਿਆ। ਵੀਰਵਾਰ ਨੂੰ ਵੀ ਹੀਟਵੇਵ ਦੇ ਕੋਈ ਸੰਕੇਤ ਨਹੀਂ ਹਨ। ਦਿੱਲੀ ਦੇ ਰਿਜ ਖੇਤਰ ਵਿੱਚ ਵੱਧ ਤੋਂ ਵੱਧ ਤਾਪਮਾਨ 42.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਹ ਧਿਆਨ ਦੇਣਯੋਗ ਹੈ ਕਿ ਕਿਸੇ ਸਥਿਤੀ ਨੂੰ ਅਧਿਕਾਰਤ ਤੌਰ 'ਤੇ ਹੀਟਵੇਵ ਵਜੋਂ ਸ਼੍ਰੇਣੀਬੱਧ ਕੀਤਾ ਜਾਂਦਾ ਹੈ, ਜਦੋਂ ਵੱਧ ਤੋਂ ਵੱਧ ਤਾਪਮਾਨ ਆਮ ਪੱਧਰ ਤੋਂ 4.5 ਡਿਗਰੀ ਸੈਲਸੀਅਸ ਵੱਧ ਜਾਂਦਾ ਹੈ। ਮੌਸਮ ਵਿਭਾਗ ਨੇ ਸ਼ੁਰੂ ਵਿੱਚ ਮੰਗਲਵਾਰ ਲਈ ਹੀਟਵੇਵ ਅਲਰਟ ਜਾਰੀ ਕੀਤਾ ਸੀ, ਪਰ ਉਹ ਭਵਿੱਖਬਾਣੀ ਵੀ ਸਹੀ ਸਾਬਤ ਹੋਣ ਵਿੱਚ ਅਸਫਲ ਰਹੀ।



# ਦਿੱਲੀ 'ਚ ਆਈਆਰਐਸ ਅਧਿਕਾਰੀ ਦੀ ਧੀ ਦੀ ਜਬਰ-ਜਨਾਹ ਪਿੱਛੋਂ ਹੱਤਿਆ
## ☛ਡਾਟਾ ਕੇਬਲ ਨਾਲ ਗਲਾ ਘੁੱਟ ਕੇ ਵਾਰਦਾਤ ਨੂੰ ਅੰਜਾਮ ਦਿੱਤਾ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ): ਅਮਰ ਕਲੋਨੀ ਥਾਣਾ ਖੇਤਰ ਕੈਲਾਸ਼ ਹਿੱਲਜ਼ ਵਿੱਚ ਡੇਢ ਮਹੀਨੇ ਪਹਿਲਾਂ ਕੱਢੇ ਗਏ ਘਰੇਲੂ ਸਹਾਇਕ ਨੇ ਆਈਆਰਐਸ ਅਧਿਕਾਰੀ ਦੀ ਧੀ ਦੀ ਜਬਰ-ਜਨਾਹ ਪਿੱਛੋਂ ਮੋਬਾਈਲ ਦੀ ਡਾਟਾ ਕੇਬਲ ਨਾਲ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ। ਵਾਰਦਾਤ ਸਮੇਂ ਕੁੜੀ ਘਰ ਵਿੱਚ ਇਕੱਲੀ ਸੀ। ਪੁਲਿਸ ਦੀ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਮੰਗਲਵਾਰ ਰਾਤ ਕਰੀਬ 11 ਵਜੇ ਅਲਵਰ ਵਿੱਚ ਗੁਆਂਢ 'ਚ ਰਹਿਣ ਵਾਲੀ 35 ਸਾਲਾ ਔਰਤ ਨਾਲ ਘਰ ਵਿੱਚ ਵੜ ਕੇ ਜਬਰ-ਜਨਾਹ ਕੀਤਾ ਸੀ। ਇਸ ਤੋਂ ਬਾਅਦ ਸਵੇਰੇ ਸਾਢੇ ਛੇ ਵਜੇ ਦਿੱਲੀ ਵਿੱਚ ਘਟਨਾ ਨੂੰ ਅੰਜਾਮ ਦਿੱਤਾ। ਪੁਲਿਸ ਹੁਣ ਇਹ ਪਤਾ ਲਗਾ ਰਹੀ ਹੈ ਕਿ ਇੰਨੇ ਘੱਟ ਸਮੇਂ ਵਿੱਚ ਮੁਲਜ਼ਮ ਅਲਵਰ ਤੋਂ ਦਿੱਲੀ ਕਿਵੇਂ ਪਹੁੰਚਿਆ। ਪੁਲਿਸ ਨੇ ਦੇਰ ਰਾਤ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਦਾ ਕਹਿਣਾ ਹੈ ਕਿ ਜਬਰ-ਜਨਾਹ ਦੀ ਪੁਸ਼ਟੀ ਪੋਸਟਮਾਰਟਮ ਰਿਪੋਰਟ ਤੋਂ ਬਾਅਦ ਹੋਵੇਗੀ।ਪੁਲਿਸ ਅਨੁਸਾਰ ਅਲਵਰ ਦੇ ਰਹਿਣ ਵਾਲੇ 19 ਸਾਲਾ ਘਰੇਲੂ ਸਹਾਇਕ ਰਾਹੁਲ ਮੀਣਾ ਨੂੰ ਆਈਆਰਐਸ ਅਧਿਕਾਰੀ ਨੇ ਡੇਢ ਮਹੀਨੇ ਪਹਿਲਾਂ ਕੰਮ ਤੋਂ ਕੱਢ ਦਿੱਤਾ ਸੀ। ਦੋਸ਼ ਹੈ ਕਿ ਉਹ ਘਰੇਲੂ ਸਮਾਨ ਲਿਆਉਣ ਵਿੱਚ ਪੈਸੇ ਦਾ ਹੇਰ-ਫੇਰ ਕਰ ਰਿਹਾ ਸੀ। ਪੁਲਿਸ ਨੂੰ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਬੁੱਧਵਾਰ ਸਵੇਰੇ ਆਈਆਰਐਸ ਅਧਿਕਾਰੀ ਆਪਣੀ ਪਤਨੀ ਨਾਲ ਜਿੰਮ ਗਏ ਸਨ। ਘਰ 'ਚ ਉਨ੍ਹਾਂ ਦੀ 22 ਸਾਲਾ ਧੀ ਇਕੱਲੀ ਸੀ। ਉਹ ਇੰਜੀਨੀਅਰਿੰਗ ਤੋਂ ਬਾਅਦ ਸਿਵਲ ਸੇਵਾ ਪ੍ਰੀਖਿਆ ਦੀ ਤਿਆਰੀ ਕਰ ਰਹੀ ਸੀ। ਇਸ ਕਾਰਨ ਮਾਤਾ-ਪਿਤਾ ਜਿੰਮ ਜਾਣ ਵੇਲੇ ਧੀ ਨੂੰ ਡਿਸਟਰਬ ਨਹੀਂ ਕਰਦੇ ਸਨ ਤੇ ਘਰ ਵਿੱਚ ਤਾਲਾ ਲਗਾ ਕੇ ਚਾਬੀ ਕਿਸੇ ਗੁਪਤ ਸਥਾਨ 'ਤੇ ਰੱਖ ਦਿੰਦੇ ਸਨ। ਮੁਲਜ਼ਮ ਰਾਹੁਲ ਨੂੰ ਇਸ ਦੀ ਜਾਣਕਾਰੀ ਸੀ, ਇਸ ਲਈ ਉਹ ਬੁੱਧਵਾਰ ਸਵੇਰੇ ਆਸਥਾ ਕੁੰਜ ਪਾਰਕ ਪਹੁੰਚ ਗਿਆ ਤੇ ਜੋੜੇ ਦੇ ਜਾਣ ਦੀ ਉਡੀਕ ਕਰਨ ਲੱਗਾ। ਜਦੋਂ ਉਹ ਬਾਹਰ ਨਿਕਲੇ ਤਾਂ ਗਾਰਡ ਨਾਲ ਗੱਲਬਾਤ ਕਰਕੇ ਉਹ ਅੰਦਰ ਚਲਾ ਗਿਆ। ਕਿਉਂਕਿ ਉਸ ਨੇ ਲਗਭਗ ਅੱਠ ਮਹੀਨੇ ਤੱਕ ਕੰਮ ਕੀਤਾ ਸੀ, ਇਸ ਲਈ ਗਾਰਡ ਨੇ ਵੀ ਜ਼ਿਆਦਾ ਪੁੱਛਗਿੱਛ ਕਿਤੇ ਬਿਨਾਂ ਉਸ ਨੂੰ ਜਾਣ ਦਿੱਤਾ। ਇਸ ਤੋਂ ਬਾਅਦ ਚਾਬੀ ਨਾਲ ਦਰਵਾਜ਼ਾ ਖੋਲ੍ਹ ਕੇ ਉਹ ਅੰਦਰ ਗਿਆ ਤੇ ਘਟਨਾ ਨੂੰ ਅੰਜਾਮ ਦਿੱਤਾ। ਇਸ ਤੋਂ ਬਾਅਦ ਤੇਜ਼ੀ ਨਾਲ ਨਿਕਲਿਆ ਤੇ ਆਸਥਾ ਕੁੰਜ ਪਾਰਕ ਵੱਲ ਭੱਜ ਗਿਆ।ਪੁਲਿਸ ਸੂਤਰਾਂ ਮੁਤਾਬਿਕ ਹੱਤਿਆ ਮੋਬਾਈਲ ਦੀ ਡਾਟਾ ਕੇਬਲ ਨਾਲ ਗਲਾ ਘੁੱਟ ਕੇ ਕੀਤੀ ਗਈ। ਚਿਹਰੇ, ਗਰਦਨ ਤੇ ਸਿਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਮਿਲੇ ਹਨ।

# ਦੁਕਾਨ 'ਚ ਧਮਾਕੇ ਕਾਰਨ ਪੰਜ ਜ਼ਖ਼ਮੀ
## ☛ਚਾਰ ਦੁਕਾਨਾਂ ਤੇ ਘਰ ਨੂੰ ਨੁਕਸਾਨ ਪੁੱਜਿਆ

ਅਬੋਹਰ, 23 ਅਪ੍ਰੈਲ (ਬਖਸ਼ੀਸ਼ ਸਿੰਘ): ਇਥੇ ਦੇਰ ਰਾਤ ਬਾਜ਼ਾਰ ਵਿੱਚ ਭਿਆਨਕ ਧਮਾਕਾ ਹੋਇਆ। ਇਹ ਘਟਨਾ ਪਟੇਲ ਪਾਰਕ ਤੇ ਵਿਜ ਹਾਲ ਦੇ ਨੇੜੇ ਵਾਪਰੀ, ਜਿੱਥੇ ਗੰਨੇ ਦੇ ਜੂਸ ਦੀ ਦੁਕਾਨ



ਵਿੱਚ ਲੱਗੇ ਜੈਨਰੇਟਰ ਵਿੱਚ ਧਮਾਕਾ ਹੋਣ ਦਾ ਖ਼ਦਸ਼ਾ ਹੈ। ਇਸ ਕਾਰਨ ਚਾਰ ਦੁਕਾਨਾਂ ਤੇ ਘਰ ਨੂੰ ਨੁਕਸਾਨ ਪਹੁੰਚਿਆ ਹੈ। ਇਸ ਧਮਾਕੇ ਕਾਰਨ ਪੰਜ ਜਣੇ ਗੰਭੀਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਵਿੱਚ ਪਰਿਵਾਰ ਦੇ ਤਿੰਨ ਮੈਂਬਰ ਦੁਕਾਨਦਾਰ ਦੀਪਕ ਚੁੱਘ, ਉਸ ਦੀ ਭੈਣ ਪੂਜਾ ਤੇ ਮਾਂ ਨੀਲਮ ਸਣੇ ਢਾਬਾ ਮਾਲਕ ਤੇ ਮਹਿਲਾ ਗ੍ਰਾਹਕ ਸ਼ਾਮਲ ਹਨ। ਇੱਕ ਔਰਤ ਦੀ ਹਾਲਤ ਨਾਜ਼ੁਕ ਹੈ। ਧਮਾਕੇ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਘਟਨਾ ਸਥਾਨ 'ਤੇ ਪਹੁੰਚ ਗਈਆਂ ਤੇ ਅੱਗ ਬੁਝਾਈ। ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਤੁਰੰਤ ਸਰਕਾਰੀ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਕੁਝ ਦੀ ਗੰਭੀਰ ਹਾਲਤ ਕਾਰਨ ਉਨ੍ਹਾਂ ਨੂੰ ਅੱਗੇ ਰੈਫਰ ਕੀਤਾ ਗਿਆ। ਘਟਨਾ ਸਥਾਨ 'ਤੇ ਫੌਰੈਂਸਿਕ ਟੀਮ ਨੇ ਵੀ ਜਾਂਚ ਕੀਤੀ। ਸ਼ੁਰੂਆਤੀ ਤੌਰ 'ਤੇ ਬੰਬ ਜਾਂ ਪਟਾਕਿਆਂ ਦੇ ਧਮਾਕੇ ਦਾ ਸ਼ੱਕ ਸੀ ਪਰ ਜਾਂਚ ਵਿੱਚ ਸਾਹਮਣੇ ਆਇਆ ਕਿ ਜੈਨਰੇਟਰ ਦਾ ਪਿਸਟਨ ਫਟ ਗਿਆ, ਜਿਸ ਨਾਲ ਇਹ ਹਾਦਸਾ ਵਾਪਰਿਆ। ਹਾਦਸੇ ਸਮੇਂ ਦੁਕਾਨ ਵਿੱਚ ਕਈ ਗੈਸ ਸਿਲੰਡਰ ਵੀ ਪਏ ਸਨ, ਜਿਨ੍ਹਾਂ ਨੂੰ ਲੋਕਾਂ ਨੇ ਸਮੇਂ ਸਿਰ ਬਾਹਰ ਕੱਢ ਲਿਆ। ਅੱਜ ਸਵੇਰੇ ਐਸਐਸਪੀ ਗੁਰਮੀਤ ਸਿੰਘ ਨੇ ਘਟਨਾ ਸਥਾਨ ਦਾ ਮੁਆਇਨਾ ਕਰਦੇ ਹੋਏ ਕਿਹਾ ਕਿ ਉਥੇ ਕੋਈ ਵਿਸਫੋਟਕ ਸਮੱਗਰੀ ਨਹੀਂ ਮਿਲੀ। ਇਸ ਤੋਂ ਇਲਾਵਾ ਸਿਆਸੀ ਆਗੂਆਂ ਨੇ ਵੀ ਹਸਪਤਾਲ ਪਹੁੰਚ ਕੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਿਆ।

# ਵਿਆਹ ਸਮਾਗਮ 'ਚ ਵੜੇ ਅਵਾਰਾ ਕੁੱਤੇ ਨੇ 60 ਤੋਂ ਵੱਧ ਜਣਿਆਂ ਨੂੰ ਵੱਢਿਆ

ਬਦਾਯੂੰ, 23 ਅਪ੍ਰੈਲ (ਚ.ਨ.ਸ): ਉਤਰ ਪ੍ਰਦੇਸ਼ ਦੇ ਬਦਾਯੂੰ ਜ਼ਿਲ੍ਹੇ ਵਿੱਚ ਲਾੜੀ ਦੀ ਵਿਦਾਇਗੀ ਮੌਕੇ ਪੈਲੇਸ 'ਚ ਵੜੇ ਅਵਾਰਾ ਕੁੱਤੇ ਨੇ ਵਿਆਹ 'ਚ ਸ਼ਾਮਲ ਦੋਵਾਂ ਪਾਸਿਆਂ ਦੇ 60 ਤੋਂ ਵੱਧ ਲੋਕਾਂ ਨੂੰ ਕੱਟ ਲਿਆ। ਘਟਨਾ ਸੋਮਵਾਰ ਸਵੇਰੇ ਬਿਸੌਲੀ ਥਾਣੇ ਅਧੀਨ ਪੈਂਦੇ ਬਿਲਸੀ ਰੋਡ 'ਤੇ ਅਭਿਨੰਦਨ ਬੈਂਕੁਇਟ ਹਾਲ 'ਚ ਵਾਪਰੀ, ਜਦੋਂ ਅਵਾਰਾ ਕੁੱਤਾ ਕੰਪਲੈਕਸ 'ਚ ਵੜ ਗਿਆ ਤੇ ਮਹਿਮਾਨਾਂ ਨੂੰ ਵੱਢਣਾ ਸ਼ੁਰੂ ਕਰ ਦਿੱਤਾ। ਮੌਕੇ ਦੇ ਗਵਾਹਾਂ ਮੁਤਾਬਿਕ ਕੁੱਤੇ ਦੇ ਅਚਾਨਕ ਹਮਲੇ ਕਾਰਨ ਸਮਾਗਮ 'ਚ ਭਗਦੜ ਵਰਗੀ ਸਥਿਤੀ ਬਣ ਗਈ ਤੇ ਕਈ ਲੋਕ ਬਚ ਕੇ ਭੱਜਣ ਦੇ ਚੱਕਰ 'ਚ ਇੱਕ-ਦੂਜੇ 'ਤੇ ਡਿੱਗ ਪਏ, ਜਿਸ ਕਾਰਨ ਉਨ੍ਹਾਂ ਨੂੰ ਸੱਟਾਂ ਲੱਗੀਆਂ।ਅਧਿਕਾਰੀਆਂ ਮੁਤਾਬਿਕ ਵਿਆਹ 'ਚ ਮਹਿਮਾਨਾਂ 'ਤੇ ਹਮਲੇ ਮਗਰੋਂ ਅਵਾਰਾ ਕੁੱਤਾ ਬਾਹਰ ਭੱਜ ਗਿਆ ਤੇ ਸੜਕ ਕਿਨਾਰੇ ਕਈ ਰਾਹਗੀਰਾਂ ਤੇ ਦੁਕਾਨਦਾਰਾਂ ਨੂੰ ਕੱਟ ਲਿਆ। ਬਾਅਦ 'ਚ ਕੁੱਤੇ ਨੇ ਪਿੰਡ ਵਿੱਚ ਪਸ਼ੂਆਂ 'ਤੇ ਵੀ ਹਮਲਾ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਅਵਾਰਾ ਕੁੱਤੇ ਦੇ ਹਮਲੇ 'ਚ ਜ਼ਖ਼ਮੀ ਹੋਏ ਲੋਕਾਂ ਨੂੰ ਬਿਸੌਲੀ ਸਥਿਤ ਕਥਿਤ ਕਮਿਊਨਿਟੀ ਸਿਹਤ ਕੇਂਦਰ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੂੰ ਰੈਬੀਜ਼ ਦੀ ਰੋਕਥਾਮ ਲਈ ਟੀਕੇ ਲਗਾਏ ਗਏ। ਸੀਐਚਸੀ ਦੇ ਮੈਡੀਕਲ ਅਧਿਕਾਰੀ ਮੁਤਾਬਿਕ ਅਰਵਿੰਦ ਵਰਮਾ ਨੇ ਦੱਸਿਆ ਕਿ 109 ਜਣਿਆਂ ਜਿਨ੍ਹਾਂ ਵਿੱਚੋਂ ਲਗਭਗ 60 ਜਣੇ ਵਿਆਹ 'ਚ ਹੋਈ ਘਟਨਾ ਦੇ ਪੀੜਤ ਸਨ, ਨੂੰ ਹਲਕਾਅ ਤੋਂ ਬਚਾਅ ਸਬੰਧੀ ਟੀਕੇ ਲਗਾਏ ਗਏ।



# ਵੱਡੀ ਵਾਰਦਾਤ ਟਲੀ, ਲੁੱਟ ਦੀ ਯੋਜਨਾ ਬਣਾਉਂਦਾ ਗਿਰੋਹ 5 ਹਥਿਆਰਾਂ ਸਮੇਤ ਕਾਬੂ

ਕੋਟਕਪੂਰਾ, 23 ਅਪ੍ਰੈਲ (ਵਿਪਨ ਗੋਇਲ): ਜ਼ਿਲ੍ਹਾ ਫਰੀਦਕੋਟ ਵਿੱਚ ਪੁਲਿਸ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਹੋਈ ਹੈ। ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਨੇ ਕੋਟਕਪੂਰਾ ਖੇਤਰ ਵਿੱਚ ਲੁੱਟ-ਖੋਹ ਦੀ ਯੋਜਨਾ ਬਣਾਉਂਦੇ ਇੱਕ ਗਿਰੋਹ ਨੂੰ ਵਾਰਦਾਤ ਤੋਂ ਪਹਿਲਾਂ ਹੀ ਕਾਬੂ ਕਰ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਐਸ.ਪੀ. (ਇਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਤੇ ਡੀ.ਐਸ.ਪੀ. ਕੋਟਕਪੂਰਾ ਸੰਜੀਵ ਕੁਮਾਰ ਦੀ ਰਹਿਨੁਮਾਈ ਹੇਠ ਥਾਣਾ ਸਿਟੀ ਕੋਟਕਪੂਰਾ ਦੀ ਪੁਲਿਸ ਟੀਮ ਵੱਲੋਂ ਗਸ਼ਤ ਤੇ ਚੈਕਿੰਗ ਦੌਰਾਨ ਇਹ ਕਾਰਵਾਈ ਕੀਤੀ ਗਈ। ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਕੁਝ ਵਿਅਕਤੀ ਜੈਤੋ ਰੋਡ ਬਾਈਪਾਸ ਲਿੰਕ ਰੋਡ ਨੇੜੇ ਲੁਕ ਛਿਪ ਕੇ ਤੇਜ਼ਧਾਰ ਹਥਿਆਰਾਂ ਨਾਲ ਲੁੱਟ-ਖੋਹ ਦੀ ਯੋਜਨਾ ਬਣਾ ਰਹੇ ਹਨ। ਸੂਚਨਾ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ 5 ਦੋਸ਼ੀਆਂ ਨੂੰ ਕਾਬੂ ਕਰ ਲਿਆ। ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਦੀ ਪਹਿਚਾਣ ਪਵਨ ਕੁਮਾਰ ਉਰਫ ਲੰਗੂ, ਕਰਨ, ਰਵੀ, ਜਸਵੰਤ ਸਿੰਘ ਤੇ ਹੈਪੀ ਵਜੋਂ ਹੋਈ ਹੈ, ਜੋ ਸਾਰੇ ਕੋਟਕਪੂਰਾ ਦੇ ਰਹਿਣ ਵਾਲੇ ਹਨ। ਦੋਸ਼ੀਆਂ ਕੋਲੋਂ 1 ਲੋਹੇ ਦੀ ਪਾਈਪ, 1 ਕ੍ਰਿਪਾਨ, 2 ਕਾਪੇ ਤੇ 1 ਖੰਡਾ ਬ੍ਰਾਮਦ ਕੀਤਾ ਗਿਆ ਹੈ। ਪੁਲਿਸ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਗ੍ਰਿਫਤਾਰ ਦੋਸ਼ੀਆਂ ਦਾ ਪੁਰਾਣਾ ਕ੍ਰਿਮੀਨਲ ਰਿਕਾਰਡ ਵੀ ਹੈ ਤੇ ਇਨ੍ਹਾਂ ਖ਼ਿਲਾਫ਼ ਨਸ਼ਾ ਤਸਕਰੀ ਸਮੇਤ ਵੱਖ-ਵੱਖ ਸੰਗੀਨ ਧਾਰਾਵਾਂ ਹੇਠ ਕੁੱਲ 11 ਮੁਕੱਦਮੇ ਦਰਜ ਹਨ। ਇਸ ਮਾਮਲੇ ਸਬੰਧੀ ਥਾਣਾ ਸਿਟੀ ਕੋਟਕਪੂਰਾ ਵਿੱਚ ਮੁਕੱਦਮਾ ਨੰਬਰ 79 ਮਿਤੀ 21.04.2026 ਅਧੀਨ ਧਾਰਾ 310(4) ਤੇ 310(5) ਬੀ.ਐਨ.ਐਸ. ਤਹਿਤ ਕੇਸ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੋ ਹੋਰ ਖੁਲਾਸੇ ਹੋ ਸਕਣ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਬਣਾਈ ਰੱਖਣਾ ਸਭ ਤੋਂ ਵੱਡੀ ਤਰਜੀਹ ਹੈ ਤੇ ਮਾੜੇ ਅਨਸਰਾਂ ਖ਼ਿਲਾਫ਼ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।



# ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਬੌਧਿਕ ਸੰਪਤੀ ਦਿਵਸ ਮੌਕੇ ਸੈਮੀਨਾਰ ਕਰਵਾਇਆ

ਮੰਡੀ ਗੋਬਿੰਦਗੜ੍ਹ, 23 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਖੇਤੀਬਾੜੀ ਤੇ ਜੀਵ ਵਿਗਿਆਨ ਫੈਕਲਟੀ ਦੇ ਅਗ੍ਰਿਮ ਕਲੱਬ ਵੱਲੋਂ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ ਤੇ ਇੰਟਰਨਲ ਕੁਆਲਿਟੀ ਇੰਸ਼ੋਰੈਂਸ ਸੈਲ ਦੇ ਸਹਿਯੋਗ ਨਾਲ ਯੂਨੀਵਰਸਿਟੀ ਕੈਂਪਸ ਵਿੱਚ ਵਰਲਡ ਇੰਟੈਲੈਕਚੁਅਲ ਪ੍ਰਾਪਰਟੀ ਦਿਵਸ-2026 ਮੌਕੇ ਸੈਮੀਨਾਰ ਕਰਵਾਇਆ ਗਿਆ। ਇਸ ਦਾ ਥੀਮ 'ਬੌਧਿਕ ਸੰਪਤੀ ਤੇ ਖੇਡਾਂ ਬਾਰੇ ਝਲਕ: ਰੈਡੀ, ਸੈਟ, ਇਨੋਵੇਟ' ਅਧੀਨ ਕਰਵਾਏ ਇਸ ਪ੍ਰੋਗਰਾਮ ਵਿੱਚ ਖੇਡਾਂ ਤੇ ਖੋਜ ਖੇਤਰਾਂ ਵਿੱਚ ਨਵੀਨਤਾ, ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਬੌਧਿਕ ਸੰਪਤੀ ਅਧਿਕਾਰਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਰੋਸ਼ਨੀ ਪਾਈ ਗਈ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ-ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂ ਕਿ ਪੰਜਾਬੀ ਯੂਨੀਵਰਸਿਟੀ ਦੇ ਪ੍ਰੋ. (ਡਾ.) ਬਲਵਿੰਦਰ ਸਿੰਘ ਸੂਚ ਤੇ ਆਈਪੀ ਇੰਡੀਆ ਦੀ ਵਿਗਿਆਨਿਕ ਸਲਾਹਕਾਰ ਡਾ. ਰੁਚੀ ਸਿੰਗਲਾ ਨੇ ਵਿਸ਼ੇਸ਼ ਸਰੋਤ ਵਿਅਕਤੀਆਂ ਵਜੋਂ ਸ਼ਿਰਕਤ ਕੀਤੀ। ਖੇਤੀਬਾੜੀ ਤੇ ਜੀਵ ਵਿਗਿਆਨ ਫੈਕਲਟੀ ਦੇ ਡੀਨ ਪ੍ਰੋ. (ਡਾ.) ਐਚ.ਕੇ. ਸਿੱਧੂ ਨੇ ਸਵਾਗਤ ਕੀਤਾ। ਡਾ. ਸਦਾਵਰਤੀ ਨੇ ਵਿਦਿਆਰਥੀਆਂ ਨੂੰ ਨਵੀਨਤਾ ਵੱਲ ਅੱਗੇ ਵਧਣ ਤੇ ਆਪਣੇ ਰਚਨਾਤਮਕ ਵਿਚਾਰਾਂ ਨੂੰ ਬੌਧਿਕ ਸੰਪਤੀ ਰਾਹੀਂ ਸੁਰੱਖਿਅਤ ਕਰਨ ਲਈ ਪ੍ਰੇਰਿਤ ਕੀਤਾ। ਡਾ. ਸੂਚ ਨੇ ਖੋਜ, ਨਵੀਨਤਾ ਤੇ ਖੇਡਾਂ ਦੇ ਖੇਤਰ ਵਿੱਚ ਬੌਧਿਕ ਸੰਪਤੀ ਦੀ ਭੂਮਿਕਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੇਟੈਂਟ, ਟਰੇਡਮਾਰਕ ਤੇ ਡਿਜ਼ਾਈਨ ਕਿਵੇਂ ਖਿਡਾਰੀਆਂ, ਉਪਕਰਣ ਨਿਰਮਾਤਾਵਾਂ ਤੇ ਸਪੋਰਟਸ-ਟੈਕ ਸਟਾਰਟਅਪਾਂ ਦੀ ਸਹਾਇਤਾ ਕਰਦੇ ਹਨ। ਡਾ. ਰੁਚੀ ਸਿੰਗਲਾ ਨੇ ਬੌਧਿਕ ਸੰਪਤੀ ਨਾਲ ਸਬੰਧਤ ਪ੍ਰਕਿਰਿਆਵਾਂ, ਨਵੀਨਤਾ ਕਰਤਾਵਾਂ ਤੇ ਉਦਯੋਗਪਤੀਆਂ ਲਈ ਲਾਭਾਂ ਤੇ ਮੁਕਾਬਲੇ ਵਿੱਚ ਅੱਗੇ ਰਹਿਣ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਬਾਰੇ ਜਾਣਕਾਰੀ ਦਿੱਤੀ। ਬਾਅਦ ਵਿੱਚ ਇੰਟਰਐਕਟਿਵ ਸੈਸ਼ਨ ਹੋਇਆ, ਜਿਸ ਵਿੱਚ ਭਾਗੀਦਾਰਾਂ ਨੇ ਬੌਧਿਕ ਸੰਪਤੀ ਤੇ ਉਦਯਮਿਤਾ ਨਾਲ ਜੁੜੇ ਮਹੱਤਵਪੂਰਨ ਮਾਮਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ ਤੇ ਅਕਾਦਮਿਕ ਕੋਆਰਡੀਨੇਟਰ ਡਾ. ਅਵਿਨਾਸ਼ ਕੁਮਾਰ ਭਾਟੀਆ ਨੇ ਧੰਨਵਾਦ ਕੀਤਾ।

# ਮਰਦਮਸ਼ੁਮਾਰੀ 2027 ਲਈ ਨਗਰ ਕੌਂਸਲ 'ਚ 3 ਰੋਜ਼ਾ ਟ੍ਰੇਨਿੰਗ ਦੀ ਸ਼ੁਰੂਆਤ
## ਮਕਾਨ ਸੂਚੀਕਰਨ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਵਿਸਥਾਰ ਪੂਰਵਕ ਸਿਖਲਾਈ

ਫ਼ਿਰੋਜ਼ਪੁਰ, 23 ਅਪ੍ਰੈਲ (ਤਿਵਾੜੀ): ਭਾਰਤ ਦੀ ਮਰਦਮਸ਼ੁਮਾਰੀ 2027 ਨੂੰ ਸੁਚਾਰੂ, ਸਹੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਉਣ ਲਈ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਨਗਰ ਕੌਂਸਲ ਦਫ਼ਤਰ ਵਿਖੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਆਈ.ਏ.ਐਸ. ਦੀ ਅਗਵਾਈ ਹੇਠ ਮਕਾਨ ਸੂਚੀਕਰਨ ਤੇ ਮਕਾਨਾਂ ਦੀ ਗਿਣਤੀ ਸਬੰਧੀ 3 ਰੋਜ਼ਾ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਮਰਦਮ ਸ਼ੁਮਾਰੀ ਦੇ ਪਹਿਲੇ ਪੜਾਅ ਨੂੰ ਪੂਰੀ ਤਰ੍ਹਾਂ ਵਿਗਿਆਨਕ ਤੇ ਡਿਜੀਟਲ ਢੰਗ ਨਾਲ ਪੂਰਾ ਕਰਨਾ ਹੈ ਤਾਂ ਜੋ ਅਗਲੇ ਪੜਾਅ ਦੀ ਯੋਜਨਾ ਸਹੀ ਆਧਾਰ 'ਤੇ ਬਣ ਸਕੇ। ਇਸ ਟ੍ਰੇਨਿੰਗ ਵਿੱਚ ਇੰਚਾਰਜ ਅਫ਼ਸਰ ਸੁਖਪਾਲ ਸਿੰਘ ਸੁਪਰਡੈਂਟ, ਇੰਸਪੈਕਟਰ ਅਭਿਸ਼ੇਕ, ਫੀਲਡ ਟਰੇਨਰ ਅਸ਼ਵ ਬਜਾਜ, ਸਰਬਜੀਤ ਸਿੰਘ ਭਾਵੜਾ, ਰਜਨੀਸ਼ ਕੰਬੋਜ, ਰਿਤਿਕ ਤੇ ਜ਼ਿਲ੍ਹਾ ਮਾਸਟਰ ਟਰੇਨਰ ਮਲਕੀਤ ਸਿੰਘ ਹਰਾਜ ਤੇ ਸੁਖਜਿੰਦਰ ਸਿੰਘ ਵੱਲੋਂ ਮਰਦਮ ਸ਼ੁਮਾਰੀ ਨਾਲ ਜੁੜੇ ਹਰੇਕ ਮਹੱਤਵਪੂਰਨ ਪੱਖ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਟ੍ਰੇਨਿੰਗ ਵਿੱਚ ਵੱਖ-ਵੱਖ ਵਿਭਾਗਾਂ ਤੋਂ ਗਿਣਤੀਕਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਟਰੇਨਰਾਂ ਵੱਲੋਂ ਮਕਾਨ ਸੂਚੀਕਰਨ ਦੇ ਤਰੀਕਿਆਂ, ਮਕਾਨਾਂ ਦੀ ਸਹੀ ਪਛਾਣ, ਪਰਿਵਾਰਕ ਇਕਾਈਆਂ ਦੀ ਗਿਣਤੀ, ਡਾਟਾ ਇਕੱਠਾ ਕਰਨ ਦੀ ਵਿਧੀ ਤੇ ਰਿਕਾਰਡ ਭਰਨ ਦੀ ਪ੍ਰਕਿਰਿਆ ਬਾਰੇ ਸਪੱਸ਼ਟ ਤੇ ਆਸਾਨ ਢੰਗ ਨਾਲ ਸਮਝਾਇਆ ਗਿਆ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਮਕਾਨ ਸੂਚੀਕਰਨ ਮਰਦਮ ਸ਼ੁਮਾਰੀ ਦਾ ਸਭ ਤੋਂ ਮਹੱਤਵਪੂਰਨ ਪੜਾਅ ਹੁੰਦਾ ਹੈ, ਜਿਸ ਦੇ ਆਧਾਰ 'ਤੇ ਆਗਾਮੀ ਕਾਰਵਾਈ ਨਿਰਭਰ ਕਰਦੀ ਹੈ। ਇਸ ਲਈ ਹਰ ਕਰਮਚਾਰੀ ਵੱਲੋਂ ਪੂਰੀ ਇਮਾਨਦਾਰੀ, ਜ਼ਿੰਮੇਵਾਰੀ ਤੇ ਚੌਕਸੀ ਨਾਲ ਆਪਣੀ ਡਿਊਟੀ ਨਿਭਾਉਣਾ ਬਹੁਤ ਜ਼ਰੂਰੀ ਹੈ। ਟ੍ਰੇਨਿੰਗ ਦੌਰਾਨ ਮੈਦਾਨੀ ਪੱਧਰ 'ਤੇ ਆ ਸਕਣ ਵਾਲੀਆਂ ਸੰਭਾਵਿਤ ਸਮੱਸਿਆਵਾਂ ਜਿਵੇਂ ਕਿ ਡਾਟਾ ਇਕੱਠਾ ਕਰਨ ਵਿੱਚ ਆਉਣ ਵਾਲੀਆਂ ਰੁਕਾਵਟਾਂ, ਲੋਕਾਂ ਨਾਲ ਸੰਚਾਰ ਦੀਆਂ ਚੁਣੌਤੀਆਂ ਤੇ ਤਕਨੀਕੀ ਦਿੱਕਤਾਂ ਬਾਰੇ ਵੀ ਚਰਚਾ ਕੀਤੀ ਗਈ ।

## ਸੰਪਾਦਕੀ

# ਤਣਾਓ ਬਰਕਰਾਰ

ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਜੰਗਬੰਦੀ ਨੂੰ ਅਨਮਿੱਥੇ ਸਮੇਂ ਲਈ ਵਧਾ ਦਿੱਤਾ ਗਿਆ ਹੈ। ਇਸ ਨਾਲ ਪੱਛਮੀ ਏਸ਼ੀਆ ਦੇ ਇੱਕ ਵਾਰ ਫਿਰ ਅੱਗ ਦੀਆਂ ਲਪਟਾਂ ਵਿੱਚ ਭੜਕਣ ਦੇ ਡਰ ਨੂੰ ਖਤਮ ਕਰ ਦਿੱਤਾ ਗਿਆ ਹੈ। ਜਦੋਂ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਸ ਐਲਾਨ ਨੂੰ ਅਸਥਾਈ ਤੌਰ 'ਤੇ ਇੱਕ ਸਕਾਰਾਤਮਕ ਪਹਿਲ ਮੰਨਿਆ ਜਾ ਰਿਹਾ ਹੈ, ਯੁੱਧ ਦੀ ਚੰਗਿਆੜੀ ਉਦੋਂ ਤੱਕ ਧੁਖਦੀ ਰਹੇਗੀ ਜਦੋਂ ਤੱਕ ਦੋਵਾਂ ਧਿਰਾਂ ਵਿਚਕਾਰ ਵਿਵਾਦ ਦਾ ਸਥਾਈ ਹੱਲ ਨਹੀਂ ਨਿਕਲ ਜਾਂਦਾ। ਇਸ ਤੋਂ ਇਲਾਵਾ, ਜੰਗਬੰਦੀ ਨੂੰ ਵਧਾਉਣ ਦਾ ਫੈਸਲਾ ਤਾਂ ਹੀ ਸਾਰਥਕ ਸਾਬਤ ਹੋਵੇਗਾ ਜੇਕਰ ਹੋਰਮੁਜ਼ ਜਲਡਮਰੂ ਨੂੰ ਦੁਨੀਆ ਲਈ ਖੋਲ੍ਹ ਦਿੱਤਾ ਜਾਂਦਾ ਹੈ, ਕਿਉਂਕਿ ਇਸ ਨਾਲ ਵਿਸ਼ਵਵਿਆਪੀ ਊਰਜਾ ਸੰਕਟ ਪੈਦਾ ਹੋਇਆ ਹੈ। ਇਹ ਉਨ੍ਹਾਂ ਦੇਸ਼ਾਂ 'ਤੇ ਵੀ ਪ੍ਰਭਾਵ ਪਾ ਰਿਹਾ ਹੈ ਜੋ ਸਿੱਧੇ ਤੌਰ 'ਤੇ ਯੁੱਧ ਵਿੱਚ ਸ਼ਾਮਲ ਨਹੀਂ ਹਨ। ਹੋਰਮੁਜ਼ ਜਲਡਮਰੂ 'ਤੇ ਈਰਾਨ ਦੇ ਜ਼ਿੱਦੀ ਰੁਖ਼ ਤੋਂ ਬਾਅਦ ਅਮਰੀਕੀ ਨਾਕਾਬੰਦੀ ਨੇ ਸਥਿਤੀ ਨੂੰ ਹੋਰ ਗੁੰਝਲਦਾਰ ਬਣਾ ਦਿੱਤਾ ਹੈ। ਇਸ ਲਈ, ਇਹ ਜ਼ਰੂਰੀ ਹੈ ਕਿ ਦੋਵੇਂ ਧਿਰਾਂ ਇਸਲਾਮਾਬਾਦ, ਪਾਕਿਸਤਾਨ ਵਿੱਚ ਬੇਕਾਰ ਰਹੀਆਂ ਸ਼ਾਂਤੀ ਵਾਰਤਾਵਾਂ ਨੂੰ ਅੱਗੇ ਵਧਾਉਣ ਨੂੰ ਤਰਜੀਹ ਦੇਣ। ਜ਼ਿਕਰਯੋਗ ਹੈ ਕਿ ਪੱਛਮੀ ਏਸ਼ੀਆ ਵਿੱਚ ਦੋ ਹਫ਼ਤਿਆਂ ਦੀ ਜੰਗਬੰਦੀ ਬੁੱਧਵਾਰ ਨੂੰ ਖਤਮ ਹੋ ਰਹੀ ਸੀ, ਜਦੋਂ ਕਿ ਅਮਰੀਕਾ ਅਤੇ ਈਰਾਨ ਵਿਚਕਾਰ ਸ਼ਾਂਤੀ ਵਾਰਤਾ ਦੇ ਦੂਜੇ ਦੌਰ ਬਾਰੇ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ ਸੀ। ਅਮਰੀਕਾ ਚਾਹੁੰਦਾ ਸੀ ਕਿ ਗੱਲਬਾਤ ਅੱਗੇ ਵਧੇ, ਪਰ ਈਰਾਨ ਨੇ ਅਮਰੀਕਾ ਦੀਆਂ ਧਮਕੀਆਂ ਦਾ ਹਵਾਲਾ ਦਿੰਦੇ ਹੋਏ ਗੱਲਬਾਤ ਦੀ ਮੇਜ਼ 'ਤੇ ਆਉਣ ਤੋਂ ਇਨਕਾਰ ਕਰ ਦਿੱਤਾ। ਰਾਸ਼ਟਰਪਤੀ ਡੋਨਾਲਡ ਟਰੰਪ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਇਹ ਕਦਮ ਤਹਿਰਾਨ ਦੀ ਅੰਦਰੂਨੀ ਤੌਰ 'ਤੇ ਵੰਡੀ ਹੋਈ ਲੀਡਰਸ਼ਿਪ ਨੂੰ ਸੱਤ ਹਫ਼ਤਿਆਂ ਦੀ ਜੰਗ ਨੂੰ ਖਤਮ ਕਰਨ ਲਈ ਪ੍ਰਸਤਾਵ ਤਿਆਰ ਕਰਨ ਲਈ ਸਮਾਂ ਦੇਣ ਲਈ ਚੁੱਕਿਆ ਹੈ। ਹਾਲਾਂਕਿ, ਸਵਾਲ ਇਹ ਹੈ: ਜੇਕਰ ਸ਼ਾਂਤੀ ਵਾਰਤਾ ਦੇ ਪਹਿਲੇ ਦੌਰ ਵਿੱਚ ਈਰਾਨ ਦੁਆਰਾ ਪੇਸ਼ ਕੀਤਾ ਗਿਆ ਪਿਛਲਾ ਪ੍ਰਸਤਾਵ ਕਿਸੇ ਸਹਿਮਤੀ 'ਤੇ ਪਹੁੰਚਣ ਵਿੱਚ ਅਸਫਲ ਰਿਹਾ ਤਾਂ ਨਵਾਂ ਪ੍ਰਸਤਾਵ ਕਿਵੇਂ ਸਵੀਕਾਰ ਕੀਤਾ ਜਾਵੇਗਾ? ਕੀ ਈਰਾਨ ਆਪਣੀਆਂ ਸ਼ਰਤਾਂ ਨਰਮ ਕਰੇਗਾ, ਜਾਂ ਕੀ ਅਮਰੀਕਾ ਆਪਣਾ ਰੁਖ਼ ਬਦਲਣ 'ਤੇ ਵਿਚਾਰ ਕਰੇਗਾ? ਦੋਵਾਂ ਧਿਰਾਂ ਦੁਆਰਾ ਦਿਖਾਇਆ ਗਿਆ ਮੌਜੂਦਾ ਰੁਖ਼ ਸਥਿਤੀ ਨੂੰ ਸੁਧਾਰਨ ਦੀ ਬਜਾਏ ਗੁੰਝਲਦਾਰ ਬਣਾ ਰਿਹਾ ਹੈ। ਜੰਗਬੰਦੀ ਦੀ ਵਧਾਉਣ ਦੀ ਘੋਸ਼ਣਾ ਦੇ ਨਾਲ, ਅਮਰੀਕੀ ਰਾਸ਼ਟਰਪਤੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਈਰਾਨ 'ਤੇ ਹਮਲੇ ਉਦੋਂ ਤੱਕ ਬੰਦ ਰਹਿਣਗੇ ਜਦੋਂ ਤੱਕ ਇਸਦੇ ਨੇਤਾ ਅਤੇ ਪ੍ਰਤੀਨਿਧੀ ਇੱਕ ਸੰਯੁਕਤ ਹੱਲ ਨਹੀਂ ਵਿਕਸਤ ਕਰਦੇ। ਉਨ੍ਹਾਂ ਇਹ ਵੀ ਕਿਹਾ ਕਿ ਈਰਾਨੀ ਬੰਦਰਗਾਹਾਂ 'ਤੇ ਆਰਥਿਕ ਨਾਕਾਬੰਦੀ ਜਾਰੀ ਰਹੇਗੀ। ਇਸ ਐਲਾਨ ਤੋਂ ਬਾਅਦ, ਈਰਾਨ ਨੇ ਹੋਰਮੁਜ਼ ਜਲਡਮਰੂ ਵਿੱਚ ਤਿੰਨ ਜਹਾਜ਼ਾਂ 'ਤੇ ਹਮਲਾ ਕੀਤਾ। ਇਸ ਤੋਂ ਪਹਿਲਾਂ, ਅਮਰੀਕੀ ਜਲ ਸੈਨਾ ਨੇ ਈਰਾਨੀ ਕੱਚੇ ਤੇਲ ਨੂੰ ਲੈ ਕੇ ਜਾਣ ਵਾਲੇ ਇੱਕ ਜਹਾਜ਼ ਨੂੰ ਜ਼ਬਤ ਕਰ ਲਿਆ ਸੀ। ਇਸ ਦੌਰਾਨ, ਈਰਾਨ ਨੇ ਕਿਹਾ ਹੈ ਕਿ ਜਦੋਂ ਤੱਕ ਅਮਰੀਕਾ ਨਾਕਾਬੰਦੀ ਨਹੀਂ ਹਟਾਉਂਦਾ, ਗੱਲਬਾਤ ਦੁਬਾਰਾ ਸ਼ੁਰੂ ਨਹੀਂ ਹੋਵੇਗੀ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਭਾਵੇਂ ਜੰਗਬੰਦੀ ਵੱਡੇ ਪੱਧਰ 'ਤੇ ਕਾਇਮ ਰਹਿੰਦੀ ਹੈ ਅਤੇ ਈਰਾਨ ਅਤੇ ਅਮਰੀਕਾ ਵੱਡੇ ਹਮਲੇ ਦੁਬਾਰਾ ਸ਼ੁਰੂ ਨਹੀਂ ਕਰਦੇ, ਤਣਾਅ ਵਿਸ਼ਵ ਅਰਥਵਿਵਸਥਾ 'ਤੇ ਦਬਾਅ ਪਾਉਂਦਾ ਰਹੇਗਾ। ਸਵਾਲ ਇਹ ਹੈ ਕਿ ਕੀ ਇਹ ਅਮਰੀਕਾ ਅਤੇ ਈਰਾਨ ਦੀ ਜ਼ਿੰਮੇਵਾਰੀ ਨਹੀਂ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਇਸ ਟਕਰਾਅ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਨਾ ਹੋਣ ਵਾਲੇ ਦੇਸ਼ ਪ੍ਰਭਾਵਿਤ ਨਾ ਹੋਣ? ਦੋਵਾਂ ਦੇਸ਼ਾਂ ਨੂੰ ਸ਼ਾਂਤੀ ਦੀ ਮੇਜ਼ 'ਤੇ ਆਉਣ ਅਤੇ ਵਿਵਾਦ ਦਾ ਸਥਾਈ ਹੱਲ ਲੱਭਣ ਦੀ ਇਮਾਨਦਾਰੀ ਨਾਲ ਕੋਸ਼ਿਸ਼ ਕਰਨ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਅਮਰੀਕਾ ਅਤੇ ਈਰਾਨ ਗੱਲਬਾਤ ਦੇ ਦੂਜੇ ਦੌਰ ਦੇ ਨੇੜੇ ਪਹੁੰਚ ਰਹੇ ਹਨ। ਹਾਲਾਂਕਿ, ਖੇਤਰ ਵਿੱਚ ਜਾਰੀ ਤਣਾਅ ਕੂਟਨੀਤਕ ਯਤਨਾਂ 'ਤੇ ਪਰਛਾਵਾਂ ਪਾ ਰਿਹਾ ਹੈ। ਨਿਊਯਾਰਕ ਪੋਸਟ (NYP) ਦੀ ਇੱਕ ਰਿਪੋਰਟ ਦੇ ਅਨੁਸਾਰ ਅਗਲੇ 36 ਤੋਂ 72 ਘੰਟਿਆਂ ਦੇ ਅੰਦਰ ਗੱਲਬਾਤ ਮੁੜ ਸ਼ੁਰੂ ਹੋਣ ਸੰਬੰਧੀ ਖੁਸ਼ਖਬਰੀ ਸਾਹਮਣੇ ਆ ਸਕਦੀ ਹੈ। ਇਹ ਉਦੋਂ ਆਇਆ ਹੈ ਜਦੋਂ ਡੋਨਾਲਡ ਟਰੰਪ ਨੇ ਸੰਕੇਤ ਦਿੱਤਾ ਹੈ ਕਿ ਇੱਕ ਸਫਲਤਾ ਅਜੇ ਵੀ ਸੰਭਵ ਹੈ।

-ਜਗਜੀਤ ਸਿੰਘ ਦਰਦੀ

# ਕੀ ਪੰਜਾਬ ਵਿੱਚ ਭਾਜਪਾ ਕੋਈ ਨਵਾਂ ਦਾਅ ਖੇਲ ਸਕਦੀ ਹੈ ਇਕੱਲੇ ਚੋਣਾਂ ਲੜਨ ਦੇ ਐਲਾਨ ਨਾਲ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਪੰਜਾਬ ਅੱਜ ਰਾਜਨੀਤਿਕ ਪਾਰਟੀਆਂ ਦੀ ਬਹੁਤ ਕੌਣੀ ਲੜਾਈ ਦਾ ਮੈਦਾਨ
## ਆਪ ਤੇ ਸ਼੍ਰੋਮਣੀ ਅਕਾਲੀ ਦਲ ਲਈ ਸਿੱਧਾ ਚੈਲੰਜ ਹੈ ਭਾਜਪਾ ਦੀ ਇਹ ਰਾਜਨੀਤਿਕ ਨੀਤੀ

ਭਾਜਪਾ ਦੇ ਰਾਸ਼ਟਰੀ ਪ੍ਰਧਾਨ ਦੁਆਰਾ ਇਹ ਐਲਾਨ ਕਰਨਾ ਕਿ ਭਾਜਪਾ ਪੰਜਾਬ ਵਿੱਚ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਭਾਜਪਾ ਇਕੱਲੀ ਲੜੇਗੀ — ਗਠਜੋੜ ਤੋਂ ਇਨਕਾਰ ਅਤੇ ਬਹੁ-ਕੋਣੀ ਲੜਾਈ ਦਾ ਨਵਾਂ ਦ੍ਰਿਸ਼ ਹੈ। ਅੱਜ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਰਾਜਨੀਤਿਕ ਦ੍ਰਿਸ਼ ਹੁਣ ਬਹੁਤ ਸਪੱਸ਼ਟ ਹੁੰਦਾ ਜਾ ਰਿਹਾ ਹੈ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸ਼੍ਰੋਮਣੀ ਅਕਾਲੀ ਦਲ (ਐੱਸਏਡੀ) ਨਾਲ ਸੰਭਾਵਿਤ ਗਠਜੋੜ ਬਾਰੇ ਸਾਰੀਆਂ ਕਿਆਸਅਰਾਈਆਂ ਨੂੰ ਖ਼ਤਮ ਕਰ ਦਿੱਤਾ ਹੈ। ਭਾਜਪਾ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਸਪੱਸ਼ਟ ਤੌਰ 'ਤੇ ਐਲਾਨ ਕੀਤਾ ਹੈ ਕਿ ਭਾਜਪਾ ਆਉਣ ਵਾਲੀਆਂ ਚੋਣਾਂ ਆਪਣੇ ਦਮ 'ਤੇ ਲੜੇਗੀ। ਇੱਕ ਇੰਟਰਵਿਊ ਵਿੱਚ ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਇੱਕ ਨਵੇਂ ਦ੍ਰਿਸ਼ਟੀਕੋਣ ਅਤੇ ਰਣਨੀਤੀ ਨਾਲ ਚੋਣਾਂ ਲੜੇਗੀ। ਸੰਗਠਨਾਤਮਕ ਤਿਆਰੀਆਂ ਜ਼ੋਰਾਂ 'ਤੇ ਹਨ ਅਤੇ ਪਾਰਟੀ ਬਿਨਾਂ ਕਿਸੇ ਸਹਿਯੋਗੀ ਦੇ ਚੋਣਾਂ ਲੜਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਅੱਜ ਇਸ ਐਲਾਨ ਨੇ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਲਹਿਰ ਪੈਦਾ ਕਰ ਦਿੱਤੀ ਹੈ। ਪਿਛਲੀਆਂ ਚੋਣਾਂ ਵਿੱਚ ਭਾਜਪਾ ਐੱਸਏਡੀ ਨਾਲ ਗਠਜੋੜ ਵਿੱਚ ਰਹੀ ਸੀ ਅਤੇ ਉਸ ਨੂੰ ਸੀਮਤ ਸੀਟਾਂ ਤੱਕ ਹੀ ਸੀਮਤ ਰੱਖਿਆ ਗਿਆ ਸੀ। ਹੁਣ ਉਹ "ਛੋਟਾ ਭਰਾ" ਵਾਲੀ ਭੂਮਿਕਾ ਛੱਡ ਕੇ ਆਪਣੇ ਦਮ 'ਤੇ ਲੜਨ ਦਾ ਫੈਸਲਾ ਲੈ ਚੁੱਕੀ ਹੈ। ਅਮਿਤ ਸ਼ਾਹ ਨੇ ਵੀ ਪਹਿਲਾਂ ਹੀ ਇਸ ਵੱਲ ਇਸ਼ਾਰਾ ਕੀਤਾ ਸੀ ਅਤੇ ਰਵਨੀਤ ਸਿੰਘ ਬਿੱਟੂ ਨੇ ਇਸ ਨੂੰ ਰਸਮੀ ਰੂਪ ਦੇ ਦਿੱਤਾ ਹੈ। ਭਾਜਪਾ ਦਾ ਦਾਅਵਾ ਹੈ ਕਿ ਉਹ 117 ਵਿਧਾਨ ਸਭਾ ਸੀਟਾਂ 'ਤੇ ਆਪਣੇ ਦਮ 'ਤੇ ਲੜੇਗੀ ਅਤੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ।

ਅੱਜ ਇਸ ਬਿਆਨ ਦੀ ਰੋਸ਼ਨੀ ਵਿੱਚ ਅੰਕੜਿਆਂ ਅਤੇ ਵਿਸ਼ਲੇਸ਼ਣ ਕਰਦਿਆਂ ਵੇਖੀਏ ਕਿ ਕੀ ਭਾਜਪਾ ਪੰਜਾਬ ਵਿੱਚ ਜਿੱਤ ਸਕਦੀ ਹੈ ਜਾਂ ਇੱਕ ਗੇਮ ਚੇਂਜਰ ਬਣ ਸਕਦੀ ਹੈ?

ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਤੋਂ ਇਨਕਾਰ ਵਾਲੀ ਹਾਲਤ ਵਿੱਚ ਹੋਰ ਕੌਣ ਉਸ ਨਾਲ ਸਮਝੌਤਾ ਕਰ ਸਕਦਾ ਹੈ? ਇਸ ਵਿੱਚ ਇਸ ਤੋਂ ਉੱਪਰ ਉੱਠ ਕੇ ਵਿਸਥਾਰ ਨਾਲ ਚਰਚਾ ਕਰਦਿਆਂ ਭਾਜਪਾ ਦਾ ਐਲਾਨ ਅੱਜ ਇੱਕ ਰਾਜਨੀਤਿਕ ਬਦਲਾਅ ਦੀ ਗੱਲ ਹੈ। ਨਿਤਿਨ ਨਬੀਨ ਦਾ ਬਿਆਨ ਭਾਜਪਾ ਲਈ ਇੱਕ ਰਣਨੀਤਕ ਬਦਲਾਅ ਹੈ। ਪਾਰਟੀ ਨੇ ਪੰਜਾਬ ਵਿੱਚ ਲੰਬੇ ਸਮੇਂ ਤੋਂ ਐੱਸਏਡੀ ਨਾਲ ਗਠਜੋੜ ਕੀਤਾ ਸੀ ਅਤੇ ਉਸ ਵਿੱਚ ਉਹ ਜੂਨੀਅਰ ਪਾਰਟਨਰ ਵਜੋਂ ਰਹੀ ਸੀ। 2022 ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੇ 73 ਸੀਟਾਂ 'ਤੇ ਲੜ ਕੇ ਸਿਰਫ਼ 2 ਸੀਟਾਂ ਜਿੱਤੀਆਂ ਅਤੇ ਵੋਟ ਸ਼ੇਅਰ 6.6 ਫੀਸਦੀ ਰਿਹਾ। 2024 ਲੋਕ ਸਭਾ ਚੋਣਾਂ ਵਿੱਚ ਵੀ ਉਸ ਨੇ ਕੋਈ ਸੀਟ ਨਾ ਜਿੱਤੀ, ਪਰ ਵੋਟ ਸ਼ੇਅਰ ਵੱਧ ਕੇ 18.56 ਫੀਸਦੀ ਹੋ ਗਿਆ — ਇਸ ਤੋਂ ਪਹਿਲਾਂ ਉਸ ਦਾ ਸਭ ਤੋਂ ਵੱਧ ਵੋਟ ਸ਼ੇਅਰ 9.63 ਫੀਸਦੀ (2019) ਸੀ। ਇਸ ਵੋਟ ਸ਼ੇਅਰ ਵਧਣ ਨੇ ਭਾਜਪਾ ਨੂੰ ਆਤਮਵਿਸ਼ਵਾਸ ਦਿੱਤਾ ਹੈ ਕਿ ਉਹ ਇਕੱਲੀ ਲੜ ਕੇ ਵੀ ਬਹੁਤ ਅੱਗੇ ਵੱਧ ਸਕਦੀ ਹੈ। ਪਾਰਟੀ ਨੇ ਪਿੰਡ ਪੱਧਰ 'ਤੇ ਆਪਣੀ ਪਕੜ ਮਜ਼ਬੂਤ ਕਰਨੀ ਸ਼ੁਰੂ ਕਰ ਦਿੱਤੀ ਹੈ।

ਅੱਜ ਪੰਚਾਇਤ ਅਤੇ ਜ਼ਿਲ੍ਹਾ ਪਰਿਸ਼ਦ ਚੋਣਾਂ ਵਿੱਚ ਉਸ ਨੇ ਸੀਮਤ ਸਫਲਤਾ ਹਾਸਲ ਕੀਤੀ ਹੈ ਅਤੇ ਕਿਸਾਨਾਂ ਸਮੇਤ ਪੇਂਡੂ ਭਾਈਚਾਰਿਆਂ ਵਿੱਚ ਆਪਣੀ ਪਹੁੰਚ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਰਵਨੀਤ ਬਿੱਟੂ ਨੇ ਦਾਅਵਾ ਕੀਤਾ ਹੈ ਕਿ 2022 ਅਤੇ 2024 ਵਿੱਚ ਭਾਜਪਾ ਨੇ ਘੱਟ ਫਰਕ ਨਾਲ ਕਈ ਸੀਟਾਂ ਗੁਆਈਆਂ ਸਨ ਅਤੇ ਹੁਣ ਉਹ ਉਨ੍ਹਾਂ ਖੇਤਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰ ਰਹੀ ਹੈ। ਅੰਕੜਿਆਂ ਦੀ ਰੋਸ਼ਨੀ ਵਿੱਚ ਭਾਜਪਾ ਦੀਆਂ ਸੰਭਾਵਨਾਵਾਂ 2022 ਵਿਧਾਨ ਸਭਾ ਚੋਣਾਂ ਵਿੱਚ ਆਪ ਨੇ 42.01 ਫੀਸਦੀ ਵੋਟ ਨਾਲ 92 ਸੀਟਾਂ ਜਿੱਤੀਆਂ, ਕਾਂਗਰਸ ਨੇ 22.98 ਫੀਸਦੀ ਨਾਲ 18 ਸੀਟਾਂ ਅਤੇ ਐੱਸਏਡੀ ਨੇ 18.38 ਫੀਸਦੀ ਨਾਲ 3 ਸੀਟਾਂ ਹਾਸਲ ਕੀਤੀਆਂ। ਭਾਜਪਾ ਨੂੰ ਸਿਰਫ਼ 6.6 ਫੀਸਦੀ ਵੋਟ ਮਿਲੀ ਅਤੇ 2 ਸੀਟਾਂ। 2024 ਲੋਕ ਸਭਾ ਚੋਣਾਂ ਵਿੱਚ ਭਾਜਪਾ ਦਾ ਵੋਟ ਸ਼ੇਅਰ 18.56 ਫੀਸਦੀ ਤੱਕ ਪਹੁੰਚ ਗਿਆ, ਪਰ ਉਸ ਨੇ ਕੋਈ ਸੀਟ ਨਾ ਜਿੱਤੀ। ਇਸ ਵੋਟ ਸ਼ੇਅਰ ਵਧਣ ਨਾਲ ਭਾਜਪਾ ਨੂੰ ਉਮੀਦ ਹੈ ਕਿ ਉਹ 2027 ਵਿੱਚ ਘੱਟੋ-ਘੱਟ 20–30 ਸੀਟਾਂ ਤੱਕ ਪਹੁੰਚ ਸਕਦੀ ਹੈ ਪਰ ਚੁਣੌਤੀਆਂ ਵੀ ਬਹੁਤ ਵੱਡੀਆਂ ਹਨ। ਪੰਜਾਬ ਵਿੱਚ ਭਾਜਪਾ ਦੀ ਮੁੱਖ ਤਾਕਤ ਸ਼ਹਿਰੀ ਖੇਤਰਾਂ ਵਿੱਚ ਹੈ। ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਵਰਗੇ ਸ਼ਹਿਰੀ ਖੇਤਰਾਂ ਵਿੱਚ ਉਸ ਨੇ 2024 ਵਿੱਚ ਕਈ ਅਸੈਂਬਲੀ ਸੈਗਮੈਂਟਾਂ ਵਿੱਚ ਲੀਡ ਲਈ ਸੀ ਪਰ ਪੇਂਡੂ ਖੇਤਰਾਂ ਵਿੱਚ ਉਸ ਦੀ ਪਕੜ ਘੱਟ ਹੈ। ਪਿਛਲੀਆਂ ਪੰਚਾਇਤ ਚੋਣਾਂ ਵਿੱਚ ਭਾਜਪਾ ਨੇ ਜ਼ਿਲ੍ਹਾ ਪਰਿਸ਼ਦ ਵਿੱਚ ਕੋਈ ਸੀਟ ਨਾ ਜਿੱਤੀ ਅਤੇ ਪੰਚਾਇਤ ਸਮਿਤੀ ਵਿੱਚ ਸਿਰਫ਼ 3 ਸੀਟਾਂ ਹੀ ਜਿੱਤੀਆਂ। ਇਸ ਨੇ ਭਾਜਪਾ ਲਈ ਇੱਕ ਚੇਤਾਵਨੀ ਵੀ ਹੈ ਕਿ ਉਸ ਨੂੰ ਗ੍ਰਾਮੀਣ ਖੇਤਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰਨੀ ਪਵੇਗੀ।

ਅੱਜ ਜੇਕਰ ਭਾਜਪਾ ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਤੋਂ ਬਿਨਾਂ ਲੜਦੀ ਹੈ ਤਾਂ ਉਸ ਨੂੰ ਘੱਟੋ-ਘੱਟ 25–30 ਫੀਸਦੀ ਵੋਟ ਸ਼ੇਅਰ ਤੱਕ ਪਹੁੰਚਣਾ ਪਵੇਗਾ ਤਾਂ ਜੋ ਉਹ ਇੱਕ ਮਜ਼ਬੂਤ ਵਿਪੱਖ ਵਜੋਂ ਉਭਰ ਸਕੇ। ਵਰਤਮਾਨ ਵਿੱਚ ਉਸ ਦਾ ਵੋਟ ਸ਼ੇਅਰ 18–19 ਫੀਸਦੀ ਤੱਕ ਹੈ, ਇਸ ਲਈ ਉਸ ਨੂੰ ਆਪਣੀ ਰਣਨੀਤੀ ਵਿੱਚ ਬਦਲਾਅ ਲਿਆਉਣਾ ਪਵੇਗਾ। ਐੱਸਏਡੀ ਨਾਲ ਗਠਜੋੜ ਤੋਂ ਇਨਕਾਰ: ਹੋਰ ਸੰਭਾਵਿਤ ਸਮਝੌਤੇ ਭਾਜਪਾ ਨੇ ਐੱਸਏਡੀ ਨਾਲ ਗਠਜੋੜ ਤੋਂ ਇਨਕਾਰ ਕਰ ਦਿੱਤਾ ਹੈ। ਅਕਾਲੀ ਦਲ ਦੇ ਆਗੂਆਂ ਨੇ ਇਸ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਉਨ੍ਹਾਂ 'ਤੇ ਇਸ ਦਾ ਕੋਈ ਅਸਰ ਨਹੀਂ ਪਵੇਗਾ ਅਤੇ ਉਹ ਆਪਣੇ ਦਮ 'ਤੇ ਲੜਨਗੇ।

ਅੱਜ ਇਸ ਹਾਲਤ ਵਿੱਚ ਭਾਜਪਾ ਲਈ ਹੋਰ ਸੰਭਾਵਿਤ ਸਮਝੌਤੇ ਕੀ ਹੋ ਸਕਦੇ ਹਨ? ਕੈਪਟਨ ਅਮਰਿੰਦਰ ਸਿੰਘ ਵਰਗੀਆਂ ਤਾਕਤਾਂ ਨੂੰ ਕਿਉਂਕਿ ਕੈਪਟਨ ਅਮਰਿੰਦਰ ਸਿੰਘ ਭਾਜਪਾ ਵਿੱਚ ਹਨ ਅਤੇ ਉਨ੍ਹਾਂ ਨੇ ਅਕਾਲੀ ਦਲ ਨਾਲ ਗਠਜੋੜ ਦੀ ਹਮਾਇਤ ਕੀਤੀ ਸੀ, ਉਨ੍ਹਾਂ ਵਰਗੀਆਂ ਤਾਕਤਾਂ ਭਾਜਪਾ ਨੂੰ ਸ਼ਹਿਰੀ ਅਤੇ ਕੁਝ ਗ੍ਰਾਮੀਣ ਖੇਤਰਾਂ ਵਿੱਚ ਮਦਦ ਕਰ ਸਕਦੀਆਂ ਹਨ। ਅੱਜ ਛੋਟੀਆਂ ਪਾਰਟੀਆਂ ਜਾਂ ਆਜ਼ਾਦ ਉਮੀਦਵਾਰ ਭਾਜਪਾ ਛੋਟੀਆਂ ਧਿਰਾਂ ਨਾਲ ਸਮਝੌਤਾ ਕਰ ਸਕਦੀ ਹੈ ਜਾਂ ਆਜ਼ਾਦ ਉਮੀਦਵਾਰਾਂ ਨੂੰ ਸਮਰਥਨ ਦੇ ਸਕਦੀ ਹੈ। ਓਬੀਸੀ ਅਤੇ ਦਲਿਤ ਵੋਟ ਬੈਂਕ ਨੂੰ ਭਾਜਪਾ ਇਨ੍ਹਾਂ ਵਰਗਾਂ ਵਿੱਚ ਆਪਣੀ ਪਕੜ ਮਜ਼ਬੂਤ ਕਰ ਰਹੀ ਹੈ ਅਤੇ ਇਸ ਰਾਹੀਂ ਉਹ ਆਪਣੀ ਵੋਟ ਬੇਸ ਵਧਾ ਸਕਦੀ ਹੈ।

ਪਰ ਇਸ ਤੋਂ ਬਿਨਾਂ ਭਾਜਪਾ ਲਈ ਇੱਕੱਲੇ ਲੜਨਾ ਔਖਾ ਹੋਵੇਗਾ ਕਿਉਂਕਿ ਪੰਜਾਬ ਵਿੱਚ ਰਾਜਨੀਤੀ ਅਜੇ ਵੀ ਜਾਤੀ ਅਤੇ ਧਰਮੀ ਲਾਈਨਾਂ 'ਤੇ ਚੱਲਦੀ ਹੈ। ਅਕਾਲੀ ਦਲ ਨਾਲ ਗਠਜੋੜ ਤੋਂ ਬਿਨਾਂ ਭਾਜਪਾ ਨੂੰ ਸਿੱਖ ਵੋਟ ਬੈਂਕ ਵਿੱਚ ਘੁਸਪੈਠ ਕਰਨੀ ਪਵੇਗੀ, ਜੋ ਬਹੁਤ ਔਖਾ ਕੰਮ ਹੈ। ਚੋਣਾਂ ਦਾ ਬਹੁ-ਕੋਣੀ ਰੂਪ ਅਤੇ ਭਵਿੱਖੀ ਪ੍ਰਭਾਵ ਭਾਜਪਾ ਦੇ ਇੱਕੱਲੇ ਲੜਨ ਦੇ ਐਲਾਨ ਨਾਲ 2027 ਦੀਆਂ ਚੋਣਾਂ ਬਹੁ-ਕੋਣੀ ਬਣ ਗਈਆਂ ਹਨ। ਅੱਜ ਆਪ, ਕਾਂਗਰਸ, ਅਕਾਲੀ ਦਲ ਅਤੇ ਭਾਜਪਾ — ਚਾਰ ਵੱਡੀਆਂ ਧਿਰਾਂ ਆਪਣੇ ਦਮ 'ਤੇ ਲੜਨਗੀਆਂ। ਇਸ ਨਾਲ ਵੋਟਾਂ ਦੀ ਵੰਡ ਹੋਵੇਗੀ ਅਤੇ ਕੋਈ ਵੀ ਪਾਰਟੀ ਬਹੁਮਤ ਹਾਸਲ ਕਰਨ ਵਿੱਚ ਔਖਾਈ ਮਹਿਸੂਸ ਕਰ ਸਕਦੀ ਹੈ। ਭਾਜਪਾ ਲਈ ਇਹ ਇੱਕ ਗੇਮ ਚੇਂਜਰ ਬਣ ਸਕਦੀ ਹੈ ਜੇਕਰ ਉਹ ਆਪਣੀ ਰਣਨੀਤੀ ਵਿੱਚ ਸਫਲ ਹੋਈ। ਉਸ ਨੂੰ ਸ਼ਹਿਰੀ ਖੇਤਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰਨੀ ਪਵੇਗੀ ਅਤੇ ਗ੍ਰਾਮੀਣ ਖੇਤਰਾਂ ਵਿੱਚ ਆਪਣੀ ਪਹੁੰਚ ਵਧਾਉਣੀ ਪਵੇਗੀ। ਉਸ ਨੂੰ ਖੇਤੀ ਮੁੱਦਿਆਂ 'ਤੇ ਸੰਵੇਦਨਸ਼ੀਲ ਰਹਿਣਾ ਪਵੇਗਾ ਅਤੇ ਯੁਵਕਾਂ, ਓਬੀਸੀ ਅਤੇ ਡਾਲਿਟ ਵਰਗਾਂ ਵਿੱਚ ਆਪਣੀ ਪਕੜ ਵਧਾਉਣੀ ਪਵੇਗੀ।

ਅੱਜ ਜੇਕਰ ਭਾਜਪਾ 20-25 ਸੀਟਾਂ ਤੱਕ ਪਹੁੰਚ ਜਾਂਦੀ ਹੈ ਤਾਂ ਉਹ ਇੱਕ ਮਜ਼ਬੂਤ ਵਿਪੱਖ ਵਜੋਂ ਉਭਰ ਸਕਦੀ ਹੈ ਅਤੇ ਭਵਿੱਖ ਵਿੱਚ ਗਠਜੋੜ ਵਿੱਚ ਵੱਡੀ ਭੂਮਿਕਾ ਨਿਭਾ ਸਕਦੀ ਹੈ। ਪਰ ਜੇਕਰ ਉਸ ਨੂੰ ਘੱਟ ਸੀਟਾਂ ਮਿਲੀਆਂ ਤਾਂ ਇਸ ਐਲਾਨ ਨਾਲ ਉਸ ਨੂੰ ਨੁਕਸਾਨ ਵੀ ਹੋ ਸਕਦਾ ਹੈ। ਐੱਸਏਡੀ ਲਈ ਵੀ ਇਹ ਚੁਣੌਤੀ ਹੈ। ਉਸ ਨੂੰ ਆਪਣਾ ਅਕਸ ਬਦਲਣਾ ਪਵੇਗਾ ਅਤੇ ਯੁਵਕਾਂ ਅਤੇ ਸ਼ਹਿਰੀ ਵਰਗ ਤੱਕ ਪਹੁੰਚ ਬਣਾਉਣੀ ਪਵੇਗੀ। ਆਪ ਅਤੇ ਕਾਂਗਰਸ ਵੀ ਆਪਣੀਆਂ ਰਣਨੀਤੀਆਂ ਬਦਲਣਗੀਆਂ। ਇਸ ਨਾਲ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਗਤੀਸ਼ੀਲਤਾ ਆਵੇਗੀ।

ਅੱਜ ਪੰਜਾਬ ਵਿੱਚ ਇੱਕ ਨਵੀਂ ਰਾਜਨੀਤਿਕ ਖੇਡ ਦੀ ਸ਼ੁਰੂਆਤ ਭਾਜਪਾ ਦਾ ਇੱਕੱਲੇ ਲੜਨ ਦਾ ਐਲਾਨ ਪੰਜਾਬ ਵਿੱਚ ਰਾਜਨੀਤੀ ਦੀ ਇੱਕ ਨਵੀਂ ਅਧਿਆਇ ਦੀ ਸ਼ੁਰੂਆਤ ਹੈ। ਇਸ ਨਾਲ ਚੋਣਾਂ ਬਹੁ-ਕੋਣੀ ਬਣ ਗਈਆਂ ਹਨ ਅਤੇ ਵੋਟਾਂ ਦੀ ਵੰਡ ਹੋਵੇਗੀ। ਭਾਜਪਾ ਲਈ ਇਹ ਇੱਕ ਗੇਮ ਚੇਂਜਰ ਬਣ ਸਕਦੀ ਹੈ ਜੇਕਰ ਉਹ ਆਪਣੀ ਰਣਨੀਤੀ ਵਿੱਚ ਸਫਲ ਹੋਈ, ਪਰ ਇਸ ਵਿੱਚ ਔਖਾਈਆਂ ਵੀ ਬਹੁਤ ਹਨ।

ਅੱਜ ਪੰਜਾਬ ਵਾਸੀਆਂ ਲਈ ਇਹ ਇੱਕ ਮੌਕਾ ਵੀ ਹੈ ਕਿ ਉਹ ਰਾਜਨੀਤੀ ਵਿੱਚ ਬਦਲਾਅ ਲਿਆਉਣ ਅਤੇ ਅਸਲੀ ਮੁੱਦਿਆਂ 'ਤੇ ਧਿਆਨ ਦੇਣ ਵਾਲੀਆਂ ਤਾਕਤਾਂ ਨੂੰ ਸਮਰਥਨ ਦੇਣ। ਭਵਿੱਖ ਵਿੱਚ ਇਸ ਰਾਜਨੀਤਿਕ ਬਦਲਾਅ ਨਾਲ ਪੰਜਾਬ ਦੀ ਰਾਜਨੀਤੀ ਹੋਰ ਗਤੀਸ਼ੀਲ ਬਣ ਸਕਦੀ ਹੈ ਅਤੇ ਇਸ ਨਾਲ ਸੂਬੇ ਦਾ ਵਿਕਾਸ ਵੀ ਤੇਜ਼ ਹੋ ਸਕਦਾ ਹੈ। ਪਰ ਇਸ ਲਈ ਸਾਰੀਆਂ ਧਿਰਾਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਪੰਜਾਬ ਦੇ ਹਿੱਤਾਂ ਨੂੰ ਤਰਜੀਹ ਦੇਣੀ ਪਵੇਗੀ। ਅੱਜ ਭਾਜਪਾ ਦਾ ਇਕੱਲੇ ਲੜਨ ਦਾ ਫੈਸਲਾ ਇੱਕ ਵੱਡੀ ਚੁਣੌਤੀ ਹੈ ਅਤੇ ਇਸ ਨਾਲ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਲਹਿਰ ਆਵੇਗੀ। ਹੁਣ ਵੇਖਣਾ ਇਹ ਹੈ ਕਿ ਇਸ ਲਹਿਰ ਨਾਲ ਪੰਜਾਬ ਦਾ ਭਵਿੱਖ ਕਿਸ ਦਿਸ਼ਾ ਵੱਲ ਜਾਂਦਾ ਹੈ।

# ਭਾਈ ਰਾਜੋਆਣਾ ਨੇ ਕਦੇ ਨਹੀਂ ਮੰਗਿਆ ਰਹਿਮ !

ਕਮਲਜੀਤ ਸਿੰਘ ਬਨਵੈਤ
98147 34035



ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਪਿਛਲੇ 15 ਸਾਲਾਂ ਤੋਂ ਕਾਲ ਕੋਠੜੀ ਵਿੱਚ ਬੰਦ ਕੋਸ਼ਿਸ਼ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 14 ਸਾਲ ਪਹਿਲਾਂ ਰਾਸ਼ਟਰਪਤੀ ਕੋਲ ਰਹਿਮ ਦੀ ਕੀਤੀ ਸੀ ਅਪੀਲ। ਚੰਡੀਗੜ੍ਹ ਦੀ ਅਦਾਲਤ ਨੇ ਭਾਈ ਰਾਜੋਆਣਾ ਤੇ ਹਵਾਰਾ ਨੂੰ ਸੁਣਾਈ ਸੀ ਫਾਂਸੀ ਦੀ ਸਜ਼ਾ। ਹਵਾਰਾ ਮੈਂ ਹੇਠਲੀ ਅਦਾਲਤ ਦੇ ਫੈਸਲੇ ਨੂੰ ਹਾਈਕੋਰਟ ਵਿੱਚ ਦਿੱਤੀ ਚੁਣੌਤੀ ਤਾਂ ਫੈਸਲਾ ਤਾਉਮਰ ਕੈਦ ਵਿੱਚ ਬਦਲਿਆ । ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਦੀ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਕੀਤੀ ਖਿਚਾਈ । ਭਾਈ ਰਾਜੋਆਣਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪਟੀਸ਼ਨ ਵਾਪਸ ਲੈਣ ਲਈ ਕਿਹਾ। ਸ਼੍ਰੋਮਣੀ ਕਮੇਟੀ ਨੇ ਫ਼ੈਸਲਾ ਅਕਾਲ ਤਖਤ ਸਾਹਿਬ ਦੇ ਜਥੇਦਾਰ ਉਤੇ ਛੱਡਿਆ ।

ਮੈਂ ਜਦੋਂ ਮਾਡਲ ਜੇਲ੍ਹ ਬੁੜੈਲ ਵਿੱਚ ਮੁੱਖ ਮੰਤਰੀ ਬੇਅੰਤ ਸਿੰਘ ਹੱਤਿਆ ਕੇਸ ਦੀ ਸੁਣਵਾਈ ਪੰਜਾਬੀ ਦੀ ਇੱਕ ਅਖ਼ਬਾਰ ਲਈ ਕਵਰ ਕਰਨ ਜਾਂਦਾ ਸਾਂ ਤਾਂ ਮੇਰੀ ਆੜੀ ਸਭ ਤੋਂ ਵੱਧ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਜਗਤਾਰ ਸਿੰਘ ਹਵਾਰਾ ਨਾਲ ਪਈ ਸੀ। ਭਾਈ ਰਾਜੋਆਣਾ ਸੱਚ ਉਤੇ ਖੜਨ ਵਾਲਾ ਬੰਦਾ ਹੈ। ਸੁਭਾਅ ਦਾ ਨਰਮ, ਤਬੀਅਤ ਵਿੱਚ ਹਲੀਮੀ, ਭਾਵਕ ਤਾਸੀਰ ਪਰ ਸਖਤ ਫੈਸਲੇ ਲੈਣਾ ਵੀ ਜਾਣਦੈ।

ਅਦਾਲਤ ਦੀ ਸੁਣਵਾਈ ਵੇਲੇ ਭਾਈ ਰਾਜੋਆਣਾ ਅਤੇ ਭਾਈ ਹਵਾਰਾ ਦੋ ਅਜਿਹੇ ਮੁਲਜ਼ਮ ਸਨ, ਜਿਹੜੇ ਜੱਜ ਦੇ ਮੂਹਰੇ ਹਿੱਕ ਤਾਣ ਕੇ ਖੜ੍ਹ ਜਾਂਦੇ ਅਤੇ ਨਾਲ ਹੀ ਕਹਿੰਦੇ ਕਿ ਉਹਨਾਂ ਨੇ ਮੁੱਖ ਮੰਤਰੀ ਬੇਅੰਤ ਸਿੰਘ ਦਾ ਕਤਲ ਕੀਤਾ ਹੈ। ਇਸ ਕਰਕੇ ਨਹੀਂ ਕਿ ਉਹਨਾਂ ਦੀ ਕੋਈ ਨਿੱਜੀ ਰੰਜਿਸ਼ ਸੀ ਸਗੋਂ ਇਸ ਕਰਕੇ ਕਿ ਉਸ ਨੇ ਪੰਜਾਬ ਵਿੱਚ ਸ਼ਾਂਤੀ ਲਿਆਉਣ ਦੇ ਨਾਂ ਹੇਠ ਸਿੱਖ ਨੌਜਵਾਨਾਂ ਦਾ ਘਾਣ ਕੀਤਾ ਸੀ। ਅਦਾਲਤ ਨੇ ਫ਼ੈਸਲਾ ਸੁਣਾਇਆ ਤਾਂ ਦੋਹਾਂ ਨੂੰ ਫ਼ਾਂਸੀ ਦੀ ਸਜ਼ਾ ਮਿਲੀ। ਦੋ ਬਰੀ ਹੋ ਗਏ ਤੇ ਬਾਕੀਆਂ ਨੂੰ ਤਾਉਮਰ ਕੈਦ ਦੀ ਸਜ਼ਾ ਸੁਣਾਈ ਗਈ।

ਭਾਈ ਹਵਾਰਾ ਨੇ ਹਾਈਕੋਰਟ ਵਿੱਚ ਹੇਠਲੀ ਅਦਾਲਤ ਦੇ ਫੈਸਲੇ ਖ਼ਿਲਾਫ਼ ਅਪੀਲ ਦਾਇਰ ਕੀਤੀ ਤਾਂ ਉਸ ਦੀ ਸਜ਼ਾ ਤਾਉਮਰ ਵਿੱਚ ਤਬਦੀਲ ਕਰ ਦਿੱਤੀ ਗਈ। ਭਾਵ ਕਿ ਉਹ ਆਖ਼ਰੀ ਦਮ ਤੱਕ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਰਹਿਣਗੇ। ਭਾਈ ਰਾਜੋਆਣਾ ਫਾਂਸੀ ਦਾ ਰੱਸਾ ਚੁੰਮਣ ਲਈ ਉਦੋਂ ਵੀ ਕਾਹਲ ਵਿੱਚ ਸਨ ਉਹਨਾਂ ਦੇ ਦਿਲ ਵਿੱਚ ਅੱਜ ਵੀ ਉਹ ਤਾਂਘ ਹੈ। ਭਾਈ ਹਵਾਰਾ ਨੂੰ ਤਿਹਾੜ ਜੇਲ੍ਹ ਦਿੱਲੀ ਤਬਦੀਲ ਕਰ ਦਿੱਤਾ ਗਿਆ ਅਤੇ ਭਾਈ ਰਾਜੋਆਣਾ ਮਾਡਲ ਜੇਲ੍ਹ ਬੁੜੈਲ ਤੋਂ ਕੇਂਦਰੀ ਜੇਲ੍ਹ ਪਟਿਆਲਾ ਭੇਜ ਦਿੱਤੇ ਗਏ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਰਚ 2012 ਵਿੱਚ ਭਾਈ ਰਾਜੋਆਣਾ ਦੀ ਫ਼ਾਂਸੀ ਦੀ ਸਜ਼ਾ ਨੂੰ ਮੁਆਫ਼ ਕਰਨ ਲਈ ਅਪੀਲ ਦਾਇਰ ਕਰ ਦਿੱਤੀ ਗਈ। ਇਹ ਅਪੀਲ ਕਦੇ ਭਾਰਤ ਦੇ ਰਾਸ਼ਟਰਪਤੀ ਅਤੇ ਕਦੇ ਸੁਪਰੀਮ ਕੋਰਟ ਦੇ ਦਫਤਰਾਂ ਦੇ ਚੱਕਰ ਕੱਟ ਰਹੀ ਹੈ। ਅਸਲ ਵਿੱਚ ਫੈਸਲਾ ਕੇਂਦਰੀ ਗ੍ਰਹਿ ਮੰਤਰਾਲੇ ਦੀ ਸਿਫਾਰਿਸ਼ 'ਤੇ ਲਿਆ ਜਾਣਾ ਹੈ, ਚਾਹੇ ਉੱਪਰ ਮੋਹਰ ਰਾਸ਼ਟਰਪਤੀ ਦੀ ਲੱਗਣੀ ਹੋਵੇ। ਬੇਅੰਤ ਸਿੰਘ ਦਾ ਕਤਲ ਸਿਆਸੀ ਸੀ ਇਸ ਕਰਕੇ ਫੈਸਲਾ ਵੀ ਸਿਆਸੀ ਤੌਰ 'ਤੇ ਲਿਆ ਜਾਣਾ ਹੈ।

ਹੁਣ ਸੁਪਰੀਮ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਦੇ ਦੋਸ਼ੀ ਭਾਈ ਰਾਜੋਆਣਾ ਦੀ ਰਹਿਮ ਦੀ ਅਪੀਲ ਉੱਤੇ ਕੇਂਦਰ ਸਰਕਾਰ ਨੂੰ ਦੋ ਹਫਤਿਆਂ ਵਿੱਚ ਜਵਾਬ ਦੇਣ ਲਈ ਕਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਰਾਜੋਆਣਾ ਲਈ ਰਹਿਮ ਦੀ ਅਪੀਲ ਉੱਤੇ ਫ਼ੈਸਲਾ ਕਰਨ ਵਿੱਚ ਬੇਲੋੜੀ ਦੇਰੀ ਕੀਤੀ ਜਾ ਰਹੀ ਹੈ। ਉਹ ਪਿਛਲੇ 29 ਸਾਲਾਂ ਤੋਂ ਜੇਲ੍ਹ ਵਿੱਚ ਹੈ ਜਿਸ ਵਿੱਚੋਂ 15 ਸਾਲ ਉਸਨੇ ਮੌਤ ਦੀ ਸਜ਼ਾ ਵਾਲੀ ਕਾਲ ਕੋਠੜੀ ਵਿੱਚ ਹੀ ਬਿਤਾਏ ਹਨ। ਕਾਲ ਕੋਠੜੀ ਵਿੱਚ ਨਿਤ ਨਿਤ ਦਾ ਮਰਨਾ ਹੁੰਦਾ ਹੈ।

ਜਸਟਿਸ ਬਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਵਿਜ ਬਿਸ਼ਨੋਈ ਦੀ ਸ਼ਮੂਲੀਅਤ ਵਾਲੇ ਬੈਂਚ ਨੇ ਕੇਂਦਰ ਸਰਕਾਰ ਵੱਲੋਂ ਪੇਸ਼ ਵਕੀਲ ਨੂੰ ਸਵਾਲ ਕੀਤਾ ਕਿ ਤੁਸੀਂ ਅਜੇ ਤੱਕ ਜਵਾਬ ਦਾਵਾ ਹਲਫਨਾਮਾ ਕਿਉਂ ਨਹੀਂ ਦਾਖ਼ਲ ਕੀਤਾ। ਸਰਕਾਰੀ ਵਕੀਲ ਨੇ ਕਿਹਾ ਕਿ ਉਹ ਸੀਲ ਬੰਦ ਕੁਝ ਦਸਤਾਵੇਜ਼ ਕੋਰਟ ਅੱਗੇ ਰੱਖਣਾ ਚਾਹੁੰਦੇ ਹਨ। ਪਰ ਬੈਂਚ ਨੇ ਨਾ ਵਿੱਚ ਸਿਰ ਹਿਲਾਉਂਦਿਆਂ ਕਿਹਾ ਕਿ ਹਲਫਨਾਮੇ ਦੇ ਰੂਪ ਵਿੱਚ ਆਪਣਾ ਜਵਾਬ ਦਾਅਵਾ ਦਾਖ਼ਲ ਕਰੋ ਨਹੀਂ ਤਾਂ ਰਾਜੋਆਣਾ ਦੇ ਦੋਸ਼ਾਂ ਨੂੰ ਨਿਰਆਧਾਰ ਮੰਨਿਆ ਜਾਵੇਗਾ।

ਭਾਈ ਰਾਜੋਆਣਾ ਵੱਲੋਂ ਪੇਸ਼ ਸੀਨੀਅਰ ਵਕੀਲ ਮੁਕਲ ਰੋਹਤੋਗੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਰਚ 2012 ਵਿੱਚ ਪਟੀਸ਼ਨਰ ਵਲੋਂ ਦਾਖ਼ਲ ਰਹਿਮ ਦੀ ਅਪੀਲ ਅਜੇ ਵੀ ਬਕਾਇਆ ਪਈ। ਉਹਨਾਂ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਹੀ 2023 ਵਿੱਚ ਕਿਹਾ ਸੀ ਕਿ ਅਧਿਕਾਰੀਆਂ ਨੂੰ ਰਹਿਮ ਦੀ ਅਪੀਲ 'ਤੇ ਫੈਸਲਾ ਕਰਨਾ ਚਾਹੀਦਾ। ਵਕੀਲ ਨੇ ਸੁਪਰੀਮ ਕੋਰਟ ਦੇ ਪਿਛਲੇ ਸਾਲ 24 ਸਤੰਬਰ ਦੇ ਹੁਕਮਾਂ ਦਾ ਵੀ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਇਸ ਮਾਮਲੇ ਵਿੱਚ ਸੁਣਵਾਈ ਅੱਗੇ ਪਾਉਣ ਦੀ ਪ੍ਰਤੀ ਕਿਸੇ ਵੀ ਹੋਰ ਬੇਨਤੀ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਬੈਂਚ ਨੇ ਕੇਂਦਰ ਸਰਕਾਰ ਦੇ ਵਕੀਲ ਨੂੰ ਹਲਫ਼ਨਾਮਾ ਦਾਇਰ ਕਰਨ ਲਈ ਦੋ ਹਫਤਿਆਂ ਦਾ ਮੁੱਲ ਦਿੰਦਿਆਂ ਸਾਫ ਕਰ ਦਿੱਤਾ ਕਿ ਇਸ ਤੋਂ ਬਾਅਦ ਹੋਰ ਸਮਾਂ ਨਹੀਂ ਮਿਲੇਗਾ। ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਅਤੇ 16 ਹੋਰ 31 ਅਗਸਤ 1995 ਨੂੰ ਚੰਡੀਗੜ੍ਹ ਵਿੱਚ ਸਿਵਲ ਸਕੱਤਰ ਦੇ ਵਿੱਚ ਦਾਖਲ ਗੇਟ ਉੱਤੇ ਧਮਾਕੇ ਵਿੱਚ ਮਾਰੇ ਗਏ ਸਨ ।

ਰਾਜੋਆਣਾ ਨੇ ਰਹਿਮ ਦੀ ਅਪੀਲ ਦਾਇਰ ਨਹੀਂ ਕੀਤੀ ਹੈ ਸਗੋਂ ਉਹ ਤਾਂ ਫ਼ਾਂਸੀ ਦੀ ਸਜ਼ਾ ਲਟਕਾਉਣ ਦੇ ਵਿਰੋਧ ਵਿੱਚ ਜੇਲ੍ਹ ਅੰਦਰ ਭੁੱਖ ਹੜਤਾਲ ਰੱਖ ਚੁੱਕੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਕੀਲ ਹਰਜਿੰਦਰ ਸਿੰਘ ਧਾਮੀ ਨੇ ਆਪ ਜਾ ਕੇ ਜੇਲ੍ਹ ਵਿੱਚ ਉਸ ਦਾ ਮਾਰਨ ਵਰਤ ਖੁਲ੍ਹਵਾਇਆ ਸੀ। ਪਿੱਛੇ ਜਿਹੇ ਭਾਈ ਰਾਜੋਆਣਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕ ਪੱਤਰ ਲਿਖ ਕੇ ਆਪਣੀ ਪਟੀਸ਼ਨ ਵਾਪਸ ਲੈਣ ਦੀ ਅਪੀਲ ਕੀਤੀ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੀ ਤਿੰਨ ਦਿਨ ਪਹਿਲਾਂ ਹੋਈ ਅੰਤਰਿਮ ਕਮੇਟੀ ਦੀ ਮੀਟਿੰਗ ਵਿੱਚ ਪਟੀਸ਼ਨ ਵਾਪਸ ਲੈਣ ਦਾ ਫ਼ੈਸਲਾ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਰਵਾਜ਼ੇ ਭੇਜ ਦਿੱਤਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਕੀਲ ਧਾਮੀ ਕਹਿੰਦੇ ਹਨ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਆਦੇਸ਼ਾਂ 'ਤੇ ਹੀ ਫ਼ਾਂਸੀ ਦੀ ਸਜ਼ਾ ਮੁਆਫੀ ਲਈ ਦੇਸ਼ ਦੇ ਰਾਸ਼ਟਰਪਤੀ ਕੋਲੇ ਪਟੀਸ਼ਨ ਦਾਇਰ ਕੀਤੀ ਗਈ ਸੀ ਅਤੇ ਉਹਨਾਂ ਦੇ ਆਦੇਸ਼ਾਂ ਤੋਂ ਬਾਅਦ ਹੀ ਪਟੀਸ਼ਨ ਵਾਪਸ ਲਈ ਜਾ ਸਕਦੀ ਹੈ। ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਇਸ ਵੇਲੇ ਨਿਊਜ਼ੀਲੈਂਡ ਦੀ ਫੇਰੀ ਉੱਤੇ ਹਨ।

ਇੱਥੇ ਮੁਲਕ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਉਸ ਬਿਆਨ ਦਾ ਜ਼ਿਕਰ ਕਰਨਾ ਵੀ ਜ਼ਰੂਰੀ ਹੋਵੇਗਾ ਜਿਸ ਵਿੱਚ ਉਹਨਾਂ ਨੇ ਕਿਹਾ ਸੀ ਕਿ ਜੇ ਭਾਈ ਰਾਜੋਆਣਾ ਨੂੰ ਆਪਣੇ ਕੀਤੇ ਉੱਤੇ ਪਛਤਾਵਾ ਨਹੀਂ ਤਾਂ ਉਹਨਾਂ ਦੀ ਫਾਂਸੀ ਦੀ ਸਜ਼ਾ ਮੁਆਫ ਕਰਨ ਦੀ ਕੋਈ ਤੁੱਕ ਨਹੀਂ ਬਣਦੀ ਹੈ। ਦੂਜੇ ਬੰਨੇ ਭਾਈ ਰਾਜੋਆਣਾ ਕੇਸ ਦੀ ਸੁਣਵਾਈ ਵੇਲੇ ਅਦਾਲਤ ਵਿੱਚ ਅਕਸਰ ਕਹਿ ਦਿਆ ਕਰਦੇ ਸਨ ਕਿ ਉਨਾਂ ਦਾ ਨਾ ਤਾਂ ਮੁਲਕ ਦੀ ਨਿਆਂਪਾਲਿਕਾ ਵਿੱਚ ਭਰੋਸਾ ਹੈ ਅਤੇ ਨਾ ਹੀ ਉਹ ਮੁਲਕ ਦੇ ਸੰਵਿਧਾਨ ਵਿੱਚ ਵਿਸ਼ਵਾਸ ਰੱਖਦੇ ਹਨ। ਉਹ ਅਕਸਰ ਕਹਿ ਦਿਆ ਕਰਦੇ ਸਨ ਕਿ ਬੇਅੰਤ ਸਿੰਘ ਦਾ ਕਤਲ ਉਹਨਾਂ ਨੇ ਕੀਤਾ ਹੈ ਅਤੇ ਉਹ ਇਸ ਲਈ ਮਿਲਣ ਵਾਲੀ ਕੋਈ ਵੀ ਸਜ਼ਾ ਹੱਸ ਕੇ ਸਵੀਕਾਰ ਕਰਨਗੇ। ਇਹੋ ਵਜ੍ਹਾ ਹੈ ਕਿ ਉਹਨਾਂ ਨੇ ਫਾਂਸੀ ਦੀ ਸਜ਼ਾ ਦੇ ਖ਼ਿਲਾਫ਼ ਰਹਿਮ ਦੀ ਅਪੀਲ ਦਾਇਰ ਨਹੀਂ ਸੀ ਕੀਤੀ

ਭਾਈ ਰਾਜੋਆਣਾ ਨੂੰ ਫ਼ਾਂਸੀ ਦੇਣ ਦਾ ਫੈਸਲਾ ਕਰਨਾ ਕੇਂਦਰ ਸਰਕਾਰ ਵਾਸਤੇ ਸੁਖਾਲਾ ਨਹੀਂ ਹੈ। ਸਿਆਸੀ ਤੌਰ 'ਤੇ ਕੀਤੇ ਗਏ ਕਤਲ ਬਾਰੇ ਲਏ ਜਾਣ ਵਾਲੇ ਸਿਆਸੀ ਫ਼ੈਸਲੇ ਨੂੰ ਸਿੱਖਾਂ ਦੀਆਂ ਭਾਵਨਾਵਾਂ ਨਾਲ ਦੀ ਖਹਿ ਕੇ ਗੁਜ਼ਰਨਾ ਪਵੇਗਾ। ਭਾਈ ਰਾਜੋਆਣਾ ਨੂੰ ਚੰਡੀਗੜ੍ਹ ਦੇ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਫ਼ਾਂਸੀ ਦੀ ਸਜ਼ਾ ਸੁਣਾਈ ਗਈ ਸੀ, ਉਹਨਾਂ ਦਿਨਾਂ ਵਿੱਚ ਹੀ ਲੋਕਾਂ ਦੇ ਜਜ਼ਬਾਤ ਠੱਲ ਨਹੀਂ ਸੀ ਰਹੇ। ਉਹਨਾਂ ਦੇ ਹੱਕ ਵਿੱਚ ਇੱਕ ਲਹਿਰ ਖੜੀ ਹੋ ਗਈ ਸੀ। ਇਥੋਂ ਤੱਕ ਕਿ ਕੇਂਦਰੀ ਜੇਲ੍ਹ ਪਟਿਆਲਾ ਦੇ ਸੁਪਰਡੈਂਟ ਨੇ ਵੀ ਫ਼ਾਂਸੀ ਦੀ ਸਜ਼ਾ ਦੇਣ ਤੋਂ ਨਾਂਹ ਕਰ ਦਿੱਤੀ ਸੀ। ਹੁਣ ਜਦੋਂ ਕਿ ਪੰਜਾਬ ਵਿੱਚ ਵਿਧਾਨ ਸਭਾ ਦੀਆਂ ਚੋਣਾਂ ਸਿਰ ਉੱਤੇ ਹਨ ਤਾਂ ਕੇਂਦਰ ਸਰਕਾਰ ਦੂਹਰੀ ਫਸ ਗਈ ਹੈ। ਕੇਂਦਰ ਸਰਕਾਰ ਨੂੰ ਸੋਚ ਸਮਝ ਕੇ ਫੈਸਲਾ ਲੈਣਾ ਪੈਣਾ ਹੈ ਨਹੀਂ ਤਾਂ ਪੰਜਾਬ ਵਿੱਚੋਂ ਦੀ ਲੰਘਣਾ ਵੀ ਸੋਚ ਕੇ ਪਿਆ ਕਰਨੈ। ਸਰਕਾਰ ਕੇਂਦਰ ਦੀ ਹੋਵੇ ਜਾਂ ਪੰਜਾਬ ਦੀ ਜੇ ਕਤਲ ਕੇਸ ਵਿੱਚ ਹੋਰਾਂ ਦੀ ਸਜ਼ਾ ਮੁਆਫ਼ ਹੋ ਸਕਦੀ ਹੈ ਤਾਂ ਭਲਾ ਪੰਜਾਬੀਆਂ ਨਾਲ ਕੀ ਵੈਰ ਹੋਇਆ! ਪੰਜਾਬੀ ਤਾਂ ਦੇਸ਼ ਲਈ ਮਰ ਮਿਟਣ ਵਾਲੀ ਕੌਮ ਹੈ। ਆਜ਼ਾਦੀ ਵੇਲੇ ਮੁਲਕ ਲਈ 80 ਫ਼ੀਸਦੀ ਕੁਰਬਾਨੀਆਂ ਪੰਜਾਬੀਆਂ ਨੇ ਹੀ ਦਿੱਤੀਆਂ ਸਨ। ਪੰਜਾਬੀਆਂ ਜੀਵਨ ਜਾਚ ਹੀ 'ਦੋ ਪੈਰ ਘੱਟ ਤੁਰਨਾ ਤੁਰਨਾ ਮੜਕ ਦੇ ਨਾਲ' ਹੈ।



ਵਿੰਕਲਜੀਤ ਸਿੰਘ ਸਰਾ
9501477889

## ਵਿਦਿਅਕ ਕ੍ਰਾਂਤੀ ਅਤੇ ਡਿਜ਼ੀਟਲ ਚੁਣੌਤੀਆਂ

# ਸਕੂਲਾਂ ਵਿੱਚ ਮੋਬਾਈਲ ਪਾਬੰਦੀ ਦਾ ਡੂੰਘਾ ਵਿਸ਼ਲੇਸ਼ਣ

**ਸਿੱਖਿਆ ਦੇ ਬਦਲਦੇ ਸਰੂਪ ਅਤੇ ਤਕਨਾਲੋਜੀ ਦਾ ਦਖ਼ਲ**

ਇਕਵੀਂ ਸਦੀ ਦੇ ਤੀਜੇ ਦਹਾਕੇ ਵਿੱਚ ਸਿੱਖਿਆ ਪ੍ਰਣਾਲੀ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਤਕਨਾਲੋਜੀ ਅਤੇ ਮਾਨਸਿਕ ਇਕਾਗਰਤਾ ਵਿਚਕਾਰ ਸਿੱਧੀ ਜੰਗ ਛਿੜੀ ਹੋਈ ਹੈ। ਯੂਨੈਸਕੋ ਦੀ 'ਗਲੋਬਲ ਐਜੂਕੇਸ਼ਨ ਮਾਨੀਟਰਿੰਗ ਰਿਪੋਰਟ 2026' ਨੇ ਇੱਕ ਬਹੁਤ ਹੀ ਹੈਰਾਨ ਕਰਨ ਵਾਲਾ ਤੱਥ ਸਾਹਮਣੇ ਲਿਆਂਦਾ ਹੈ ਕਿ ਪਿਛਲੇ ਸਿਰਫ਼ ਤਿੰਨ ਸਾਲਾਂ ਵਿੱਚ ਦੁਨੀਆ ਭਰ ਦੇ ਸਕੂਲਾਂ ਵਿੱਚ ਮੋਬਾਈਲ ਫ਼ੋਨਾਂ 'ਤੇ ਪਾਬੰਦੀ ਲਗਾਉਣ ਦਾ ਰੁਝਾਨ ਦੁੱਗਣੇ ਤੋਂ ਵੀ ਵੱਧ ਹੋ ਗਿਆ ਹੈ। ਸਾਲ 2023 ਵਿੱਚ ਜਿੱਥੇ ਸਿਰਫ਼ 24 ਫ਼ੀਸਦੀ ਸਿੱਖਿਆ ਪ੍ਰਣਾਲੀਆਂ ਮੋਬਾਈਲ ਨੂੰ ਕਲਾਸਰੂਮ ਤੋਂ ਬਾਹਰ ਰੱਖਣ ਦੇ ਹੱਕ ਵਿੱਚ ਸਨ, ਉੱਥੇ 2026 ਤੱਕ ਇਹ ਅੰਕੜਾ 58 ਫ਼ੀਸਦੀ ਤੱਕ ਪਹੁੰਚ ਗਿਆ ਹੈ। ਇਹ ਤਬਦੀਲੀ ਸਿਰਫ਼ ਇੱਕ ਪ੍ਰਸ਼ਾਸਨਿਕ ਫੈਸਲਾ ਨਹੀਂ ਹੈ, ਸਗੋਂ ਇਹ ਇਸ ਗੱਲ ਦਾ ਪ੍ਰਤੀਕ ਹੈ ਕਿ ਵਿਸ਼ਵ ਪੱਧਰ 'ਤੇ ਸਰਕਾਰਾਂ ਹੁਣ ਇਹ ਮਹਿਸੂਸ ਕਰਨ ਲੱਗੀਆਂ ਹਨ ਕਿ ਕੋਵਿਡ ਕਾਲ ਦੌਰਾਨ ਦਿੱਤੀ ਗਈ ਬੇਮੁਹਾਰ ਡਿਜ਼ੀਟਲ ਪਹੁੰਚ ਬੱਚਿਆਂ ਦੇ ਬੌਧਿਕ ਵਿਕਾਸ ਵਿੱਚ ਲਾਭ ਨਾਲੋਂ ਵੱਧ ਨੁਕਸਾਨ ਕਰ ਰਹੀ ਹੈ। ਅੱਜ ਕਲਾਸਰੂਮਾਂ ਦੀਆਂ ਹੱਦਾਂ ਨੂੰ ਮੁੜ ਨਿਰਧਾਰਿਤ ਕੀਤਾ ਜਾ ਰਿਹਾ ਹੈ ਤਾਂ ਜੋ ਸਿੱਖਣ ਦੀ ਪ੍ਰਕਿਰਿਆ ਨੂੰ ਸਕ੍ਰੀਨ ਦੇ ਪ੍ਰਭਾਵ ਤੋਂ ਮੁਕਤ ਕਰਕੇ ਮੁੜ ਅਸਲ ਸੰਵਾਦ ਵੱਲ ਮੋੜਿਆ ਜਾ ਸਕੇ।

**ਵਿਸ਼ਵ ਪੱਧਰ 'ਤੇ ਨੀਤੀਗਤ ਬਦਲਾਅ ਅਤੇ ਰਿਪੋਰਟ ਦੇ ਅੰਕੜੇ** : ਜੇਕਰ ਅਸੀਂ ਸੰਸਾਰਕ ਪੱਧਰ 'ਤੇ ਇਸ ਰੁਝਾਨ ਦਾ ਅਧਿਐਨ ਕਰੀਏ ਤਾਂ ਪਤਾ ਲੱਗਦਾ ਹੈ ਕਿ ਫ਼ਰਾਂਸ ਵਰਗੇ ਦੇਸ਼ਾਂ ਨੇ ਕੁਝ ਵਿਸ਼ੇਸ਼ ਜਮਾਤਾਂ ਵਿੱਚ ਲਗਭਗ ਮੁਕੰਮਲ ਪਾਬੰਦੀ ਲਗਾ ਕੇ ਇੱਕ ਮਿਸਾਲ ਪੇਸ਼ ਕੀਤੀ ਹੈ। ਦੂਜੇ ਪਾਸੇ ਸੰਯੁਕਤ ਬਾਦਸ਼ਾਹੀ (UK) ਨੇ ਰਾਸ਼ਟਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ ਤਾਂ ਜੋ ਸਕੂਲ ਆਪਣੇ ਪੱਧਰ 'ਤੇ ਸਖ਼ਤ ਨਿਯਮ ਲਾਗੂ ਕਰ ਸਕਣ। ਯੂਨੈਸਕੋ ਦੀ ਰਿਪੋਰਟ ਅਨੁਸਾਰ ਇਸ ਸਮੇਂ ਵਿਸ਼ਵ ਵਿੱਚ 114 ਅਜਿਹੀਆਂ ਸਿੱਖਿਆ ਪ੍ਰਣਾਲੀਆਂ ਹਨ ਜੋ ਰਾਸ਼ਟਰੀ ਪੱਧਰ 'ਤੇ ਮੋਬਾਈਲ ਦੀ ਵਰਤੋਂ ਨੂੰ ਨਿਯੰਤਰਿਤ ਕਰ ਰਹੀਆਂ ਹਨ। ਅਮਰੀਕਾ ਅਤੇ ਜਰਮਨੀ ਵਰਗੇ ਸੰਘੀ ਢਾਂਚੇ ਵਾਲੇ ਦੇਸ਼ਾਂ ਵਿੱਚ ਇਹ ਫੈਸਲੇ ਰਾਜ ਅਤੇ ਖੇਤਰੀ ਪੱਧਰ 'ਤੇ ਲਏ ਜਾ ਰਹੇ ਹਨ, ਜੋ ਕਿ ਹੌਲੀ-ਹੌਲੀ ਇੱਕ ਵਿਆਪਕ ਰਾਸ਼ਟਰੀ ਮੁਹਿਮ ਵਿੱਚ ਬਦਲ ਰਹੇ ਹਨ। ਇਹ ਸਥਿਤੀ ਦਰਸਾਉਂਦੀ ਹੈ ਕਿ ਵਿਕਸਿਤ ਦੇਸ਼ ਹੁਣ ਡਿਜ਼ੀਟਲ ਡਿਵਾਈਸਾਂ ਦੀ ਬਜਾਏ ਲਰਨਿੰਗ ਆਊਟਕਮਜ਼ ਭਾਵ ਸਿੱਖਣ ਦੇ ਨਤੀਜਿਆਂ ਨੂੰ ਸਿੱਖਿਆ ਪ੍ਰਣਾਲੀ ਦੇ ਕੇਂਦਰ ਵਿੱਚ ਰੱਖ ਰਹੇ ਹਨ। ਇਹ ਬਦਲਾਅ ਇੱਕ ਸਥਾਈ ਨੀਤੀਗਤ ਤਬਦੀਲੀ ਹੈ ਜੋ ਆਉਣ ਵਾਲੇ ਸਮੇਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਜ਼ਰੂਰੀ ਸਮਝੀ ਜਾ ਰਹੀ ਹੈ।

**ਮਾਨਸਿਕ ਇਕਾਗਰਤਾ ਅਤੇ ਅਕਾਦਮਿਕ ਕਾਰਗੁਜ਼ਾਰੀ ਦਾ ਸਬੰਧ:** ਸਕੂਲਾਂ ਵਿੱਚ ਮੋਬਾਈਲ ਪਾਬੰਦੀ ਦਾ ਸਭ ਤੋਂ ਵੱਡਾ ਤਰਕ ਵਿਦਿਆਰਥੀਆਂ ਦੀ ਇਕਾਗਰਤਾ ਨਾਲ ਜੁੜਿਆ ਹੋਇਆ ਹੈ। ਵੱਖ-ਵੱਖ ਮਨੋਵਿਗਿਆਨਕ ਅਧਿਐਨਾਂ ਨੇ ਸਾਬਤ ਕੀਤਾ ਹੈ ਕਿ ਮੋਬਾਈਲ ਫ਼ੋਨ ਦੀ ਸਿਰਫ਼ ਮੌਜੂਦਗੀ ਹੀ ਵਿਦਿਆਰਥੀ ਦੀ ਬੌਧਿਕ ਸਮਰੱਥਾ ਨੂੰ ਘਟਾ ਸਕਦੀ ਹੈ ਕਿਉਂਕਿ ਦਿਮਾਗ ਦਾ ਇੱਕ ਹਿੱਸਾ ਲਗਾਤਾਰ ਆਉਣ ਵਾਲੇ ਨੋਟੀਫਿਕੇਸ਼ਨਾਂ ਦੀ ਉਡੀਕ ਵਿੱਚ ਰਹਿੰਦਾ ਹੈ। ਜਦੋਂ ਕਲਾਸਰੂਮ ਵਿੱਚੋਂ ਮੋਬਾਈਲ ਨੂੰ ਬਾਹਰ ਕਰ ਦਿੱਤਾ ਜਾਂਦਾ ਹੈ, ਤਾਂ ਵਿਦਿਆਰਥੀ ਅਧਿਆਪਕ ਦੇ ਲੈਕਚਰ ਅਤੇ ਪਾਠ-ਪੁਸਤਕਾਂ ਵਿੱਚ ਡੂੰਘਾਈ ਨਾਲ ਉਤਰਨ ਦੇ ਯੋਗ ਹੁੰਦੇ ਹਨ। ਇਸ ਨਾਲ ਉਨ੍ਹਾਂ ਦੀ ਸਮਝਣ ਦੀ ਸ਼ਕਤੀ ਅਤੇ ਕਿਸੇ ਵੀ ਵਿਸ਼ੇ 'ਤੇ ਲੰਬੇ ਸਮੇਂ ਤੱਕ ਕੇਂਦਰਿਤ ਰਹਿਣ ਦੀ ਸਮਰੱਥਾ ਵਿੱਚ ਭਾਰੀ ਵਾਧਾ ਹੁੰਦਾ ਹੈ। ਅਕਾਦਮਿਕ ਪ੍ਰਦਰਸ਼ਨ ਵਿੱਚ ਇਹ ਸੁਧਾਰ ਸਿਰਫ਼ ਨੰਬਰਾਂ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਇਹ ਵਿਦਿਆਰਥੀ ਦੀ ਕ੍ਰਿਟੀਕਲ ਥਿੰਕਿੰਗ ਭਾਵ ਆਲੋਚਨਾਤਮਕ ਸੋਚ ਨੂੰ ਵੀ ਪ੍ਰਫੁੱਲਤ ਕਰਦਾ ਹੈ, ਜੋ ਕਿ ਅੱਜ ਦੇ ਡਿਜ਼ੀਟਲ ਯੁੱਗ ਵਿੱਚ ਬਹੁਤ ਜ਼ਰੂਰੀ ਹੈ।

**ਸੋਸ਼ਲ ਮੀਡੀਆ ਦੇ ਪ੍ਰਭਾਵ ਅਤੇ ਮਾਨਸਿਕ ਸਿਹਤ ਦੇ ਸਰੋਕਾਰ:** ਅਜੋਕੇ ਸਮੇਂ ਵਿੱਚ ਸੋਸ਼ਲ ਮੀਡੀਆ ਬੱਚਿਆਂ ਦੀ ਮਾਨਸਿਕ ਸਿਹਤ ਲਈ ਇੱਕ ਵੱਡੀ ਚੁਣੌਤੀ ਬਣ ਗਿਆ ਹੈ। ਸਕੂਲ ਦੇ ਸਮੇਂ ਦੌਰਾਨ ਮੋਬਾਈਲ ਫ਼ੋਨ ਦੀ ਵਰਤੋਂ ਬੱਚਿਆਂ ਨੂੰ ਸੋਸ਼ਲ ਮੀਡੀਆ ਦੀਆਂ ਅਭਿਆਸੀ ਤੁਲਨਾਵਾਂ, ਸਾਈਬਰ ਬੁਲਿੰਗ ਅਤੇ ਨਕਾਰਾਤਮਕ ਸਮੱਗਰੀ ਦੇ ਸਿੱਧੇ ਸੰਪਰਕ ਵਿੱਚ ਲਿਆਉਂਦੀ ਹੈ। ਪਾਬੰਦੀ ਲਗਾਉਣ ਨਾਲ ਬੱਚਿਆਂ ਨੂੰ ਇੱਕ ਅਜਿਹਾ ਸੁਰੱਖਿਅਤ ਮਾਹੌਲ ਮਿਲਦਾ ਹੈ, ਜਿੱਥੇ ਉਹ 'ਲਾਈਕਸ' ਅਤੇ 'ਵਿਊਜ਼' ਦੀ ਦੌੜ ਤੋਂ ਦੂਰ ਰਹਿ ਕੇ ਆਪਣੀ ਅਸਲ ਸ਼ਖ਼ਸੀਅਤ ਦਾ ਵਿਕਾਸ ਕਰ ਸਕਦੇ ਹਨ। ਇਸ ਨਾਲ ਬੱਚਿਆਂ ਵਿੱਚ ਚਿੰਤਾ, ਡਿਪ੍ਰੈਸ਼ਨ ਅਤੇ ਇਕੱਲੇਪਣ ਵਰਗੀਆਂ ਸਮੱਸਿਆਵਾਂ ਵਿੱਚ ਕਮੀ ਆਉਂਦੀ ਹੈ। ਜਦੋਂ ਉਹ ਸਕੂਲ ਵਿੱਚ ਹੁੰਦੇ ਹਨ, ਤਾਂ ਉਨ੍ਹਾਂ ਦਾ ਧਿਆਨ ਆਪਣੇ ਸਾਥੀਆਂ ਨਾਲ ਅਸਲ ਸੰਵਾਦ ਰਚਾਉਣ 'ਤੇ ਹੁੰਦਾ ਹੈ, ਨਾ ਕਿ ਸਕ੍ਰੀਨ 'ਤੇ ਚੱਲ ਰਹੀ ਆਭਾਸੀ ਦੁਨੀਆ 'ਤੇ। ਇਹ ਮਾਨਸਿਕ ਸ਼ਾਂਤੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਇੱਕ ਮਜ਼ਬੂਤ ਨੀਂਹ ਦਾ ਕੰਮ ਕਰਦੀ ਹੈ।

**ਸਮਾਜਿਕ ਰਿਸ਼ਤਿਆਂ ਦੀ ਮਜ਼ਬੂਤੀ ਅਤੇ ਅਨੁਸ਼ਾਸਨ ਦਾ ਮਾਹੌਲ:** ਸਕੂਲ ਸਿਰਫ਼ ਪੜ੍ਹਾਈ ਦੀਆਂ ਥਾਵਾਂ ਨਹੀਂ ਹਨ, ਸਗੋਂ ਇਹ ਸਮਾਜਿਕ ਰਿਸ਼ਤੇ ਸਿੱਖਣ ਦੀ ਪ੍ਰਯੋਗਸ਼ਾਲਾ ਵੀ ਹਨ। ਮੋਬਾਈਲ ਫ਼ੋਨਾਂ ਦੀ ਪਾਬੰਦੀ ਨਾਲ ਵਿਦਿਆਰਥੀ ਆਪਸ ਵਿੱਚ ਗੱਲਬਾਤ ਕਰਨ, ਖੇਡਣ ਅਤੇ ਟੀਮ ਵਰਕ ਵਰਗੇ ਗੁਣ ਸਿੱਖਣ ਲਈ ਮਜਬੂਰ ਹੁੰਦੇ ਹਨ। ਅੱਜ ਜਦੋਂ ਅਸੀਂ 'ਡਿਜ਼ੀਟਲ ਆਈਸੋਲੇਸ਼ਨ' ਦੇ ਦੌਰ ਵਿੱਚੋਂ ਗੁਜ਼ਰ ਰਹੇ ਹਾਂ, ਤਾਂ ਸਕੂਲਾਂ ਵਿੱਚ ਮੋਬਾਈਲ ਮੁਕਤ ਸਮਾਂ ਬੱਚਿਆਂ ਨੂੰ ਦੋਸਤੀ ਅਤੇ ਹਮਦਰਦੀ ਦੀ ਅਸਲ ਭਾਸ਼ਾ ਸਿਖਾਉਂਦਾ ਹੈ। ਇਸ ਤੋਂ ਇਲਾਵਾ ਸਕੂਲ ਦੇ ਅਨੁਸ਼ਾਸਨ ਵਿੱਚ ਵੀ ਵੱਡਾ ਸੁਧਾਰ ਦੇਖਣ ਨੂੰ ਮਿਲਦਾ ਹੈ। ਕਲਾਸਰੂਮ ਵਿੱਚ ਫ਼ੋਨਾਂ ਦੀ ਅਣਹੋਂਦ ਨਾਲ ਨਿਯਮਾਂ ਦੀ ਪਾਲਣਾ ਵਧਦੀ ਹੈ ਅਤੇ ਅਧਿਆਪਕ ਤੇ ਵਿਦਿਆਰਥੀ ਵਿਚਕਾਰ ਸਤਿਕਾਰਤ ਸੰਬੰਧ ਮੁੜ ਸਥਾਪਿਤ ਹੁੰਦੇ ਹਨ। ਇੱਕ ਸ਼ਾਂਤ ਅਤੇ ਅਨੁਸ਼ਾਸਿਤ ਮਾਹੌਲ ਹੀ ਵਧੀਆ ਸਿੱਖਿਆ ਦੀ ਪਹਿਲੀ ਸ਼ਰਤ ਹੈ, ਜੋ ਮੋਬਾਈਲ ਪਾਬੰਦੀ ਨਾਲ ਅਸਾਨੀ ਨਾਲ ਹਾਸਲ ਕੀਤੀ ਜਾ ਸਕਦੀ ਹੈ।

**ਸਰੀਰਕ ਸਿਹਤ ਅਤੇ ਜੀਵਨ ਸ਼ੈਲੀ 'ਤੇ ਸਕਾਰਾਤਮਕ ਅਸਰ** : ਮੋਬਾਈਲ ਫ਼ੋਨ ਦੀ ਬਹੁਤੀ ਵਰਤੋਂ ਵਿਦਿਆਰਥੀਆਂ ਦੀ ਸਰੀਰਕ ਸਿਹਤ 'ਤੇ ਵੀ ਮਾੜਾ ਅਸਰ ਪਾ ਰਹੀ ਹੈ। ਸਕੂਲਾਂ ਵਿੱਚ ਪਾਬੰਦੀ ਲਗਾਉਣ ਨਾਲ ਬੱਚਿਆਂ ਦੇ ਸਕ੍ਰੀਨ ਟਾਈਮ ਵਿੱਚ ਕਮੀ ਆਉਂਦੀ ਹੈ, ਜਿਸ ਨਾਲ ਉਨ੍ਹਾਂ ਦੀਆਂ ਅੱਖਾਂ 'ਤੇ ਪੈਣ ਵਾਲਾ ਦਬਾਅ ਘਟਦਾ ਹੈ। ਇਸ ਤੋਂ ਇਲਾਵਾ, ਮੋਬਾਈਲ ਦੀ ਵਰਤੋਂ ਨਾ ਹੋਣ ਕਾਰਨ ਬੱਚੇ ਬ੍ਰੇਕ ਦੇ ਸਮੇਂ ਸਰੀਰਕ ਗਤੀਵਿਧੀਆਂ ਜਿਵੇਂ ਕਿ ਖੇਡਾਂ ਜਾਂ ਸੈਰ ਕਰਨ ਵੱਲ ਰੁਚਿਤ ਹੁੰਦੇ ਹਨ। ਇਹ ਉਨ੍ਹਾਂ ਦੀ ਸਰੀਰਕ ਤੰਦਰੁਸਤੀ ਅਤੇ ਮੋਟਾਪੇ ਵਰਗੀਆਂ ਸਮੱਸਿਆਵਾਂ ਨੂੰ ਰੋਕਣ ਵਿੱਚ ਮਦਦਗਾਰ ਸਾਬਤ ਹੁੰਦਾ ਹੈ। ਨੀਂਦ ਦੀ ਸਮੱਸਿਆ, ਜੋ ਅੱਜਕੱਲ੍ਹ ਵਿਦਿਆਰਥੀਆਂ ਵਿੱਚ ਆਮ ਹੈ, ਉਸ ਦਾ ਇੱਕ ਵੱਡਾ ਕਾਰਨ ਦੇਰ ਰਾਤ ਤੱਕ ਮੋਬਾਈਲ ਦੀ ਵਰਤੋਂ ਹੈ। ਜੇਕਰ ਸਕੂਲ ਵਿੱਚ ਫ਼ੋਨ ਦੀ ਵਰਤੋਂ ਨਿਯੰਤਰਿਤ ਹੋਵੇਗੀ, ਤਾਂ ਬੱਚਿਆਂ ਦੀ ਦਿਨਚਰੀ ਵਿੱਚ ਇੱਕ ਅਨੁਸ਼ਾਸਨ ਆਵੇਗਾ ਜੋ ਅੰਤ ਵਿੱਚ ਉਨ੍ਹਾਂ ਦੀ ਸਿਹਤ ਅਤੇ ਪੜ੍ਹਾਈ ਦੋਵਾਂ ਲਈ ਲਾਹੇਵੰਦ ਹੋਵੇਗਾ।

**ਭਾਰਤ ਵਿੱਚ ਡਿਜ਼ੀਟਲ ਪਾੜਾ ਅਤੇ ਨੀਤੀਗਤ ਚੁਣੌਤੀਆਂ** : ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਲਈ ਇਹ ਮਸਲਾ ਹੋਰ ਵੀ ਗੁੰਝਲਦਾਰ ਹੈ। ਭਾਰਤ ਵਿੱਚ ਹੁਣ 85 ਫ਼ੀਸਦੀ ਤੋਂ ਵੱਧ ਘਰਾਂ ਵਿੱਚ ਘੱਟੋ-ਘੱਟ ਇੱਕ ਸਮਾਰਟਫ਼ੋਨ ਮੌਜੂਦ ਹੈ, ਪਰ ਸਿੱਖਿਆ ਪ੍ਰਣਾਲੀ ਵਿੱਚ ਇਸ ਦੀ ਵਰਤੋਂ ਨੂੰ ਲੈ ਕੇ ਕੋਈ ਇਕਸਾਰ ਰਾਸ਼ਟਰੀ ਨੀਤੀ ਨਹੀਂ ਹੈ। ਹਿਮਾਚਲ ਪ੍ਰਦੇਸ਼ ਵਰਗੇ ਰਾਜਾਂ ਨੇ ਮਾਰਚ 2026 ਤੋਂ ਸਟੇਟ-ਵਾਈਡ ਪਾਬੰਦੀ ਦਾ ਐਲਾਨ ਕਰਕੇ ਇੱਕ ਦਲੇਰਾਨਾ ਕਦਮ ਚੁੱਕਿਆ ਹੈ, ਪਰ ਕਈ ਰਾਜ ਅਜੇ ਵੀ ਦੁਬਿਧਾ ਵਿੱਚ ਹਨ। ਭਾਰਤ ਵਿੱਚ ਚੁਣੌਤੀ ਇਹ ਹੈ ਕਿ ਇੱਕ ਪਾਸੇ ਅਸੀਂ ਡਿਜ਼ੀਟਲ ਇੰਡੀਆ ਦੀ ਗੱਲ ਕਰਦੇ ਹਾਂ ਅਤੇ ਦੂਜੇ ਪਾਸੇ ਕਲਾਸਰੂਮਾਂ ਵਿੱਚ ਮੋਬਾਈਲ ਨੂੰ ਰੋਕ ਰਹੇ ਹਾਂ। ਇਸ ਲਈ ਭਾਰਤ ਨੂੰ ਇੱਕ ਅਜਿਹੇ ਮਾਡਲ ਦੀ ਲੋੜ ਹੈ ਜੋ ਤਕਨਾਲੋਜੀ ਦੀ ਵਰਤੋਂ ਅਤੇ ਇਸ ਦੇ ਮਾੜੇ ਪ੍ਰਭਾਵਾਂ ਵਿਚਕਾਰ ਸੰਤੁਲਨ ਬਣਾ ਸਕੇ। ਖ਼ਾਸਕਰ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਮੌਜੂਦ ਡਿਜ਼ੀਟਲ ਪਾੜੇ ਨੂੰ ਧਿਆਨ ਵਿੱਚ ਰੱਖਦੇ ਹੋਏ ਨੀਤੀਆਂ ਅਜਿਹੀਆਂ ਹੋਣੀਆਂ ਚਾਹੀਦੀਆਂ ਹਨ ਜੋ ਸਿੱਖਣ ਦੇ ਬਰਾਬਰ ਮੌਕੇ ਪ੍ਰਦਾਨ ਕਰਨ।

**ਡਿਜ਼ੀਟਲ ਸਾਖਰਤਾ ਅਤੇ ਜ਼ਿੰਮੇਵਾਰਾਨਾ ਵਰਤੋਂ ਦੀ ਸਿਖਲਾਈ** : ਯੂਨੈਸਕੋ ਦੀ ਰਿਪੋਰਟ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਨੁਕਤਾ ਇਹ ਵੀ ਉਠਾਇਆ ਗਿਆ ਹੈ ਕਿ ਸਿਰਫ਼ ਪਾਬੰਦੀ ਲਗਾਉਣਾ ਹੀ ਸਮੱਸਿਆ ਦਾ ਹੱਲ ਨਹੀਂ ਹੈ। ਸਕੂਲਾਂ ਦੀ ਇਹ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਵਿਦਿਆਰਥੀਆਂ ਨੂੰ ਡਿਜ਼ੀਟਲ ਸਾਖਰਤਾ ਅਤੇ ਤਕਨਾਲੋਜੀ ਦੀ ਜ਼ਿੰਮੇਵਾਰਾਨਾ ਵਰਤੋਂ ਬਾਰੇ ਸਿਖਾਉਣ। ਜੇਕਰ ਅਸੀਂ ਬੱਚਿਆਂ ਨੂੰ ਸਿਰਫ਼ ਫ਼ੋਨ ਤੋਂ ਦੂਰ ਕਰ ਦਿਆਂਗੇ ਪਰ ਉਨ੍ਹਾਂ ਨੂੰ ਇਹ ਨਹੀਂ ਦੱਸਾਂਗੇ ਕਿ ਇਸ ਦੀ ਸਹੀ ਵਰਤੋਂ ਕਿਵੇਂ ਕਰਨੀ ਹੈ, ਤਾਂ ਉਹ ਸਕੂਲ ਤੋਂ ਬਾਹਰ ਜਾ ਕੇ ਫਿਰ ਉਸੇ ਗ਼ਲਤ ਰਾਹ 'ਤੇ ਚੱਲ ਸਕਦੇ ਹਨ। ਇਸ ਲਈ ਸਿੱਖਿਆ ਪ੍ਰਣਾਲੀ ਵਿੱਚ 'ਸਮਾਰਟ ਯੂਜ਼ੇਜ' ਦੇ ਪਾਠ ਸ਼ਾਮਲ ਹੋਣੇ ਚਾਹੀਦੇ ਹਨ। ਬੱਚਿਆਂ ਨੂੰ ਸੂਚਨਾ ਦੀ ਪ੍ਰਮਾਣਿਕਤਾ ਪਰਖਣ, ਸਾਈਬਰ ਸੁਰੱਖਿਆ ਦੇ ਨਿਯਮਾਂ ਅਤੇ ਸੰਤੁਲਿਤ ਸਕ੍ਰੀਨ ਟਾਈਮ ਦੇ ਫਾਇਦਿਆਂ ਬਾਰੇ ਜਾਣੂ ਕਰਵਾਉਣਾ ਅੱਜ ਦੀ ਸਭ ਤੋਂ ਵੱਡੀ ਲੋੜ ਹੈ।

**ਮਾਪਿਆਂ ਦੀ ਭੂਮਿਕਾ ਅਤੇ ਘਰੇਲੂ ਮਾਹੌਲ ਦਾ ਯੋਗਦਾਨ** : ਸਕੂਲਾਂ ਵਿੱਚ ਲਗਾਈ ਗਈ ਪਾਬੰਦੀ ਤਾਂ ਹੀ ਕਾਮਯਾਬ ਹੋ ਸਕਦੀ ਹੈ ਜੇਕਰ ਮਾਪੇ ਵੀ ਇਸ ਵਿੱਚ ਆਪਣਾ ਪੂਰਾ ਸਹਿਯੋਗ ਦੇਣ। ਅਕਸਰ ਦੇਖਿਆ ਜਾਂਦਾ ਹੈ ਕਿ ਸਕੂਲ ਵਿੱਚ ਤਾਂ ਸਖ਼ਤੀ ਹੁੰਦੀ ਹੈ ਪਰ ਘਰ ਪਹੁੰਚਦਿਆਂ ਹੀ ਬੱਚੇ ਘੰਟਿਆਂਬੱਧੀ ਫ਼ੋਨਾਂ 'ਤੇ ਜੁੜ ਜਾਂਦੇ ਹਨ। ਮਾਪਿਆਂ ਨੂੰ ਇਹ ਸਮਝਣਾ ਹੋਵੇਗਾ ਕਿ ਸਕੂਲ ਵਿੱਚ ਮੋਬਾਈਲ ਪਾਬੰਦੀ ਬੱਚੇ ਦੇ ਭਵਿੱਖ ਲਈ ਲਗਾਈ ਗਈ ਹੈ। ਘਰਾਂ ਵਿੱਚ ਵੀ ਇੱਕ 'ਨੋ-ਟੈਕ ਜ਼ੋਨ' ਜਾਂ 'ਨੋ-ਟੈਕ ਟਾਈਮ' ਹੋਣਾ ਚਾਹੀਦਾ ਹੈ, ਜਿੱਥੇ ਬੱਚੇ ਫ਼ੋਨ ਤੋਂ ਦੂਰ ਰਹਿ ਕੇ ਪਰਿਵਾਰ ਨਾਲ ਗੱਲਬਾਤ ਕਰਨ। ਮਾਪਿਆਂ ਦੀ ਨਿਗਰਾਨੀ ਅਤੇ ਉਨ੍ਹਾਂ ਵੱਲੋਂ ਪੇਸ਼ ਕੀਤੀ ਗਈ ਮਿਸਾਲ ਬੱਚੇ ਦੇ ਤਕਨਾਲੋਜੀ ਪ੍ਰਤੀ ਰੁਝਾਨ ਨੂੰ ਬਦਲਣ ਵਿੱਚ ਵੱਡੀ ਭੂਮਿਕਾ ਨਿਭਾ ਸਕਦੀ ਹੈ। ਸਿੱਖਿਆ ਅਤੇ ਸੰਸਕਾਰਾਂ ਦਾ ਇਹ ਸੁਮੇਲ ਹੀ ਬੱਚੇ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਾ ਸਕਦਾ ਹੈ।

**ਇੱਕ ਸੰਤੁਲਿਤ ਭਵਿੱਖ ਦੀ ਲੋੜ** : ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ ਸਕੂਲਾਂ ਵਿੱਚ ਮੋਬਾਈਲ ਫ਼ੋਨਾਂ 'ਤੇ ਪਾਬੰਦੀ ਲਗਾਉਣਾ ਅੱਜ ਦੀ ਵਿਸ਼ਵਵਿਆਪੀ ਲੋੜ ਬਣ ਗਈ ਹੈ। ਯੂਨੈਸਕੋ ਦੀ 2026 ਦੀ ਰਿਪੋਰਟ ਸਾਨੂੰ ਚੇਤਾਵਨੀ ਦੇ ਰਹੀ ਹੈ ਕਿ ਜੇਕਰ ਅਸੀਂ ਹੁਣ ਨਾ ਸੰਭਲੇ ਤਾਂ ਆਉਣ ਵਾਲੀਆਂ ਨਸਲਾਂ ਆਪਣੀ ਮੌਲਿਕ ਸੋਚ ਅਤੇ ਇਕਾਗਰਤਾ ਗੁਆ ਸਕਦੀਆਂ ਹਨ। ਹਾਲਾਂਕਿ ਤਕਨਾਲੋਜੀ ਸਿੱਖਣ ਦਾ ਇੱਕ ਸ਼ਕਤੀਸ਼ਾਲੀ ਸਾਧਨ ਹੈ, ਪਰ ਇਸ ਦੀ ਵਰਤੋਂ ਸਿਰਫ਼ ਸਿੱਖਿਆ ਦੇ ਉਦੇਸ਼ਾਂ ਲਈ ਅਤੇ ਇੱਕ ਸੀਮਾ ਦੇ ਅੰਦਰ ਹੀ ਹੋਣੀ ਚਾਹੀਦੀ ਹੈ। ਪਾਬੰਦੀ ਦਾ ਮਕਸਦ ਬੱਚਿਆਂ ਨੂੰ ਤਕਨਾਲੋਜੀ ਤੋਂ ਕੱਟਣਾ ਨਹੀਂ, ਸਗੋਂ ਉਨ੍ਹਾਂ ਨੂੰ ਇਹ ਸਿਖਾਉਣਾ ਹੈ ਕਿ ਜ਼ਿੰਦਗੀ ਵਿੱਚ ਮਸ਼ੀਨਾਂ ਨਾਲੋਂ ਮਨੁੱਖੀ ਸੰਵਾਦ, ਇਕਾਗਰਤਾ ਅਤੇ ਮਾਨਸਿਕ ਸਿਹਤ ਜ਼ਿਆਦਾ ਮਹੱਤਵਪੂਰਨ ਹਨ। ਇੱਕ ਸਾਂਝੀ ਰਾਸ਼ਟਰੀ ਨੀਤੀ, ਡਿਜ਼ੀਟਲ ਸਾਖਰਤਾ ਅਤੇ ਸਮਾਜਿਕ ਜਾਗਰੂਕਤਾ ਦੇ ਸੁਮੇਲ ਨਾਲ ਅਸੀਂ ਆਪਣੇ ਬੱਚਿਆਂ ਲਈ ਇੱਕ ਅਜਿਹਾ ਭਵਿੱਖ ਸਿਰਜ ਸਕਦੇ ਹਾਂ ਜਿੱਥੇ ਉਹ ਤਕਨਾਲੋਜੀ ਦੇ ਗੁਲਾਮ ਨਹੀਂ ਸਗੋਂ ਮਾਲਕ ਹੋਣਗੇ।

**ਲੇਖਕ ਦਾ ਸੁਨੇਹਾ:**
ਇਹ ਵਿਸ਼ਲੇਸ਼ਣ ਸਿਰਫ਼ ਅੰਕੜਿਆਂ 'ਤੇ ਅਧਾਰਿਤ ਨਹੀਂ ਹੈ, ਸਗੋਂ ਇਹ ਸਾਡੀ ਅਗਲੀ ਪੀੜ੍ਹੀ ਦੇ ਬੌਧਿਕ ਅਤੇ ਮਾਨਸਿਕ ਸੁਰੱਖਿਆ ਲਈ ਇੱਕ ਹੋਕਾ ਹੈ। ਇੱਕ ਮੀਡੀਆ ਪੇਸ਼ੇਵਰ ਅਤੇ ਸਮਾਜਿਕ ਚਿੰਤਕ ਵਜੋਂ ਸਾਡਾ ਫ਼ਰਜ਼ ਹੈ ਕਿ ਅਸੀਂ ਅਜਿਹੇ ਮਸਲਿਆਂ 'ਤੇ ਗੰਭੀਰ ਸੰਵਾਦ ਛੇੜੀਏ।

